Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 79 Chief Editor : Chowdhary Prabhjit Singh, Editor : Chhatarpal Singh 98146-32807, Wednesday 9 September 2026 Price : 2 Rs. Page : 6

## ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਨੇ ਕੀਤੀ ਰਾਹੁਲ ਤੇ ਪ੍ਰਿਅੰਕਾ ਗਾਂਧੀ ਨਾਲ ਮੁਲਾਕਾਤ

**ਨਵੀਂ ਦਿੱਲੀ, 8 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ ਸਚਿਨ ਪਾਇਲਟ ਨੇ ਅੱਜ ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਨਾਲ ਮੁਲਾਕਾਤ ਕੀਤੀ। ਪੰਜਾਬ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਪਾਇਲਟ ਦੀ ਰਾਹੁਲ ਅਤੇ ਪ੍ਰਿਯੰਕਾ ਨਾਲ ਇਹ ਪਹਿਲੀ ਮੁਲਾਕਾਤ ਹੈ। ਉਨ੍ਹਾਂ ਇਸ ਸੰਬੰਧੀ ਜਾਣਕਾਰੀ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਸਾਂਝੀ ਕੀਤੀ ਹੈ। ਪੋਸਟ ਵਿਚ ਉਨ੍ਹਾਂ ਦੱਸਿਆ ਕਿ ਅੱਜ ਸਵੇਰੇ ਮੈਂ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ ਨਾਲ ਮੁਲਾਕਾਤ ਕੀਤੀ। ਉਨ੍ਹਾਂ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਉਨ੍ਹਾਂ ਮੈਨੂੰ ਪੰਜਾਬ ਦੀ ਜ਼ਿੰਮੇਵਾਰੀ ਸੌਂਪਣ ਲਈ ਮੈਂ ਉਨ੍ਹਾਂ ਦਾ ਧੰਨਵਾਦ ਕੀਤਾ। ਅੱਗੇ ਉਨ੍ਹਾਂ ਲਿਖਿਆ ਕਿ ਰਾਹੁਲ ਗਾਂਧੀ ਨੇ ਕਿਹਾ



ਕਿ ਮੈਨੂੰ ਪੂਰਾ ਵਿਸ਼ਵਾਸ ਹੈ ਕਿ ਸਮੂਹਿਕ ਯਤਨਾਂ, ਇਕ ਮਜ਼ਬੂਤ ? ?ਸੰਗਠਨ ਅਤੇ ਸਾਡੇ ਵਰਕਰਾਂ ਦੀ ਊਰਜਾ ਨਾਲ ਕਾਂਗਰਸ ਪੰਜਾਬ ਵਿਚ ਸੱਤਾ ਵਿੱਚ ਵਾਪਸੀ ਕਰੇਗੀ। ਪੰਜਾਬ ਦੇ ਉੱਜਵਲ ਭਵਿੱਖ ਲਈ, ਕਿਸਾਨਾਂ ਅਤੇ ਨੌਜਵਾਨਾਂ ਸਮੇਤ ਸਮਾਜ ਦੇ ਹਰ ਵਰਗ ਦੇ ਅਧਿਕਾਰਾਂ ਦੀ ਰੱਖਿਆ ਅਤੇ ਸਨਮਾਨ ਕਰਨ ਦੇ ਸਾਡੇ ਯਤਨ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਹੋਣਗੇ।

ਮੰਨਿਆ ਜਾ ਰਿਹਾ ਹੈ ਕਿ ਇਸ ਮੀਟਿੰਗ ਵਿਚ ਪੰਜਾਬ ਕਾਂਗਰਸ ਦੀ ਮੌਜੂਦਾ ਰਾਜਨੀਤਿਕ ਸਥਿਤੀ, ਚੋਣ ਰਣਨੀਤੀ ਅਤੇ ਪਾਰਟੀ ਆਗੂਆਂ ਵਿਚ ਚੱਲ ਰਹੀ ਧੜੇਬੰਦੀ ਬਾਰੇ ਚਰਚਾ ਕੀਤੀ ਗਈ। ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਦੇ ਇਸ ਮਹੀਨੇ ਪੰਜਾਬ ਆਉਣ ਦੀ ਉਮੀਦ ਹੈ। ਸੂਤਰਾਂ ਅਨੁਸਾਰ ਸਚਿਨ ਪਾਇਲਟ ਰਾਹੁਲ ਗਾਂਧੀ ਦੇ ਦੌਰੇ ਤੋਂ ਪਹਿਲਾਂ ਅਗਲੇ ਹਫ਼ਤੇ ਪੰਜਾਬ ਅਤੇ ਚੰਡੀਗੜ੍ਹ ਪਹੁੰਚਣਗੇ।

ਆਪਣੀ ਪਹਿਲੀ ਫੇਰੀ ਦੌਰਾਨ ਉਹ ਸੀਨੀਅਰ ਸੂਬਾ ਕਾਂਗਰਸ ਆਗੂਆਂ ਅਤੇ ਮੁੱਖ ਅਧਿਕਾਰੀਆਂ ਨਾਲ ਮੀਟਿੰਗਾਂ ਕਰਨਗੇ। ਇਸ ਮੀਟਿੰਗ ਤੋਂ ਬਾਅਦ ਰਾਹੁਲ ਗਾਂਧੀ ਦੇ ਪੰਜਾਬ ਦੌਰੇ ਦੇ ਸ਼ਡਿਊਲ ਨੂੰ ਅੰਤਿਮ ਰੂਪ ਦਿੱਤੇ ਜਾਣ ਦੀ ਸੰਭਾਵਨਾ ਹੈ। ਰਾਹੁਲ ਗਾਂਧੀ ਦੇ ਸਤੰਬਰ ਦੇ ਅਖੀਰ ਵਿਚ ਪੰਜਾਬ ਆਉਣ ਦੀ ਉਮੀਦ ਹੈ।

## ਦਿੱਲੀ 'ਚ ਮਨੀਪੁਰੀ ਗਾਇਕ ਚੌਂਗਥਮ ਵਿਕਰਮ ਸਿੰਘ ਦੇ ਕਤਲ ਨਾਲ ਉੱਤਰ-ਪੂਰਬੀ ਭਾਈਚਾਰੇ 'ਚ ਰੋਸ

**ਮਨੀਪੁਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਦੇ ਆਸ਼ਰਮ ਨੇੜਲੇ ਪਿੰਡ ਕਿਲੋਕਰੀ ਵਿਖੇ ਆਪਣੇ ਘਰ ਦੇ ਬਾਹਰ ਹੋ ਰਹੇ ਰੌਲੇ-ਰੱਪੇ ਅਤੇ ਹੰਗਾਮੇ ਦਾ ਵਿਰੋਧ ਕਰਨ 'ਤੇ ਮਨੀਪੁਰ ਦੇ 54 ਸਾਲਾ ਪ੍ਰਸਿੱਧ ਗਿਟਾਰਿਸਟ ਅਤੇ ਸੰਗੀਤ ਅਧਿਆਪਕ Chongtham Vikram Singh ਦੀ ਕੁੱਟਮਾਰ ਕਰਕੇ ਹੱਤਿਆ ਕਰ ਦਿੱਤੀ ਗਈ। ਇਸ ਦਰਦਨਾਕ ਘਟਨਾ ਨੇ ਉੱਤਰ-ਪੂਰਬੀ ਭਾਈਚਾਰੇ ਅਤੇ ਸੰਗੀਤ ਜਗਤ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਪੁਲੀਸ ਅਨੁਸਾਰ, ਵਿਕਰਮ ਸਿੰਘ ਨੇ ਆਪਣੇ ਘਰ ਦੇ ਸਾਹਮਣੇ ਡਿਲੀਵਰੀ ਬੁਆਇਜ਼ ਅਤੇ ਧਾਬੇ ਦੇ ਸਟਾਫ਼ ਵੱਲੋਂ ਕੀਤੀ ਜਾ ਰਹੀ ਹੂਟਿੰਗ ਤੇ ਰੌਲੇ 'ਤੇ ਇਤਰਾਜ਼ ਜਤਾਇਆ ਸੀ। ਜਦੋਂ ਉਹ ਹੇਠਾਂ ਆ ਕੇ ਉਨ੍ਹਾਂ ਨੂੰ ਰੋਕਣ ਲੱਗੇ ਤਾਂ ਮੁਲਜ਼ਮਾਂ ਨੇ ਉਨ੍ਹਾਂ 'ਤੇ ਥੱਪੜਾਂ ਨਾਲ ਹਮਲਾ ਕਰ ਦਿੱਤਾ। ਵਿਕਰਮ ਨੂੰ ਉਨ੍ਹਾਂ ਦੇ ਪੁੱਤਰ ਯਾਇਫਾਬਾ ਵੱਲੋਂ ਇਲਾਜ ਲਈ ਹੋਲੀ ਫੈਮਿਲੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਦਮ ਤੋੜ ਦਿੱਤਾ।

ਮਨੀਪੁਰੀ ਨੌਜਵਾਨਾਂ ਅਤੇ ਸਮਾਜਿਕ ਕਾਰਕੁਨਾਂ ਦੇ ਨਾਲ-ਨਾਲ ਸਿਆਸੀ ਆਗੂਆਂ ਨੇ ਵੀ ਇਸ ਘਟਨਾ ਦੀ ਕੜੀ ਨਿੰਦਾ ਕੀਤੀ ਹੈ।

## ਜਨਹਿਤ ਸਮਿਤੀ ਅਤੇ ਆਪਨਾ ਘਰ ਆਸ਼ਰਮ ਭਰਤਪੁਰ ਮਿਲ ਕੇ 25 ਅਕਤੂਬਰ ਨੂੰ ਬੇਸਹਾਰਾ ਮਰੀਜਾਂ ਲਈ ਖੋਲਣਗੇ ਆਸ਼ਰਮ



**ਪਟਿਆਲਾ, 8 ਸਤੰਬਰ**
**-ਜੀ. ਐਸ. ਤੁੰਗ-**

ਨਿਸ਼ਕਾਮ ਸਮਾਜ ਸੇਵਾ ਲਈ ਪ੍ਰਸਿੱਧ ਪਟਿਆਲਾ ਦੀ ਜਨਹਿਤ ਸਮਿਤੀ (ਰਜਿ.) ਸੰਸਥਾ ਹੁਣ ਦੁਨੀਆ ਦੀ ਸਭ ਤੋ ਵੱਡੀ ਮਨੁੱਖਤਾ ਦੀ ਸੇਵਾ ਕਰਨ ਵਾਲੀ ਸੰਸਥਾ ' ਆਪਣਾ ਘਰ ਆਸ਼ਰਮ ' ਭਰਤਪੁਰ (ਰਾਜਸਥਾਨ) ਨਾਲ ਮਿਲ ਕੇ ਪਟਿਆਲਾ ਸ਼ਹਿਰ ਦੇ ਪਿੰਡ ਰਾਏਪੁਰ ਮੰਡਲਾਂ ਵਿੱਚ ਲਾਵਾਰਸ, ਲਾਚਾਰ ਅਤੇ ਬਿਮਾਰ ਵਿਅਕਤੀਆਂ ਦੀ ਸਾਂਭ ਸੰਭਾਲ ਲਈ ਇੱਕ ' ਜਨਹਿਤ ਆਪਣਾ ਘਰ ਆਸ਼ਰਮ ਪਟਿਆਲਾ ' ਖੋਲਣ ਜਾ ਰਹੀ ਹੈ। ਜਨਹਿਤ ਸਮਿਤੀ ਦੇ ਪ੍ਰਧਾਨ ਸ਼੍ਰੀ ਐਸ ਕੇ ਗੌਤਮ ਅਤੇ ਫਾਉਂਡਰ ਮੈਂਬਰ ਅਨਿਲ ਕੁਮਾਰ ਭਾਰਤੀ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਬੰਧੀ ਜਨਹਿਤ ਸੰਮਤੀ ਜਨਰਲ ਸਕੱਤਰ ਵਿਨੋਦ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਸੀਨੀਅਰ ਮੈਂਬਰਾਂ ਦੀ ਟੀਮ ਵੱਲੋਂ ਆਪਣਾ ਘਰ ਆਸ਼ਰਮ ਭਰਤਪੁਰ ਦੇ ਸੰਸਥਾਪਕ ਡਾਕਟਰ ਬ੍ਰਿਜ ਮੋਹਨ ਭਾਰਤਵਾਜ, ਉਨ੍ਹਾਂ ਦੀ ਧਰਮ ਪਤਨੀ ਸ਼੍ਰੀ ਮਤੀ ਮਾਧੁਰੀ ਭਾਰਦਵਾਜ ਅਤੇ ਉਹਨਾਂ ਦੀ ਪੂਰੀ ਟੀਮ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਉਕਤ ਮਹਤਵਪੂਰਨ ਫੈਸਲਾ ਕੀਤਾ ਗਿਆ ਹੈ।

ਜਨਹਿਤ ਸਮਿਤੀ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਹੁਣ ਇਹ ਦੋਵੇਂ ਸੰਸਥਾਵਾਂ ਜ਼ਿਲ੍ਹਾ ਪਟਿਆਲਾ ਅਤੇ ਇਸਦੇ ਨੇੜਲੇ ਇਲਾਕਿਆਂ ਵਿੱਚ ਕਿਸੇ ਵੀ ਇਨਸਾਨ ਨੂੰ ਲਾਵਾਰਸ ਹਾਲਾਤਾਂ ਵਿੱਚ, ਲਾਚਾਰ ਹਾਲਤਾਂ ਵਿੱਚ ਭੁੱਖਾ ਤੇ ਪਿਆਸਾ ਮਰਨ ਨਹੀਂ ਦੇਣਗੀਆਂ। ਇਹ ਸੰਸਥਾਵਾਂ ਇਨ੍ਹਾਂ ਵਿਅਕਤੀਆਂ ਨੂੰ ਪ੍ਰਭੂ ਜੀ ਭਾਵ ਪਰਮਾਤਮਾ ਦਾ ਰੂਪ ਮੰਨਦੇ ਹੋਏ ਉਨ੍ਹਾਂ ਲਈ ਰੋਟੀ, ਕੱਪੜਾ ਅਤੇ ਮਕਾਨ ਦੇ ਨਾਲ - ਨਾਲ ਦਵਾਈਆਂ ਆਦਿ ਦਾ ਪ੍ਰਬੰਧ ਤਾਂ ਕਰਨਗੀਆਂ ਹੀ ਇਸ ਤੋਂ ਇਲਾਵਾ ਇਹਨਾਂ ਵਿਅਕਤੀਆਂ ਲਈ ਜਨਹਿੱਤ ਆਪਣਾ ਘਰ ਆਸ਼ਰਮ ਵਿਖੇ ਇੱਕ ਪਰਿਵਾਰਕ ਮਾਹੌਲ ਦਾ ਆਪਣਾਪਣ ਵੀ ਦੇਣਗੀਆਂ ਤਾਂ ਜੋ ਇਹ ਲੋਕ ਵੀ ਆਪਣੀ ਜ਼ਿੰਦਗੀ ਆਰਾਮਦਾਇਕ ਅਤੇ ਪਿਆਰ ਭਰੇ ਮਾਹੌਲ ਵਿੱਚ ਜੀ ਸਕਣ। ਇਸ ਮੌਕੇ ਤੇ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਅਤੇ ਡਾ. ਹਰੀ ਓਮ ਅੱਗਰਵਾਲ ਨੇ ਦੱਸਿਆ ਕਿ ਹੁਣ ਪਟਿਆਲੇ ਜ਼ਿਲ੍ਹੇ ਦੇ ਕਿਸੇ ਵੀ ਲਾਵਾਰਿਸ, ਬੇਸਹਾਰਾ ਮਰੀਜ਼ ਨੂੰ ਸੜਕਾਂ ਤੇ ਰੁਲਣ ਨਹੀਂ ਦਿੱਤਾ ਜਾਵੇਗਾ। ਇਨ੍ਹਾਂ ਮਰੀਜਾਂ ਦੇ ਪੂਰਨ ਇਲਾਜ ਉਪਰੰਤ ਇਨ੍ਹਾਂ ਦੇ ਪੁਨਰਵਾਸ ਲਈ ਇੰਤਜ਼ਾਮ ਕੀਤੇ ਜਾਣਗੇ। ਜਨਹਿਤ ਸਮਿਤੀ (ਰਜਿ.) ਪਟਿਆਲਾ ਵੱਲੋਂ ਇਸ ਮਿਸ਼ਨ ਦੀ ਕਾਮਯਾਬੀ ਲਈ ਡਾ. ਹਰੀ ਓਮ ਅੱਗਰਵਾਲ ਅਤੇ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਦਾ ਖ਼ਾਸ ਤੌਰ ਤੇ ਧੰਨਵਾਦ ਵੀ ਕੀਤਾ ਗਿਆ ਜਿਨ੍ਹਾਂ ਨੇ ਇਸ ਆਸ਼ਰਮ ਨੂੰ ਖੋਲ੍ਹਣ ਦੇ ਵਿਚਾਰ ਨੂੰ ਹਕੀਕੀ ਮੰਜ਼ਿਲ ਤੱਕ ਪੁਜਾਉਣ ਵਿੱਚ ਆਪਣਾ ਮਹਤਵਪੂਰਨ ਕਿਰਦਾਰ ਨਿਭਾਇਆ ਹੈ। ਇਸ ਮੌਕੇ ਤੇ ਆਯੋਜਤ ਸਾਂਝੀ ਮੀਟਿੰਗ ਵਿੱਚ ਆਪਣਾ ਘਰ ਆਸ਼ਰਮ ਭਰਤਪੁਰ ਰਾਜਸਥਾਨ ਦੇ ਬਾਨੀ ਡਾ. ਬ੍ਰਿਜ ਮੋਹਨ ਭਾਰਦਵਾਜ, ਸ਼੍ਰੀ ਮਤੀ ਮਾਧੁਰੀ ਭਾਰਦਵਾਜ, ਸ਼੍ਰੀ ਵੀਰ ਪਾਲ, ਸ਼੍ਰੀ ਚੰਦਰ ਸ਼ੇਖਰ ਗੁਪਤਾ, ਫ਼ਰੀਦਕੋਟ ਤੋਂ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਅਤੇ ਜਨਹਿਤ ਸਮਿਤੀ ਰਜਿ. ਪਟਿਆਲਾ ਦੇ ਜਨਰਲ ਸਕੱਤਰ ਸਟੇਟ ਐਵਾਰਡੀ ਵਿਨੋਦ ਕੁਮਾਰ ਸ਼ਰਮਾ, ਮੈਨੇਜਰ ਸਤੀਸ਼ ਜੋਸ਼ੀ, ਗਗਨਦੀਪ ਸਿੰਘ ਆਦਿ ਵੀ ਹਾਜਰ ਸਨ।




## ਭਗਵੰਤ ਮਾਨ ਸਰਕਾਰ ਦੀ ਟੈਕਸ ਚੋਰੀ ਵਿਰੁੱਧ ਕਾਰਵਾਈ: 22.53 ਕਰੋੜ ਰੁਪਏ ਦੀ ਟੈਕਸ ਚੋਰੀ ਦਾ ਪਰਦਾਫਾਸ਼, ਮੌਕੇ 'ਤੇ ਹੀ 9.50 ਕਰੋੜ ਰੁਪਏ ਨਕਦ ਬਰਾਮਦ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ 8 ਸਤੰਬਰ**
**-ਛਤਰਪਾਲ ਸਿੰਘ-**

ਟੈਕਸ ਚੋਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ 22 ਕਰੋੜ ਰੁਪਏ ਦੇ ਜੀ.ਐੱਸ.ਟੀ. (ਵਸਤਾਂ ਅਤੇ ਸੇਵਾਵਾਂ ਕਰ) ਦੀ ਚੋਰੀ ਦੇ ਇੱਕ ਵੱਡੇ ਰੈਕੇਟ ਦਾ ਪਰਦਾਫਾਸ਼ ਕਰਨ ਦਾ ਖੁਲਾਸਾ ਕੀਤਾ। ਉਨ੍ਹਾਂ ਦੱਸਿਆ ਕਿ ਮੰਡੀ ਗੋਬਿੰਦਗੜ੍ਹ ਸਥਿਤ ਇੱਕ ਫਰਮ ਵਿਰੁੱਧ ਪੰਜਾਬ ਕਰ ਵਿਭਾਗ ਵਿਭਾਗ ਦੇ ਇੰਟੈਲੀਜੈਂਸ-ਅਧਾਰਤ ਆਪ੍ਰੇਸ਼ਨ ਦੇ ਨਤੀਜੇ ਵਜੋਂ ਮੌਕੇ 'ਤੇ 9.50 ਕਰੋੜ ਰੁਪਏ ਦੀ ਨਕਦ ਬਰਾਮਦਗੀ ਹੋ ਚੁੱਕੀ ਹੈ, ਜੋ ਕਿ ਟੈਕਸ ਧੋਖਾਧੜੀ ਵਿਰੁੱਧ ਭਗਵੰਤ ਮਾਨ ਸਰਕਾਰ ਦੀ ਤਕਨਾਲੋਜੀ-ਸੰਚਾਲਿਤ ਅਤੇ ਜ਼ੀਰੋ-ਟਾਲਰੈਂਸ ਨੀਤੀ ਦੀ ਇੱਕ ਵੱਡੀ ਕਾਮਯਾਬੀ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਵਿਭਾਗ ਵੱਲੋਂ ਮੈਸਰਜ਼ ਜਗਤ ਮੈਟਲਜ਼ ਪ੍ਰਾਈਵੇਟ ਲਿਮਟਿਡ ਵਿਰੁੱਧ ਸਖ਼ਤ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਬਾਰੀਕੀ ਨਾਲ ਕੀਤੇ ਗਏ ਡੇਟਾ ਵਿਸ਼ਲੇਸ਼ਣ ਰਾਹੀਂ, ਸਾਡੇ ਟੈਕਸ ਅਧਿਕਾਰੀਆਂ ਨੇ ਪਾਇਆ ਕਿ ਇਸ ਕੰਪਨੀ ਨੇ ਲਗਭਗ 22.53 ਕਰੋੜ ਰੁਪਏ ਦੇ ਇਨਪੁਟ ਟੈਕਸ ਕ੍ਰੈਡਿਟ (ਆਈ.ਟੀ.ਸੀ.) ਦਾ ਗਲਤ ਦਾਅਵਾ ਕੀਤਾ ਸੀ। ਅਸੀਂ ਪਾਇਆ ਕਿ ਇਹ ਵੱਡੇ ਦਾਅਵੇ ਸਿੱਧੇ ਤੌਰ 'ਤੇ ਉਨ੍ਹਾਂ ਸਪਲਾਇਰਾਂ ਨਾਲ ਜੁੜੇ ਹੋਏ ਸਨ ਜਿਨ੍ਹਾਂ ਦੀਆਂ ਜੀ.ਐਸ.ਟੀ. ਰਜਿਸਟ੍ਰੇਸ਼ਨਾਂ ਨੂੰ ਸਬੰਧਤ ਅਧਿਕਾਰੀਆਂ ਦੁਆਰਾ ਪਹਿਲਾਂ ਹੀ ਰੱਦ ਕੀਤਾ ਜਾ ਚੁੱਕਾ ਸੀ। ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਵਿਭਾਗ ਨੇ ਜਿਵੇਂ-ਜਿਵੇਂ ਡੂੰਘਾਈ ਨਾਲ ਜਾਂਚ ਕੀਤੀ, ਇਹ ਸਪੱਸ਼ਟ ਹੋ ਗਿਆ ਕਿ ਪੂਰੀ ਸਪਲਾਈ ਚੇਨ ਤਾਸ਼ ਦੇ ਪੱਤਿਆਂ ਦੇ ਮਹਿਲ ਵਾਂਗ ਬਣੀ ਹੋਈ ਸੀ। ਉਨ੍ਹਾਂ ਕਿਹਾ, ਸਾਡੀ ਜਾਂਚ ਤੋਂ ਇਹ ਸਾਹਮਣੇ ਆਇਆ ਹੈ ਕਿ ਇਸ ਲੈਣ-ਦੇਣ ਦੀ ਲੜੀ ਵਿੱਚ ਵਿਚੋਲੇ ਸਪਲਾਇਰਾਂ ਨੇ ਖੁਦ ਰੱਦ ਕੀਤੇ ਡੀਲਰਾਂ ਤੋਂ ਭਾਰੀ ਆਈ.ਟੀ.ਸੀ. ਪ੍ਰਾਪਤ ਕੀਤਾ ਸੀ। ਇਸ ਤੋਂ ਲੈਣ-ਦੇਣ ਦੀ ਅਸਲੀਅਤ 'ਤੇ ਗੰਭੀਰ ਸਵਾਲ ਖੜ੍ਹੇ ਹੋਏ ਅਤੇ ਸੰਕੇਤ ਮਿਲਿਆ ਕਿ ਮਾਲ ਦੀ ਅਸਲ ਆਵਾਜਾਈ ਬਹੁਤ ਸ਼ੱਕੀ ਸੀ।

ਤੇਜ਼ ਇਨਫੋਰਸਮੈਂਟ ਕਾਰਵਾਈ ਦਾ ਵੇਰਵਾ ਦਿੰਦਿਆਂ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਰ ਵਿਭਾਗ ਦੀਆਂ ਟੀਮਾਂ ਸੂਬੇ ਦੇ ਮਾਲੀਏ ਨੂੰ ਸੁਰੱਖਿਅਤ ਕਰਨ ਲਈ ਦਿਨ-ਰਾਤ ਇੱਕ ਕਰ ਰਹੀਆਂ ਹਨ। ਉਨ੍ਹਾਂ ਦੱਸਿਆ, ਇਨ੍ਹਾਂ ਪੁਖ਼ਤਾ ਸੂਚਨਾਵਾਂ 'ਤੇ ਕਾਰਵਾਈ ਕਰਦਿਆਂ, ਸਾਡੇ ਵਿਭਾਗ ਨੇ 7 ਸਤੰਬਰ 2026 ਨੂੰ ਮੰਡੀ ਗੋਬਿੰਦਗੜ੍ਹ ਵਿਖੇ ਫਰਮ ਦੇ ਕਾਰੋਬਾਰੀ ਅਹਾਤੇ 'ਤੇ ਸਖ਼ਤ ਨਿਰੀਖਣ ਕੀਤਾ। ਤਲਾਸ਼ੀ ਦੇਰ ਰਾਤ ਤੱਕ ਜਾਰੀ ਰਹੀ। ਇਹ ਮਹਿਸੂਸ ਕਰਦਿਆਂ ਕਿ ਉਨ੍ਹਾਂ ਦੀ ਖੇਡ ਖਤਮ ਹੋ ਗਈ ਹੈ ਅਤੇ ਉਹ ਸਾਡੇ ਸਬੂਤਾਂ ਨਾਲ ਘਿਰ ਗਏ ਹਨ, ਸਬੰਧਤ ਧਿਰ ਨੇ ਮੌਕੇ 'ਤੇ ਹੀ 9.50 ਕਰੋੜ ਰੁਪਏ ਐਸ.ਜੀ.ਐਸ.ਟੀ. ਵਜੋਂ ਨਕਦ ਜਮ੍ਹਾ ਕਰਵਾ ਦਿੱਤੇ।

ਵਿੱਤ ਮੰਤਰੀ ਨੇ ਮਾਣ ਨਾਲ ਕਿਹਾ ਕਿ ਇਹ ਤੁਰੰਤ ਜਮ੍ਹਾਂ ਕਰਵਾਈ ਗਈ ਰਕਮ ਪੰਜਾਬ ਦੇ ਖੁਫੀਆ-ਅਧਾਰਤ



ਇਨਫੋਰਸਮੈਂਟ ਤੰਤਰ ਦੀ ਪ੍ਰਭਾਵਸ਼ੀਲਤਾ ਦਾ ਸਬੂਤ ਹੈ। ਉਨ੍ਹਾਂ ਕਿਹਾ, ਅਸੀਂ ਜਾਅਲੀ ਬਿਲਿੰਗ ਨੈਟਵਰਕਾਂ ਦੀ ਪਛਾਣ ਕਰਨ ਅਤੇ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਕਰਨ ਲਈ ਅਤਿ-ਆਧੁਨਿਕ ਡੇਟਾ ਵਿਸ਼ਲੇਸ਼ਣ ਅਤੇ ਤਕਨਾਲੋਜੀ-ਅਧਾਰਤ ਜਾਂਚਾਂ ਦੀ ਲਗਾਤਾਰ ਵਰਤੋਂ ਕਰ ਰਹੇ ਹਾਂ।

ਸ਼ੁਰੂਆਤੀ ਬਰਾਮਦਗੀ ਬਾਰੇ ਜਾਣਕਾਰੀ ਦਿੰਦਿਆਂ, ਹਰਪਾਲ ਸਿੰਘ ਚੀਮਾ ਨੇ ਸਪੱਸ਼ਟ ਕੀਤਾ ਕਿ ਵਿਭਾਗ ਬਕਾਇਆ ਰਕਮ ਦੀ ਵਸੂਲੀ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਿਹਾ। ਉਨ੍ਹਾਂ ਕਿਹਾ, ਕੁੱਲ ਟੈਕਸ ਚੋਰੀ ਲਗਭਗ 22 ਕਰੋੜ ਰੁਪਏ ਹੈ, ਅਤੇ ਸਾਨੂੰ ਉਮੀਦ ਹੈ ਕਿ ਚੱਲ ਰਹੀ ਕਾਰਵਾਈ ਦੌਰਾਨ ਬਾਕੀ ਰਕਮ ਨਿਯਮਾਂ ਅਨੁਸਾਰ ਜਮ੍ਹਾਂ ਕਰਵਾ ਦਿੱਤੀ ਜਾਵੇਗੀ। ਇਸ ਨੈੱਟਵਰਕ ਦੀ ਤਹਿ ਤੱਕ ਜਾਣ ਲਈ, ਸਾਡੀਆਂ ਟੀਮਾਂ ਵਰਤਮਾਨ ਵਿੱਚ ਮਾਲ ਦੀ ਅਸਲ ਰਸੀਦ, ਟੈਕਸ ਚਲਾਨਾਂ ਦੀ ਪ੍ਰਮਾਣਿਕਤਾ, ਸੰਬੰਧਿਤ ਈ-ਵੇਅ ਬਿੱਲਾਂ, ਵਾਹਨਾਂ ਦੇ ਰਿਕਾਰਡ, ਵਜ਼ਨ ਪਰਚੀਆਂ, ਬੈਂਕਿੰਗ ਲੈਣ-ਦੇਣ, ਅਤੇ ਪੂਰੇ ਵਿੱਤੀ ਲੈਣ-ਦੇਣ ਦੀ ਬਾਰੀਕੀ ਨਾਲ ਜਾਂਚ ਕਰ ਰਹੀਆਂ ਹਨ।

ਸੂਬੇ ਦੇ ਖਜ਼ਾਨੇ ਦੀ ਰਾਖੀ ਲਈ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਵਿੱਤ ਮੰਤਰੀ ਨੇ ਸਖ਼ਤ ਚੇਤਾਵਨੀ ਦਿੱਤੀ। ਉਨ੍ਹਾਂ ਕਿਹਾ, ਪੰਜਾਬ ਸਰਕਾਰ ਟੈਕਸ ਚੋਰੀ ਅਤੇ ਧੋਖਾਧੜੀ ਵਾਲੇ ਆਈ.ਟੀ.ਸੀ. ਲੈਣ-ਦੇਣ ਪ੍ਰਤੀ ਜ਼ੀਰੋ ਟਾਲਰੈਂਸ ਦੀ ਨੀਤੀ 'ਤੇ ਕਾਇਮ ਹੈ। ਇਮਾਨਦਾਰ ਅਤੇ ਨਿਯਮਾਂ ਦੀ ਪਾਲਣਾ ਕਰਨ ਵਾਲੇ ਟੈਕਸ ਦਾਤਾਵਾਂ ਨੂੰ ਹਮੇਸ਼ਾ ਸਹੂਲਤ ਮਿਲੇਗੀ ਅਤੇ ਉਨ੍ਹਾਂ ਨੂੰ ਸਾਡਾ ਪੂਰਾ ਸਹਿਯੋਗ ਮਿਲੇਗਾ। ਹਾਲਾਂਕਿ, ਜਿਹੜੇ ਲੋਕ ਸਾਡੀਆਂ ਅੱਖਾਂ ਵਿੱਚ ਘੱਟਾ ਪਾਉਣ ਦੀ ਕੋਸ਼ਿਸ਼ ਕਰਨਗੇ, ਉਨ੍ਹਾਂ ਨੂੰ ਇਸ ਦੇ ਨਤੀਜੇ ਭੁਗਤਣੇ ਪੈਣਗੇ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।

## ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਮਜ਼ਦੂਰ ਦੀ ਇਲਾਜ ਦੌਰਾਨ ਮੌਤ

**ਸੰਗਰੂਰ, 8 ਸਤੰਬਰ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੜ੍ਹਬਾ ਹਲਕੇ ਦੇ ਪਿੰਡ ਤੂਰਬੰਜ਼ਾਰਾ ਵਿਖੇ ਇੱਕ ਮੰਤਰੀ ਦੇ ਸਮਾਗਮ ਦੌਰਾਨ ਨਸ਼ੇ ਦਾ ਮੁੱਦਾ ਉਠਾਉਣ ਵਾਲੇ ਮਜ਼ਦੂਰ ਗੁਲਜ਼ਾਰ ਸਿੰਘ (ਜਿਸ ਨੇ ਪੰਚਾਇਤ ਦੇ ਨੁਮਾਇੰਦਿਆਂ ਵੱਲੋਂ ਧਮਕਾਉਣ ਮਗਰੋਂ ਸਲਫ਼ਾਸ ਨਿਗਲ ਲਈ ਸੀ) ਦੀ



ਡੀਐੱਮਸੀ ਲੁਧਿਆਣਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ ਹੈ। ਮ੍ਰਿਤਕ ਗੁਲਜ਼ਾਰ ਸਿੰਘ ਦੀ ਦੇਹ ਪੋਸਟਮਾਰਟਮ ਲਈ ਸਥਾਨਕ ਸਿਵਲ ਹਸਪਤਾਲ ਵਿਖੇ ਲਿਆਂਦੀ ਜਾ ਚੁੱਕੀ ਹੈ। ਸਿਵਲ ਹਸਪਤਾਲ ਵਿਖੇ ਭਾਰੀ ਪੁਲੀਸ ਫੋਰਸ ਤਾਇਨਾਤ ਕਰ ਦਿੱਤੀ ਗਈ ਹੈ। ਸਿਵਲ ਹਸਪਤਾਲ ਵਿਖੇ ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਜਥੇਬੰਦੀਆਂ ਦੇ ਆਗੂ ਪੁੱਜਣੇ ਸ਼ੁਰੂ ਹੋ ਗਏ ਹਨ।

ਉਧਰ ਮ੍ਰਿਤਕ ਗੁਲਜ਼ਾਰ ਸਿੰਘ ਦੇ ਪੁੱਤਰ ਲਖਵਿੰਦਰ ਸਿੰਘ ਉਰਫ਼ ਲੱਖਾ ਦੇ ਬਿਆਨਾਂ 'ਤੇ ਪੁਲੀਸ ਨੇ ਥਾਣਾ ਦਿੜ੍ਹਬਾ ਵਿੱਚ ਪਿੰਡ ਤੂਰਬੰਜ਼ਾਰਾ ਦੀ ਸਰਪੰਚ ਬਲਜਿੰਦਰ ਕੌਰ, ਉਸ ਦੇ ਪਤੀ ਬਲਜੀਤ ਸਿੰਘ, ਸੁਖਦੇਵ ਸਿੰਘ ਉਰਫ਼ ਸੁੱਖਾ, ਵਿੱਕੀ ਸਿੰਘ ਪੰਚ ਅਤੇ ਗੋਨਾ ਸਿੰਘ ਵਾਸੀਆਨ ਤੂਰਬੰਜ਼ਾਰਾ ਦੇ ਖ਼ਿਲਾਫ਼ ਜ਼ੇਰ ਧਾਰਾ 108 ਬੀ.ਐੱਨ.ਐੱਸ., ਸੈਕਸ਼ਨ C(A)(r)(s) ਐੱਸ.ਸੀ./ਐੱਸ.ਟੀ. ਐਕਟ ਤਹਿਤ ਕੇਸ ਦਰਜ ਕਰ ਲਿਆ ਹੈ।

ਜ਼ਿਕਰਯੋਗ ਹੈ ਕਿ 6 ਸਤੰਬਰ ਨੂੰ ਪਿੰਡ ਤੂਰਬੰਜ਼ਾਰਾ ਵਿਖੇ ਇੱਕ ਮੰਤਰੀ ਦੇ ਸਮਾਗਮ ਦੌਰਾਨ ਪਿੰਡ ਦੇ ਦਲਿਤ ਭਾਈਚਾਰੇ ਨਾਲ ਸਬੰਧਤ ਮਜ਼ਦੂਰ ਗੁਲਜ਼ਾਰ ਸਿੰਘ ਨੇ ਮੁੱਦਾ ਉਠਾਇਆ ਸੀ ਕਿ ਉਸ ਦਾ ਲੜਕਾ ਚਿੱਟਾ ਨਸ਼ਾ ਕਰਦਾ ਹੈ, ਜਿਸ ਨੇ ਘਰ ਦਾ ਸਾਰਾ ਸਮਾਨ ਵੇਚ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਪਿੰਡ ਦੇ ਕੁੱਝ ਵਿਅਕਤੀਆਂ ਵੱਲੋਂ ਮਜ਼ਦੂਰ ਨੂੰ ਧਮਕਾਇਆ ਗਿਆ।

ਮਰਨ ਤੋਂ ਪਹਿਲਾਂ ਇੱਕ ਵੀਡੀਓ ਬਿਆਨ ਵਿੱਚ ਗੁਲਜ਼ਾਰ ਸਿੰਘ ਨੇ ਦੋਸ਼ ਲਾਇਆ ਸੀ ਕਿ ਉਸ ਨੂੰ ਪੰਚਾਇਤ ਦੇ ਨੁਮਾਇੰਦਿਆਂ ਵੱਲੋਂ ਕਿਹਾ ਗਿਆ ਕਿ ਉਹ ਪੰਚਾਇਤ ਵਿੱਚ ਆ ਕੇ ਮੁਆਫ਼ੀ ਮੰਗੇ। ਉਹ ਪੰਚਾਇਤ ਵਿੱਚ ਨਹੀਂ ਗਿਆ ਸਗੋਂ ਉਸ ਨੇ ਡਰਦਿਆਂ ਸਲਫ਼ਾਸ ਨਿਗਲ ਲਈ। ਪਹਿਲਾਂ ਉਸ ਨੂੰ ਸੰਗਰੂਰ ਹਸਪਤਾਲ ਲਿਆਂਦਾ ਗਿਆ, ਫਿਰ ਪਟਿਆਲਾ ਰੈਫ਼ਰ ਕਰ ਦਿੱਤਾ ਗਿਆ। ਇਸ ਮਗਰੋਂ ਫਿਰ ਸੰਗਰੂਰ ਦੇ ਇੱਕ ਨਿੱਜੀ ਹਸਪਤਾਲ ਲਿਆਂਦਾ ਗਿਆ, ਜਿੱਥੋਂ ਡੀਐੱਮਸੀ ਲੁਧਿਆਣਾ ਰੈਫ਼ਰ ਕਰ ਦਿੱਤਾ ਗਿਆ, ਜਿੱਥੇ ਬੀਤੀ ਰਾਤ ਉਸ ਦੀ ਮੌਤ ਹੋ ਗਈ। ਮ੍ਰਿਤਕ ਦੇ ਭਰਾ ਬਿੱਕਰ ਸਿੰਘ ਨੇ ਵੀ ਆਪਣੇ ਭਰਾ ਦੇ ਬਿਆਨਾਂ ਦੀ ਪੁਸ਼ਟੀ ਕੀਤੀ ਹੈ। ਅੱਜ ਸਿਵਲ ਹਸਪਤਾਲ ਵਿੱਚ ਪੋਸਟਮਾਰਟਮ ਮਗਰੋਂ ਉਸ ਦੀ ਦੇਹ ਨੂੰ ਪਿੰਡ ਲਿਜਾਇਆ ਜਾਵੇਗਾ।

ਇਸ ਘਟਨਾ ਮਗਰੋਂ ਸੂਬੇ ਦੀ ਸਿਆਸਤ ਵੀ ਗਰਮਾ ਗਈ ਹੈ। ਕਾਂਗਰਸ ਆਗੂ ਚਰਨਜੀਤ ਸਿੰਘ ਚੰਨੀ, ਸੁਖਪਾਲ ਸਿੰਘ ਖਹਿਰਾ ਅਤੇ ਬਿਕਰਮ ਸਿੰਘ ਮਜੀਠੀਆ ਸਮੇਤ ਅਨੇਕਾਂ ਆਗੂਆਂ ਵੱਲੋਂ ਸਰਕਾਰ ਨੂੰ ਘੇਰਿਆ ਗਿਆ ਹੈ। ਇਸ ਮੌਕੇ ਸਿਵਲ ਹਸਪਤਾਲ ਵਿੱਚ ਮੌਜੂਦ ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਆਗੂ ਵਿਨਰਜੀਤ ਸਿੰਘ ਗੋਲਡੀ, ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਚਮਨਦੀਪ ਸਿੰਘ ਮਿਲਖੀ, ਭਾਜਪਾ ਆਗੂ ਰਣਦੀਪ ਸਿੰਘ ਦਿਓਲ, ਕਾਂਗਰਸ ਆਗੂ ਜਗਦੇਵ ਗਾਗਾ ਨੇ ਮੰਗ ਕੀਤੀ ਹੈ ਕਿ ਇੱਕ ਮੰਤਰੀ ਨੂੰ ਕੇਸ ਵਿੱਚ ਨਾਮਜ਼ਦ ਕੀਤਾ ਜਾਵੇ ਕਿਉਂਕਿ ਮਜ਼ਦੂਰ ਗੁਲਜ਼ਾਰ ਸਿੰਘ ਨੇ ਮਰਨ ਤੋਂ ਪਹਿਲਾਂ ਵੀਡੀਓ ਬਿਆਨ ਜਾਰੀ ਕਰਕੇ ਚੀਮਾ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਹੈ।

## ਹਰਜੀਤ ਸਿੰਘ ਗਰੇਵਾਲ ਵੱਲੋਂ ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ ਸ੍ਰੀ ਮੋਹਨਜੀਤ ਸਿੰਘ ਨਾਲ ਮੁਲਾਕਾਤ

**ਪਟਿਆਲਾ, 8 ਸਤੰਬਰ**
**-ਛਤਰਪਾਲ ਸਿੰਘ-**

ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਮਾਨਯੋਗ ਚੇਅਰਮੈਨ ਸ੍ਰੀ ਹਰਜੀਤ ਸਿੰਘ ਗਰੇਵਾਲ ਨੇ ਅੱਜ ਰਾਜਿੰਦਰਾ ਹਸਪਤਾਲ, ਪਟਿਆਲਾ ਦਾ ਦੌਰਾ ਕਰਕੇ ਸਿੱਖ ਘੱਟ ਗਿਣਤੀ ਭਾਈਚਾਰੇ ਨਾਲ ਸਬੰਧਤ ਅਤੇ ਪਿੰਡ ਸ਼ੇਰੋਂ, ਜ਼ਿਲ੍ਹਾ ਸੰਗਰੂਰ ਦੇ ਵਸਨੀਕ ਸ੍ਰੀ ਮੋਹਨਜੀਤ ਸਿੰਘ ਨਾਲ ਮੁਲਾਕਾਤ ਕੀਤੀ, ਜੋ ਇਸ ਸਮੇਂ ਹਸਪਤਾਲ ਵਿੱਚ ਇਲਾਜ ਅਧੀਨ ਹਨ।

ਮਾਨਯੋਗ ਚੇਅਰਮੈਨ ਨੇ ਸ੍ਰੀ ਮੋਹਨਜੀਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ ਅਤੇ ਘਟਨਾ ਸਬੰਧੀ ਉਨ੍ਹਾਂ ਦੀ ਗੱਲ ਸੁਣੀ। ਉਨ੍ਹਾਂ ਨੇ ਕਮਿਸ਼ਨ ਕੋਲ ਦਰਜ ਕਰਵਾਈ ਗਈ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਅਤੇ ਘਟਨਾ ਨਾਲ ਸਬੰਧਤ ਹਾਲਾਤਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ।

ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਨੂੰ ਸ੍ਰੀ ਮੋਹਨਜੀਤ ਸਿੰਘ ਦੇ ਪਰਿਵਾਰਕ ਮੈਂਬਰਾਂ ਵੱਲੋਂ ਨੂੰ ਸ਼ਿਕਾਇਤ ਪ੍ਰਾਪਤ ਹੋਈ ਸੀ। ਇਹ ਸ਼ਿਕਾਇਤ 02.09.2026 ਨੂੰ ਪਿੰਡ ਸ਼ੇਰੋਂ, ਸੁਨਾਮ, ਪੰਜਾਬ ਵਿਖੇ ਹੋਏ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵਾਪਰੀ ਘਟਨਾ ਨਾਲ ਸਬੰਧਤ ਹੈ।

ਸ਼ਿਕਾਇਤ ਅਨੁਸਾਰ, ਸ੍ਰੀ ਮੋਹਨਜੀਤ ਸਿੰਘ ਵੱਲੋਂ ਰਾਜ ਵਿੱਚ ਨਸ਼ਿਆਂ ਦੀ ਸਮੱਸਿਆ ਦੇ ਵਿਰੋਧ ਦੇ ਪ੍ਰਤੀਕ ਵਜੋਂ ਕਥਿਤ ਤੌਰ 'ਤੇ ਕਾਲਾ ਝੰਡਾ ਦਿਖਾਇਆ ਗਿਆ ਸੀ। ਸ਼ਿਕਾਇਤ ਵਿੱਚ ਦੋਸ਼ ਲਗਾਇਆ



ਗਿਆ ਹੈ ਕਿ ਇਸ ਤੋਂ ਬਾਅਦ ਉਨ੍ਹਾਂ ਨੂੰ ਪੁਲਿਸ ਹਿਰਾਸਤ ਵਿੱਚ ਲਿਆ ਗਿਆ ਅਤੇ ਉਨ੍ਹਾਂ ਨਾਲ ਕਥਿਤ ਤੌਰ 'ਤੇ ਕੁੱਟਮਾਰ ਅਤੇ ਤਸ਼ੱਦਦ ਕੀਤਾ ਗਿਆ, ਜਿਸ ਵਿੱਚ ਸੱਟਾਂ ਮਾਰਨ ਅਤੇ ਬਿਜਲੀ ਦੇ ਝਟਕੇ ਦੇਣ ਵਰਗੇ ਗੰਭੀਰ ਦੋਸ਼ ਸ਼ਾਮਲ ਹਨ। ਸ਼ਿਕਾਇਤ ਵਿੱਚ ਉਨ੍ਹਾਂ ਦੀ ਧਾਰਮਿਕ ਪਹਿਚਾਣ ਅਤੇ ਧਾਰਮਿਕ ਮਰਯਾਦਾ ਨਾਲ ਸਬੰਧਤ ਗੰਭੀਰ ਦੋਸ਼ ਵੀ ਲਗਾਏ ਗਏ ਹਨ, ਜਿਨ੍ਹਾਂ ਵਿੱਚ ਕਥਿਤ ਤੌਰ 'ਤੇ ਉਨ੍ਹਾਂ ਦਾ ਜੂੜਾ ਜ਼ਬਰਦਸਤੀ ਖੋਲ੍ਹਣਾ ਅਤੇ ਵਾਲਾਂ ਤੇ ਦਾੜ੍ਹੀ ਨੂੰ ਖਿੱਚਣਾ ਸ਼ਾਮਲ ਹੈ। ਇਸ ਤੋਂ ਇਲਾਵਾ, ਪੁਲਿਸ ਕਰਮਚਾਰੀਆਂ ਵੱਲੋਂ ਉਨ੍ਹਾਂ ਦੀ ਮਾਤਾ ਅਤੇ ਭੈਣ ਨਾਲ ਕਥਿਤ ਦੁਰਵਿਵਹਾਰ ਦੇ ਦੋਸ਼ ਵੀ ਲਗਾਏ ਗਏ ਹਨ।

ਮਾਨਯੋਗ ਚੇਅਰਮੈਨ ਨੇ ਸ੍ਰੀ ਮੋਹਨਜੀਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਘਟਨਾ ਨਾਲ ਸਬੰਧਤ ਤੱਥਾਂ ਅਤੇ ਹਾਲਾਤਾਂ ਬਾਰੇ ਜਾਣਕਾਰੀ ਲਈ।

ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਵੱਲੋਂ ਇਸ ਸ਼ਿਕਾਇਤ ਦਾ ਪਹਿਲਾਂ ਹੀ ਨੋਟਿਸ ਲੈਂਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਨੂੰ ਪੱਤਰ ਲਿਖ ਕੇ 10 ਦਿਨਾਂ ਦੇ ਅੰਦਰ ਵਿਸਥਾਰਪੂਰਵਕ ਰਿਪੋਰਟ ਮੰਗੀ ਗਈ ਹੈ। ਕਮਿਸ਼ਨ ਵੱਲੋਂ ਮਾਮਲੇ ਦੀ ਤੱਥਾਤਮਕ ਸਥਿਤੀ, ਹੁਣ ਤੱਕ ਕੀਤੀ ਗਈ ਕਾਰਵਾਈ, ਜਾਂਚ/ਕਾਰਵਾਈ ਦੀ ਮੌਜੂਦਾ ਸਥਿਤੀ ਅਤੇ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਸਬੰਧੀ ਹੋਰ ਲੋੜੀਂਦੀ ਜਾਣਕਾਰੀ ਮੰਗੀ ਗਈ ਹੈ।

ਪੰਜਾਬ ਪੁਲਿਸ ਵੱਲੋਂ ਪ੍ਰਾਪਤ ਰਿਪੋਰਟ ਅਤੇ ਉਪਲਬਧ ਰਿਕਾਰਡ ਦਾ ਕਮਿਸ਼ਨ ਵੱਲੋਂ ਵਿਸਥਾਰ ਨਾਲ ਅਧਿਐਨ ਕੀਤਾ ਜਾਵੇਗਾ ਅਤੇ ਕਮਿਸ਼ਨ ਆਪਣੇ ਕਾਨੂੰਨੀ ਅਧਿਕਾਰ ਖੇਤਰ ਅਨੁਸਾਰ ਅਗਲੀ ਢੁੱਕਵੀਂ ਕਾਰਵਾਈ ਬਾਰੇ ਫੈਸਲਾ ਲਵੇਗਾ।

## ਮਹੈਣ ਵਿਖੇ ਲੋਕ ਮਿਲਣੀ ਦੌਰਾਨ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

**ਸ੍ਰੀ ਆਨੰਦਪੁਰ ਸਾਹਿਬ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਬਨਿਟ ਮੰਤਰੀ ਪੰਜਾਬ ਸਰਕਾਰ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਪਿੰਡ ਮਹੈਣ ਵਿਖੇ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਸਰਕਾਰੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਲੋਕ ਮਿਲਣੀ ਦੌਰਾਨ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਗਏ, ਜਿਨ੍ਹਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਜਲਦ ਕਾਰਵਾਈ ਦਾ ਭਰੋਸਾ ਦਿੱਤਾ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਪਿੰਡ ਮਹੈਣ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਵੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਹੀ ਮੁੱਢਲੀਆਂ ਸਿਹਤ ਸਹੂਲਤਾਂ, ਲੋੜੀਂਦੇ ਟੈਸਟ ਅਤੇ ਦਵਾਈਆਂ ਦੀਆਂ ਸੇਵਾਵਾਂ ਉਪਲਬਧ ਕਰਵਾਉਣ ਵੱਲ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਲਈ ਦੂਰ-ਦੁਰਾਡੇ ਜਾਣ ਦੀ ਲੋੜ ਨਾ ਪਵੇ, ਇਸ ਲਈ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਮੁੱਖ ਮੰਤਵ ਸੂਬੇ ਦੇ ਬਜ਼ੁਰਗਾਂ, ਧਾਰਮਿਕ ਸ਼ਰਧਾਲੂਆਂ ਅਤੇ ਆਮ ਲੋਕਾਂ ਨੂੰ ਤੀਰਥ ਅਸਥਾਨਾਂ ਦੀ ਯਾਤਰਾ ਲਈ ਸੁਚੱਜੀਆਂ ਅਤੇ ਸੁਰੱਖਿਅਤ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਤੋਂ ਇਲਾਵਾ ਹਰਜੋਤ ਬੈਂਸ ਨੇ ਪਿੰਡ ਦੇ ਟੋਭੇ ਦੇ ਨਵੀਨੀਕਰਨ ਕਾਰਜ ਦੀ ਸ਼ੁਰੂਆਤ ਵੀ ਕਰਵਾਈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਵਾਤਾਵਰਣ ਅਤੇ ਸਾਫ਼-ਸਫ਼ਾਈ ਨਾਲ ਜੁੜੇ ਕਾਰਜਾਂ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਟੋਭੇ ਦੇ ਨਵੀਨੀਕਰਨ ਨਾਲ ਪਿੰਡ ਵਾਸੀਆਂ ਨੂੰ ਜਿੱਥੇ ਬਿਹਤਰ ਸਹੂਲਤ ਮਿਲੇਗੀ, ਉੱਥੇ ਪਿੰਡ ਦੀ ਸੁੰਦਰਤਾ ਵਿੱਚ ਵੀ ਵਾਧਾ ਹੋਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਨੂੰ ਨਿਰਧਾਰਤ ਮਾਪਦੰਡਾਂ ਅਨੁਸਾਰ ਸਮੇਂ ਸਿਰ ਮੁਕੰਮਲ



ਕੀਤਾ ਜਾਵੇ। ਕੈਬਨਿਟ ਮੰਤਰੀ ਵੱਲੋਂ ਇਸ ਮੌਕੇ ਪਿੰਡ ਦੇ ਵਿਕਾਸ ਕਾਰਜਾਂ ਲਈ 10 ਲੱਖ ਰੁਪਏ ਦਾ ਚੈੱਕ ਵੀ ਭੇਂਟ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ, ਸਾਫ਼-ਸਫ਼ਾਈ, ਪੀਣ ਵਾਲਾ ਪਾਣੀ, ਸਿਹਤ, ਸਿੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕਰਕੇ ਪਿੰਡਾਂ ਦੀ ਤਸਵੀਰ ਬਦਲਣ ਲਈ ਸਰਕਾਰ ਵਚਨਬੱਧ ਹੈ।

ਹਰਜੋਤ ਬੈਂਸ ਨੇ ਕਿਹਾ ਕਿ ਪਿੰਡਾਂ ਦਾ ਸਰਵਪੱਖੀ ਵਿਕਾਸ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦਾ ਹੱਲ ਕਰਨ ਲਈ ਅਜਿਹੀਆਂ ਲੋਕ ਮਿਲਣੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਬਣਿਆ ਰਹੇ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਇਲਾਕੇ ਦੇ ਵਿਕਾਸ ਲਈ ਲੋੜੀਂਦੇ ਹੋਰ ਕੰਮ ਵੀ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ। ਇਸ ਮੌਕੇ ਸੁਖਵੀਰ ਸਿੰਘ ਮਹੈਣ, ਕਮਲਜੀਤ ਸਿੰਘ ਸਰਪੰਚ ਮਹੈਣ , ਗੁਰਮੀਤ ਸਿੰਘ ਢੇਰ, ਅੰਕੁਸ਼ ਪਾਠਕ, ਜਗਤਾਰ ਸਿੰਘ , ਭੁਪਿੰਦਰ ਸਿੰਘ, ਸੁਰਜੀਤ ਸਿੰਘ ਪੰਚ , ਕਾਲਾ ਮਹੈਣ ਹਾਜ਼ਰ ਸਨ।

## ਸੰਪਾਦਕੀ

# ਸਕਰੀਨ ਤੋਂ ਥੋੜ੍ਹਾ ਦੂਰ, ਜ਼ਿੰਦਗੀ ਦੇ ਥੋੜ੍ਹਾ ਨੇੜੇ

ਅੱਜ ਹਰ ਮਨੁੱਖ ਦੀ ਸਵੇਰ ਅੱਖ ਖੁੱਲ੍ਹਣ ਤੋਂ ਪਹਿਲਾਂ ਹੀ ਮੋਬਾਈਲ ਦੀ ਸਕਰੀਨ ਨਾਲ ਸ਼ੁਰੂ ਹੁੰਦੀ ਹੁੰਦੀ ਹੈ ਅਤੇ ਰਾਤ ਨੂੰ ਨੀਂਦ ਆਉਣ ਤੋਂ ਪਹਿਲਾਂ ਵੀ ਆਖਰੀ ਨਜ਼ਰ ਉਸੇ ਸਕਰੀਨ 'ਤੇ ਹੁੰਦੀ ਹੈ। ਖ਼ਬਰਾਂ, ਸੋਸ਼ਲ ਮੀਡੀਆ, ਕੰਮ, ਮਨੋਰੰਜਨ, ਬੈਂਕਿੰਗ ਅਤੇ ਸੰਚਾਰ—ਜੀਵਨ ਦਾ ਵੱਡਾ ਹਿੱਸਾ ਹੁਣ ਡਿਜ਼ੀਟਲ ਹੋ ਗਿਆ ਹੈ। ਭਾਰਤ ਵਿੱਚ 2025 ਦੌਰਾਨ 806 ਮਿਲੀਅਨ ਇੰਟਰਨੈੱਟ ਵਰਤਣ ਵਾਲੇ ਸਨ ਅਤੇ 85.5 ਫ਼ੀਸਦੀ ਘਰਾਂ ਵਿੱਚ ਘੱਟੋ-ਘੱਟ ਇੱਕ ਸਮਾਰਟਫੋਨ ਮੌਜੂਦ ਸੀ। 15-29 ਸਾਲ ਦੇ ਲਗਭਗ 97.1 ਫ਼ੀਸਦੀ ਨੌਜਵਾਨਾਂ ਨੇ ਮੋਬਾਈਲ ਵਰਤਣ ਦੀ ਜਾਣਕਾਰੀ ਦਿੱਤੀ।

ਦੋਸ਼ੀ ਤਕਨਾਲੋਜੀ ਨਹੀਂ, ਤਕਨਾਲੋਜੀ ਨਾਲ ਸਾਡਾ ਬੇਕਾਬੂ ਰਿਸ਼ਤਾ ਹੈ। ਹਰ ਨੋਟੀਫਿਕੇਸ਼ਨ ਦਿਮਾਗ ਨੂੰ ਨਵੀਂ ਜਾਣਕਾਰੀ ਵੱਲ ਮੋੜਦਾ ਹੈ। ਲਗਾਤਾਰ ਸੁਨੇਹੇ, ਈਮੇਲ, ਰੀਲਾਂ ਅਤੇ ਖ਼ਬਰਾਂ ਮਨ ਨੂੰ ਆਰਾਮ ਦੀ ਥਾਂ ਹਮੇਸ਼ਾ sachet ਰੱਖਦੀਆਂ ਹਨ। ਇਸ ਦਾ ਨਤੀਜਾ ਚਿੜਚਿੜਾਪਣ, ਧਿਆਨ ਭਟਕਣਾ, ਮਾਨਸਿਕ ਥਕਾਵਟ ਅਤੇ ਤਣਾਅ ਦੇ ਰੂਪ ਵਿੱਚ ਸਾਹਮਣੇ ਆਉਂਦਾ ਹੈ। ਸਭ ਤੋਂ ਵੱਡਾ ਨੁਕਸਾਨ ਨੀਂਦ ਨੂੰ ਹੁੰਦਾ ਹੈ। 41,716 ਲੋਕਾਂ ਨੂੰ ਸ਼ਾਮਲ ਕਰਦੀ 55 ਅਧਿਐਨਾਂ ਦੀ ਇੱਕ ਮੈਟਾ-ਪੜਚੋਲ ਨੇ ਇਲੈਕਟ੍ਰਾਨਿਕ ਮੀਡੀਆ ਦੀ ਵਰਤੋਂ ਅਤੇ ਘੱਟ ਨੀਂਦ-ਗੁਣਵੱਤਾ ਵਿਚਕਾਰ ਮਹੱਤਵਪੂਰਨ ਸਬੰਧ ਦਰਸਾਇਆ। ਨੀਂਦ ਖ਼ਰਾਬ ਹੋਵੇ ਤਾਂ ਅਗਲੇ ਦਿਨ ਧਿਆਨ, ਮੂਡ, ਉਤਪਾਦਕਤਾ ਅਤੇ ਫ਼ੈਸਲਾ ਲੈਣ ਦੀ ਸਮਰੱਥਾ ਵੀ ਪ੍ਰਭਾਵਿਤ ਹੋ ਜਾਂਦੀ ਹੈ।

ਸਰੀਰ ਵੀ ਇਸ ਡਿਜ਼ੀਟਲ ਜੀਵਨ ਦੀ ਕੀਮਤ ਚੁਕਾਉਂਦਾ ਹੈ। ਲੰਮਾ ਸਮਾਂ ਬੈਠੇ ਰਹਿਣਾ ਉਹ ਭਾਵੇਂ ਟੀਵੀ ਸਾਹਮਣੇ ਹੋਵੇ ਜਾਂ ਮੋਬਾਈਲ ਅਤੇ ਕੰਪਿਊਟਰ ਨਾਲ ਹੋਵੇ ਸੈਡੇਂਟਰੀ ਸੁਭਾਅ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਬਹੁਤ ਜ਼ਿਆਦਾ ਨਿਸ਼ਕ੍ਰਿਆ ਸਮਾਂ ਦਿਲ ਦੀਆਂ ਬਿਮਾਰੀਆਂ, ਕੈਂਸਰ ਅਤੇ ਟਾਈਪ-2 ਸ਼ੂਗਰ ਦੇ ਖ਼ਤਰੇ ਨਾਲ ਜੁੜਿਆ ਹੈ।

ਪਰ ਹੱਲ ਮੋਬਾਈਲ ਨੂੰ ਸੁੱਟ ਦੇਣਾ ਨਹੀਂ। ਹੱਲ ਹੈ ਡਿਜ਼ੀਟਲ ਅਨੁਸ਼ਾਸਨ ਤਹਿਤ ਸਵੇਰ ਦਾ ਪਹਿਲਾ ਅੱਧਾ ਘੰਟਾ ਸਕਰੀਨ-ਮੁਕਤ ਰੱਖੋ। ਅੱਖ ਖੁੱਲ੍ਹਦੇ ਹੀ ਨੋਟੀਫਿਕੇਸ਼ਨ ਦੇਖਣ ਦੀ ਥਾਂ ਪਾਣੀ ਪੀਓ, ਕੁਝ ਮਿੰਟ ਚੁੱਪ ਬੈਠੋ ਜਾਂ ਸੈਰ ਕਰੋ। ਫਿਰ ਨੋਟੀਫਿਕੇਸ਼ਨ ਘਟਾਓ। ਹਰ ਐਪ ਨੂੰ ਤੁਹਾਡੇ ਧਿਆਨ ਦਾ ਅਧਿਕਾਰ ਦੇਣਾ ਜ਼ਰੂਰੀ ਨਹੀਂ। ਗੈਰ-ਜ਼ਰੂਰੀ ਅਲਰਟ ਬੰਦ ਕਰਨਾ ਮਾਨਸਿਕ ਸ਼ੋਰ ਘਟਾਉਣ ਦਾ ਸਭ ਤੋਂ ਸੌਖਾ ਤਰੀਕਾ ਹੈ ਅਤੇ 20-30 ਮਿੰਟ ਦੇ 'ਸਕਰੀਨ ਬ੍ਰੇਕ' ਲਓ। ਉੱਠੋ, ਤੁਰੋ, ਖਿੜਕੀ ਤੋਂ ਬਾਹਰ ਦੇਖੋ, ਪਰਿਵਾਰ ਨਾਲ ਗੱਲ ਕਰੋ ਜਾਂ ਕੁਝ ਸਮਾਂ ਬਿਨਾਂ ਕਿਸੇ ਡਿਜ਼ੀਟਲ ਉਤੇਜਨਾ ਦੇ ਬਿਤਾਓ। ਫਿਰ ਖਾਣੇ ਦੀ ਮੇਜ਼ ਅਤੇ ਬੈੱਡਰੂਮ ਨੂੰ ਸਕਰੀਨ-ਮੁਕਤ ਖੇਤਰ ਬਣਾਓ। ਸੌਣ ਤੋਂ ਪਹਿਲਾਂ ਲਗਾਤਾਰ ਸਕਰੀਨ ਵਰਤਣ ਦੀ ਆਦਤ ਛੱਡਣਾ ਨੀਂਦ ਦੀ ਰੁਟੀਨ ਲਈ ਵਿਸ਼ੇਸ਼ ਤੌਰ 'ਤੇ ਲਾਭਦਾਇਕ ਹੋ ਸਕਦਾ ਹੈ। ਇਸ ਦੇ ਨਾਲ ਸਕਰੀਨ ਦਾ ਸਮਾਂ ਘਟਾਉਣ ਦੇ ਨਾਲ ਸਰੀਰ ਨੂੰ ਹਿਲਾਉਣਾ ਵੀ ਜ਼ਰੂਰੀ ਹੈ। ਵਰਲਡ ਹੈਲਥ ਆਰਗੇਨਾਈਜ਼ੇਸ਼ਨ ਬਾਲਗਾਂ ਲਈ ਹਫ਼ਤੇ ਵਿੱਚ ਘੱਟੋ-ਘੱਟ 150-300 ਮਿੰਟ ਦਰਮਿਆਨੀ ਤੀਬਰਤਾ ਵਾਲੀ ਸਰੀਰਕ ਕਿਰਿਆ ਦੀ ਸਿਫ਼ਾਰਸ਼ ਕਰਦਾ ਹੈ।

ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਸਕਰੀਨ ਤੋਂ ਦੂਰ ਹੋਣਾ ਦੁਨੀਆ ਤੋਂ ਦੂਰ ਹੋਣਾ ਨਹੀਂ ਸਗੋਂ ਇਹ ਆਪਣੇ ਆਪ ਦੇ ਨੇੜੇ ਆਉਣਾ ਹੈ। ਕੁਝ ਮਿੰਟਾਂ ਦੀ ਖ਼ਾਮੋਸ਼ੀ, ਇੱਕ ਕੱਪ ਚਾਹ ਬਿਨਾਂ ਫ਼ੋਨ ਦੇ, ਪਰਿਵਾਰ ਨਾਲ ਆਹਮੋ-ਸਾਹਮਣੇ ਗੱਲਬਾਤ, ਖੁੱਲ੍ਹੀ ਹਵਾ ਵਿੱਚ ਸੈਰ ਅਤੇ ਰਾਤ ਦੀ ਸ਼ਾਂਤ ਨੀਂਦ—ਇਹ ਉਹ 'ਆਫ਼ਲਾਈਨ' ਅਨਮੁੱਲੇ ਪਲ ਹਨ ਜਿਨ੍ਹਾਂ ਵਿੱਚ ਜ਼ਿੰਦਗੀ ਅਸਲ ਵਿੱਚ ਜੀਵੀ ਜਾਂਦੀ ਹੈ।

ਤਕਨਾਲੋਜੀ ਸਾਡੀ ਸਹੂਲਤ ਬਣੇ, ਸਾਡੀ ਆਦਤ ਦਾ ਮਾਲਕ ਨਹੀਂ। ਸਕਰੀਨ ਨੂੰ ਬੰਦ ਕਰਨ ਦਾ ਹੌਸਲਾ ਹੀ ਕਈ ਵਾਰ ਮਨ ਨੂੰ ਮੁੜ ਚਾਲੂ ਕਰਨ ਦਾ ਸਭ ਤੋਂ ਸੌਖਾ ਤਰੀਕਾ ਹੁੰਦਾ ਹੈ।

**-ਛੱਤਰਪਾਲ ਸਿੰਘ**

# ਕੰਮਕਾਜੀ ਅਤੇ ਘਰੇਲੂ ਜ਼ਿੰਦਗੀ ਵਿਚਕਾਰ, ਕਿਵੇਂ ਰੱਖੀਏ ਫਰਕ ਅਕਸਰ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਅੱਜ ਦੇ ਦੌਰ ਵਿੱਚ, ਖ਼ਾਸ ਕਰਕੇ ਘਰ ਤੋਂ ਕੰਮ ਅਤੇ ਹਾਈਬ੍ਰਿਡ ਮਾਡਲ ਆਮ ਹੋਣ ਕਾਰਨ , ਦਫ਼ਤਰ ਅਤੇ ਘਰ ਵਿਚਕਾਰਲੀ ਲਕੀਰ ਲਗਭਗ ਮਿਟ ਚੁੱਕੀ ਹੈ। ਲੈਪਟਾਪ ਖੁੱਲ੍ਹਾ ਰਹਿੰਦਾ ਹੈ, ਮੋਬਾਈਲ 'ਤੇ ਦਫ਼ਤਰੀ ਸੁਨੇਹੇ ਰਾਤ ਨੂੰ ਵੀ ਆਉਂਦੇ ਰਹਿੰਦੇ ਹਨ, ਅਤੇ ਬਹੁਤ ਸਾਰੇ ਲੋਕਾਂ ਨੂੰ ਇਹ ਵੀ ਪਤਾ ਨਹੀਂ ਲੱਗਦਾ ਕਿ ਕੰਮ ਕਦੋਂ ਖ਼ਤਮ ਹੋਇਆ ਅਤੇ ਨਿੱਜੀ ਜ਼ਿੰਦਗੀ ਕਦੋਂ ਸ਼ੁਰੂ ਹੋਈ।

ਇਹ ਸਮੱਸਿਆ ਸਿਰਫ਼ ਪੱਛਮੀ ਦੇਸ਼ਾਂ ਤੱਕ ਸੀਮਤ ਨਹੀਂ ਸਗੋਂ ਭਾਰਤ ਅਤੇ ਪੰਜਾਬ ਵਿੱਚ ਵੀ, ਜਿੱਥੇ IT, BPO, ਸਿੱਖਿਆ, ਸਿਹਤ ਅਤੇ ਸਰਕਾਰੀ ਖੇਤਰਾਂ ਵਿੱਚ ਹਾਈਬ੍ਰਿਡ ਕੰਮ ਦਾ ਰੁਝਾਨ ਤੇਜ਼ੀ ਨਾਲ ਵਧ ਰਿਹਾ ਹੈ, ਇਹ ਮੁੱਦਾ ਓਨਾ ਹੀ ਗੰਭੀਰ ਹੈ। ਅੱਜ ਅਸੀਂ ਤਾਜ਼ਾ ਵਿਸ਼ਵ-ਪੱਧਰੀ ਅਤੇ ਭਾਰਤੀ ਖੋਜਾਂ, ਅੰਕੜਿਆਂ, ਮਨੋਵਿਗਿਆਨਕ ਪਹਿਲੂਆਂ, ਸਿਹਤ 'ਤੇ ਪ੍ਰਭਾਵ, ਕੰਪਨੀਆਂ ਦੀਆਂ ਨੀਤੀਆਂ ਅਤੇ ਵਿਹਾਰਕ ਵਿੱਚ ਸੌਂਦੇ ਫਰਕ ਸੀਮਿਤ ਕਰਨ ਲਈ ਡੂੰਘਾਈ ਨਾਲ ਸਮਝਣ ਦੀ ਕੋਸ਼ਿਸ਼ ਕਰਾਂਗੇ ਕਿ ਦਫ਼ਤਰੀ ਸਮੇਂ ਅਤੇ ਘਰੇਲੂ ਜ਼ਿੰਦਗੀ ਨੂੰ ਵੱਖ ਕਿਵੇਂ ਰੱਖਿਆ ਜਾਵੇ, ਅਤੇ ਇਹ ਵੱਖਰਾਪਣ ਅਸਲ ਵਿੱਚ ਸਾਡੀ ਸਿਹਤ, ਪਰਿਵਾਰ ਅਤੇ ਕਰੀਅਰ ਲਈ ਕਿਉਂ ਜ਼ਰੂਰੀ ਹੈ।

ਦੁਨੀਆ ਭਰ ਦੇ ਸਰਵੇਖਣ ਦੱਸਦੇ ਹਨ ਕਿ ਕੰਮ ਅਤੇ ਘਰ ਵਿਚਕਾਰ ਧੁੰਦਲੀਆਂ ਹੋ ਰਹੀਆਂ ਹੱਦਾਂ ਇੱਕ ਵਿਸ਼ਵ-ਪੱਧਰੀ ਮੁੱਦਾ ਬਣ ਚੁੱਕੀਆਂ ਹਨ। ਈਗਲ ਹਿੱਲ ਕੰਸਲਟਿੰਗ ਦੇ 2025 ਦੇ ਸਰਵੇਖਣ ਮੁਤਾਬਕ, ਅਮਰੀਕਾ ਦੀ ਅੱਧੀ ਤੋਂ ਵੱਧ (55%) ਵਰਕਫੋਰਸ ਬਰਨਆਊਟ (ਡੂੰਗੀ ਮਾਨਸਿਕ ਥਕਾਵਟ) ਦਾ ਸਾਹਮਣਾ ਕਰ ਰਹੀ ਹੈ, ਜਿਸ ਵਿੱਚ ਪੂਰੀ ਤਰ੍ਹਾਂ ਘਰ ਤੋਂ ਕੰਮ ਕਰਨ ਵਾਲੇ ਕਰਮਚਾਰੀਆਂ ਵਿੱਚ ਇਹ ਦਰ 61% ਤੱਕ ਪਹੁੰਚ ਜਾਂਦੀ ਹੈ।ਖੋਜ ਦੱਸਦੀ ਹੈ ਕਿ ਇਕੱਲਾਪਣ, ਕੰਮ ਤੋਂ ਦੂਰ ਹੋਣ ਵਿੱਚ ਮੁਸ਼ਕਲ, ਅਤੇ ਸਪਸ਼ਟ ਹੱਦਾਂ ਦੀ ਘਾਟ ਬਰਨਆਊਟ ਦੇ ਮੁੱਖ ਕਾਰਨ ਹਨ।

ਲਗਭਗ 69% ਰਿਮੋਟ ਕਰਮਚਾਰੀਆਂ ਦਾ ਕਹਿਣਾ ਹੈ ਕਿ ਡਿਜੀਟਲ ਸੰਚਾਰ ਸਾਧਨਾਂ (ਵ੍ਹਾਟਸਵ੍ਹਾਟਸਐਪ, ਈਮੇਲ, ਸਮੂਹਿ ਆਦਿ) ਨੇ ਉਨ੍ਹਾਂ ਦੀ ਥਕਾਵਟ ਨੂੰ ਹੋਰ ਵਧਾ ਦਿੱਤਾ ਹੈ।ਕੰਮ ਦੇ ਸਮੇਂ ਤੋਂ ਬਾਹਰ ਆਉਂਦੇ ਸੁਨੇਹਿਆਂ ਕਾਰਨ 14% ਕਰਮਚਾਰੀ ਚਿੰਤਾ ਜਾਂ ਤਣਾਅ ਮਹਿਸੂਸ ਕਰਦੇ ਹਨ, ਜਦਕਿ 18% ਨੂੰ ਗੁੱਸਾ ਆਉਂਦਾ ਹੈ।

74% ਕਰਮਚਾਰੀਆਂ ਨੇ ਪਿਛਲੇ ਸਾਲ ਬਿਮਾਰ ਹੋਣ ਦੇ ਬਾਵਜੂਦ ਕੰਮ ਕੀਤਾ — ਇਸ ਨੂੰ ÷ਪ੍ਰੈਜ਼ੈਂਟੀਜ਼ਮ ÷ ਕਿਹਾ ਜਾਂਦਾ ਹੈ।

ਰੈਂਡਸਟੈਡ ਦੇ 2025 ਦੇ ਸਰਵੇਖਣ ਵਿੱਚ, 22 ਸਾਲਾਂ ਦੇ ਇਤਿਹਾਸ ਵਿੱਚ ਪਹਿਲੀ ਵਾਰ, ਕੰਮ-ਜ਼ਿੰਦਗੀ ਸੰਤੁਲਨ (83%) ਤਨਖ਼ਾਹ (82%) ਨਾਲੋਂ ਵੀ ਵੱਧ ਤਰਜੀਹ ਬਣ ਗਿਆ ਹੈ।

83% ਕਰਮਚਾਰੀ ਬਿਹਤਰ ਸੰਤੁਲਨ ਲਈ ਘੱਟ ਤਨਖ਼ਾਹ ਵਾਲੀ ਨੌਕਰੀ ਲੈਣ ਲਈ ਵੀ ਤਿਆਰ ਹਨ, ਅਤੇ 56% ਦਾ ਕਹਿਣਾ ਹੈ ਕਿ ਕੋਈ ਵੀ ਰਕਮ ਉਨ੍ਹਾਂ ਨੂੰ ਆਪਣਾ ਸੰਤੁਲਨ ਕੁਰਬਾਨ ਕਰਨ ਲਈ ਨਹੀਂ ਮਨਾ ਸਕਦੀ।

ਵਰਕਪਲੇਸ ਬਰਨਆਊਟ ਹਰ ਸਾਲ ਕੰਪਨੀਆਂ ਨੂੰ ਲਗਭਗ 322 ਬਿਲੀਅਨ ਡਾਲਰ ਦੇ ਉਤਪਾਦਕਤਾ ਨੁਕਸਾਨ ਦਾ ਸਾਹਮਣਾ ਕਰਵਾਉਂਦਾ ਹੈ, ਨਾਲ ਹੀ ਸਿਹਤ ਸੰਭਾਲ ਦਾ ਵਾਧੂ ਖਰਚਾ 125-190 ਬਿਲੀਅਨ ਡਾਲਰ ਹੋਰ ਜੁੜਦਾ ਹੈ।

46% ਔਰਤਾਂ ਬਰਨਆਊਟ ਦੀ ਸ਼ਿਕਾਇਤ ਕਰਦੀਆਂ ਹਨ ਜਦਕਿ ਮਰਦਾਂ ਵਿੱਚ ਇਹ ਦਰ 37% ਹੈ. ਇਸ ਤੋਂ ਇਲਾਵਾ ਲੀਡਰਸ਼ਿਪ ਭੂਮਿਕਾਵਾਂ ਵਿੱਚ ਇਹ ਫ਼ਰਕ ਹੋਰ ਵੀ ਜ਼ਿਆਦਾ ਹੈ (43% ਬਨਾਮ 31%)।

ਇੱਕ ਦਿਲਚਸਪ ਖੋਜ ਇਹ ਵੀ ਸਾਹਮਣੇ ਆਈ ਹੈ ਕਿ ਪੂਰੀ ਖੁੱਲ੍ਹ (ਅਨਲਿਮਿਟੇਡ ਫਲੈਕਸੀਬਿਲਟੀ ) ਹਮੇਸ਼ਾ ਚੰਗੀ ਨਹੀਂ ਹੁੰਦੀ , ਇਸ ਮਹੱਤਵਪੂਰਨ ਤੱਥ ਸਬੰਧੀ ਗੈਲਪ ਦੀ ਖੋਜ ਮੁਤਾਬਕ, ਜਿਹੜੇ ਕਰਮਚਾਰੀ ਆਪਣਾ ਸ਼ਡਿਊਲ ਖ਼ੁਦ ਤੈਅ ਕਰਦੇ ਹਨ, ਉਹ ਟੀਮ ਵੱਲੋਂ ਤੈਅ ਕੀਤੇ ਸ਼ਡਿਊਲ ਵਾਲਿਆਂ ਨਾਲੋਂ 76% ਜ਼ਿਆਦਾ ਬਰਨਆਊਟ ਦੀ ਸ਼ਿਕਾਇਤ ਕਰਦੇ ਹਨ। ਭਾਵ, ਢਾਂਚਾਬੱਧ ਲਚਕਤਾ (ਸਟ੍ਰਕਚਰਡ ਫਲੈਕਸੀਬਿਲਟੀ ) ਇਹ ਸੁਵਿਧਾ ਪੂਰੀ ਖੁੱਲ੍ਹ ਨਾਲੋਂ ਬਿਹਤਰ ਨਤੀਜੇ ਦਿੰਦੀ ਹੈ।

ਭਾਰਤੀ ਵਰਕਫੋਰਸ ਵਿੱਚ ਵੀ ਹੁਣ ਕੰਮ-ਜ਼ਿੰਦਗੀ ਸੰਤੁਲਨ ਸਭ ਤੋਂ ਵੱਡੀ ਤਰਜੀਹ ਬਣ ਗਿਆ ਹੈ. ਇੱਕ ਸਰਵੇਖਣ ਮੁਤਾਬਕ, ਭਾਰਤੀ ਕਰਮਚਾਰੀਆਂ ਲਈ ਕੰਮ-ਜ਼ਿੰਦਗੀ ਸੰਤੁਲਨ (50%) ਹੁਣ ਨੌਕਰੀ ਦੀ ਸਥਿਰਤਾ (44%) ਅਤੇ ਕੰਮ ਪ੍ਰਤੀ ਜਨੂੰਨ (38%) ਨਾਲੋਂ ਵੀ ਵੱਡਾ ਪ੍ਰੇਰਕ ਕਾਰਕ ਬਣ ਗਿਆ ਹੈ।

88% ਭਾਰਤੀ ਮਾਲਕ (ਇੰਪਲਾਇਰਜ਼ ) ਮੰਨਦੇ ਹਨ ਕਿ ਘਰ ਤੋਂ ਕੰਮ ਕਰਮਚਾਰੀ ਦੀ ਖ਼ੁਸ਼ੀ ਅਤੇ ਵਫ਼ਾਦਾਰੀ ਲਈ ਮਹੱਤਵਪੂਰਨ ਹੈ. ਹਾਲਾਂਕਿ ਇਹ ਦਰ ਵਿਸ਼ਵ-ਪੱਧਰੀ ਔਸਤ (83%) ਨਾਲੋਂ ਵੀ ਵੱਧ ਹੈ।

ਭਾਰਤ ਵਿੱਚ ਹਾਈਬ੍ਰਿਡ ਕੰਮ ਕਰਨ ਵਾਲੇ 73% ਲੋਕ ਚਾਹੁੰਦੇ ਹਨ ਕਿ ਟੀਮ ਲਈ ਹਫ਼ਤੇ ਵਿੱਚ ਕੁਝ ਖ਼ਾਸ ÷ਐਂਕਰ ਦਿਨ÷ ਤੈਅ ਹੋਣ, ਜਦੋਂ ਸਾਰੇ ਦਫ਼ਤਰ ਆਉਣ , ਭਾਵ ਪੂਰੀ ਤਰ੍ਹਾਂ ਬੇਤਰਤੀਬ ਹਾਜ਼ਰੀ ਦੀ ਬਜਾਏ ਢਾਂਚਾਬੱਧ ਲਚਕਤਾ ਹੀ ਪਸੰਦ ਕੀਤੀ ਜਾਂਦੀ ਹੈ।

71% ਭਾਰਤੀ ਨੌਕਰੀ ਲੱਭਣ ਵਾਲੇ ਲੋਕ ਲਚਕਦਾਰ ਸਮਾਂ ਅਤੇ ਘਰ ਤੋਂ ਕੰਮ ਦਾ ਬਦਲ ਚਾਹੁੰਦੇ ਹਨ, ਕਿਉਂਕਿ ਇਹ ਸਿੱਧੇ ਤੌਰ 'ਤੇ ਉਨ੍ਹਾਂ ਦੇ ਸੰਤੁਲਨ ਨਾਲ ਜੁੜਿਆ ਹੋਇਆ ਹੈ।

ਭਾਰਤ ਵਿੱਚ ਰਿਮੋਟ ਕੰਮ ਕਰਨ ਵਾਲਿਆਂ ਦੀ ਗਿਣਤੀ 2025 ਤੱਕ 6 ਕਰੋੜ ਤੋਂ 9 ਕਰੋੜ ਤੱਕ ਪਹੁੰਚਣ ਦਾ ਅੰਦਾਜ਼ਾ ਲਗਾਇਆ ਗਿਆ ਸੀ , ਜੋ ਦਰਸਾਉਂਦਾ ਹੈ ਕਿ ਇਹ ਮੁੱਦਾ ਹੁਣ ਕਰੋੜਾਂ ਪਰਿਵਾਰਾਂ ਨੂੰ ਸਿੱਧਾ ਪ੍ਰਭਾਵਿਤ ਕਰਦਾ ਹੈ।

ਪੰਜਾਬ ਵਰਗੇ ਖੇਤਰਾਂ ਵਿੱਚ, ਜਿੱਥੇ ਸਾਂਝੇ ਪਰਿਵਾਰ, ਖੇਤੀਬਾੜੀ ਨਾਲ ਜੁੜੇ ਘਰੇਲੂ ਕੰਮ ਅਤੇ ਸਮਾਜਿਕ ਸਾਂਝ (ਵਿਆਹ-ਸ਼ਾਦੀ, ਗੁਰਦੁਆਰਾ ਸੇਵਾ, ਪਰਿਵਾਰਕ ਇਕੱਠ) ਜ਼ਿੰਦਗੀ ਦਾ ਅਹਿਮ ਹਿੱਸਾ ਹਨ, ਦਫ਼ਤਰੀ ਕੰਮ ਦਾ ਘਰ ਵਿੱਚ ਘੁਸਪੈਠ ਕਰਨਾ ਹੋਰ ਵੀ ਜ਼ਿਆਦਾ ਨੁਕਸਾਨਦੇਹ ਸਾਬਤ ਹੁੰਦਾ ਹੈ, ਕਿਉਂਕਿ ਇਹ ਨਾ ਸਿਰਫ਼ ਵਿਅਕਤੀ ਸਗੋਂ ਪੂਰੇ ਪਰਿਵਾਰਕ ਢਾਂਚੇ ਨੂੰ ਪ੍ਰਭਾਵਿਤ ਕਰਦਾ ਹੈ।

ਪਿਛਲੇ ਸਮੇਂ ਵਿੱਚ ਕਈ ਵੱਡੀਆਂ ਕੰਪਨੀਆਂ ਨੇ ਕਰਮਚਾਰੀਆਂ ਨੂੰ ਪੂਰੀ ਤਰ੍ਹਾਂ ਦਫ਼ਤਰ ਵਾਪਸ ਬੁਲਾਉਣ ਦੀਆਂ ਨੀਤੀਆਂ ਲਾਗੂ ਕੀਤੀਆਂ, ਪਰ ਖੋਜ ਦੱਸਦੀ ਹੈ ਕਿ ਇਹ ਹਮੇਸ਼ਾ ਲਾਭਦਾਇਕ ਨਹੀਂ ਰਹੀਆਂ:

65% 7✥✪ ➢ ਅਤੇ ਮਿਲੇਨੀਅਲ ਕਰਮਚਾਰੀ ਕਹਿੰਦੇ ਹਨ ਕਿ ਜੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਦਫ਼ਤਰ ਵਾਪਸ ਜਾਣ ਲਈ ਮਜਬੂਰ ਕੀਤਾ ਗਿਆ ਤਾਂ ਉਹ ਨੌਕਰੀ ਛੱਡ ਦੇਣਗੇ।

ਲਗਭਗ ਅੱਧੇ ਰਿਮੋਟ ਕਰਮਚਾਰੀ ਮੰਨਦੇ ਹਨ ਕਿ ਵਾਪਸ ਦਫ਼ਤਰ ਬੁਲਾਉਣ ਦੇ ਹੁਕਮ ਅਸਲ ਵਿੱਚ ਮਾਈਕ੍ਰੋਮੈਨੇਜਮੈਂਟ ਜਾਂ ਦਫ਼ਤਰੀ ਲੀਜ਼ ਦੀ ਵਰਤੋਂ ਵਧਾਉਣ ਲਈ ਹੁੰਦੇ ਹਨ, ਨਾ ਕਿ ਅਸਲ ਉਤਪਾਦਕਤਾ ਲਈ।

ਰਿਮੋਟ ਕੰਮ ਕਰਨ ਵਾਲੇ ਕਰਮਚਾਰੀ ਦਫ਼ਤਰੀ ਕਰਮਚਾਰੀਆਂ ਨਾਲੋਂ ਦੋਗੁਣਾ ਜ਼ਿਆਦਾ ਮਹਿਸੂਸ ਕਰਦੇ ਹਨ ਕਿ ਮੈਨੇਜਮੈਂਟ ਉਨ੍ਹਾਂ 'ਤੇ ਭਰੋਸਾ ਕਰਦੀ ਹੈ (61% ਬਨਾਮ 31%)।

ਹਾਈਬ੍ਰਿਡ ਕਰਮਚਾਰੀ, ਜਿਨ੍ਹਾਂ ਦੀ ਨੀਤੀ ਟੀਮ-ਪੱਧਰ 'ਤੇ ਤੈਅ ਹੁੰਦੀ ਹੈ (ਨਾ ਕਿ ਉੱਪਰੋਂ ਥੋਪੀ ਗਈ), ਉਹ ਇਸ ਨੂੰ 91% ਮਾਮਲਿਆਂ ਵਿੱਚ ਨਿਰਪੱਖ ਮੰਨਦੇ ਹਨ, ਜਦਕਿ ਥੋਪੇ ਗਏ ਨਿਯਮ ਸਿਰਫ਼ 73% ਮਾਮਲਿਆਂ ਵਿੱਚ ਨਿਰਪੱਖ ਲੱਗਦੇ ਹਨ।

98% ਕਰਮਚਾਰੀ ਘੱਟੋ-ਘੱਟ ਕੁਝ ਸਮੇਂ ਲਈ ਰਿਮੋਟ ਕੰਮ ਕਰਨਾ ਚਾਹੁੰਦੇ ਹਨ . ਇੱਥੇ ਇਹ ਦਰਸਾਉਂਦਾ ਹੈ ਕਿ ਲਚਕਤਾ ਹੁਣ ਇੱਕ ਸਹੂਲਤ ਨਹੀਂ ਸਗੋਂ ਉਮੀਦ ਬਣ ਚੁੱਕੀ ਹੈ।

ਦਫ਼ਤਰ ਅਤੇ ਘਰ ਵਿਚਕਾਰ ਧੁੰਦਲੀਆਂ ਹੱਦਾਂ ਦਾ ਸਿੱਧਾ ਅਸਰ ਸਰੀਰਕ ਅਤੇ ਮਾਨਸਿਕ ਸਿਹਤ 'ਤੇ ਪੈਂਦਾ ਹੈ. ਰਿਮੋਟ (40%) ਅਤੇ ਹਾਈਬ੍ਰਿਡ (38%) ਕਰਮਚਾਰੀਆਂ ਵਿੱਚ ਚਿੰਤਾ ਅਤੇ ਡਿਪਰੈਸ਼ਨ ਦੀ ਦਰ, ਪੂਰੀ ਤਰ੍ਹਾਂ ਦਫ਼ਤਰ ਵਿੱਚ ਕੰਮ ਕਰਨ ਵਾਲਿਆਂ (35%) ਨਾਲੋਂ ਥੋੜ੍ਹੀ ਵੱਧ ਪਾਈ ਗਈ।

ਗੈਲਪ ਦੀ ਖੋਜ ਮੁਤਾਬਕ, ਪੂਰੀ ਤਰ੍ਹਾਂ ਰਿਮੋਟ ਕਰਮਚਾਰੀਆਂ ਵਿੱਚੋਂ 45% ਨੇ ਕਿਸੇ ਖ਼ਾਸ ਦਿਨ ਬਹੁਤ ਜ਼ਿਆਦਾ ਤਣਾਅ ਮਹਿਸੂਸ ਕਰਨ ਦੀ ਗੱਲ ਕਹੀ, ਜਦਕਿ ਦਫ਼ਤਰੀ ਕਰਮਚਾਰੀਆਂ ਵਿੱਚ ਇਹ ਦਰ 38-39% ਸੀ।

ਫਿਰ ਵੀ, ਲਚਕਦਾਰ ਕੰਮ ਦੇ ਕਈ ਸਕਾਰਾਤਮਕ ਪਹਿਲੂ ਵੀ ਹਨ . 79% ਰਿਮੋਟ ਪੇਸ਼ੇਵਰ ਘੱਟ ਤਣਾਅ ਅਤੇ 82% ਬਿਹਤਰ ਮਾਨਸਿਕ ਸਿਹਤ ਦੀ ਰਿਪੋਰਟ ਕਰਦੇ ਹਨ, ਜਦੋਂ ਹੱਦਾਂ ਸਹੀ ਢੰਗ ਨਾਲ ਪ੍ਰਬੰਧਿਤ ਹੋਣ।

ਹਾਈਬ੍ਰਿਡ ਕਰਮਚਾਰੀ ਦਫ਼ਤਰੀ ਕਰਮਚਾਰੀਆਂ ਨਾਲੋਂ 15% ਘੱਟ ਵਾਰ ਬਰਨਆਊਟ ਦੇ ਲੱਛਣ ਮਹਿਸੂਸ ਕਰਦੇ ਹਨ, ਅਤੇ 78% ਮੰਨਦੇ ਹਨ ਕਿ ਹਾਈਬ੍ਰਿਡ/ਰਿਮੋਟ ਕੰਮ ਨੇ ਉਨ੍ਹਾਂ ਦੀ ਸਮੁੱਚੀ ਭਲਾਈ ਵਧਾਈ ਹੈ।

ਇਸ ਤੋਂ ਸਪਸ਼ਟ ਹੁੰਦਾ ਹੈ ਕਿ ਮਾਡਲ (ਦਫ਼ਤਰ ਬਨਾਮ ਘਰ) ਖ਼ੁਦ ਸਮੱਸਿਆ ਨਹੀਂ . ਇੱਥੇ ਅਸਲ ਮੁੱਦਾ ਇਹ ਹੈ ਕਿ ਹੱਦਾਂ ਕਿੰਨੀਆਂ ਸਪਸ਼ਟ ਅਤੇ ਢਾਂਚਾਬੱਧ ਹਨ।

ਜ਼ਿਕਰਯੋਗ ਹੈ ਕਿ ਹੱਦਾਂ ਸਿਰਫ਼ ਇੱਕ ਪਾਸੇ ਤੋਂ ਹੀ ਧੁੰਦਲੀਆਂ ਨਹੀਂ ਹੋ ਰਹੀਆਂ. 82% ਕਰਮਚਾਰੀ ਮੰਨਦੇ ਹਨ ਕਿ ਉਹ ਦਫ਼ਤਰੀ ਸਮੇਂ ਦੌਰਾਨ ਵੀ ਨਿੱਜੀ ਕੰਮ ਕਰਦੇ ਹਨ, ਅਤੇ 39% ਇਹ ਰੋਜ਼ਾਨਾ ਇੱਕ ਘੰਟੇ ਤੋਂ ਵੱਧ ਕਰਦੇ ਹਨ।

ਲਗਭਗ ਅੱਧੇ ਹਾਈਬ੍ਰਿਡ ਜਾਂ ਰਿਮੋਟ ਕਰਮਚਾਰੀ (46%) ਕੰਮ ਦੀ ਕਾਲ ਦੌਰਾਨ ਮਲਟੀਟਾਸਕਿੰਗ ਕਰਦੇ ਹਨ ਜਾਂ ਘਰੇਲੂ ਕੰਮ (46%) ਨਿਪਟਾਉਂਦੇ ਹਨ . ਸ਼ਾਇਦ ਇਸ ਲਈ ਕਿਉਂਕਿ ਉਨ੍ਹਾਂ ਕੋਲ ਦਿਨ ਵਿੱਚ ਹੋਰ ਸਮਾਂ ਹੀ ਨਹੀਂ ਬਚਦਾ। ਇਹ ਦਰਸਾਉਂਦਾ ਹੈ ਕਿ ਹੱਦਾਂ ਦੀ ਘਾਟ ਦੋ ਤਰਫ਼ਾ ਸਮੱਸਿਆ ਹੈ ਕੰਮ ਘਰ ਵਿੱਚ ਘੁਸਦਾ ਹੈ, ਤੇ ਘਰ ਦਾ ਕੰਮ ਦਫ਼ਤਰੀ ਸਮੇਂ ਵਿੱਚ। ਇਸ ਲਈ ਹੱਲ ਵੀ ਦੋਹੀਂ ਪਾਸੀਂ ਸਪਸ਼ਟ ਹੋਣਾ ਚਾਹੀਦਾ ਹੈ।

ਨੇਚਰ ਹਿਊਮਨ ਬਿਹੇਵੀਅਰ ਵਿੱਚ ਛਪੇ 2025 ਦੇ ਸਭ ਤੋਂ ਵੱਡੇ ਚਾਰ-ਦਿਨਾਂ-ਹਫ਼ਤੇ ਦੇ ਤਜਰਬੇ ਦੇ ਨਤੀਜੇ ਸਾਫ਼ ਸਨ: ਬਰਨਆਊਟ ਘਟਿਆ, ਨੌਕਰੀ ਤੋਂ ਸੰਤੁਸ਼ਟੀ ਵਧੀ, ਅਤੇ ਮਾਨਸਿਕ ਤੇ ਸਰੀਰਕ ਸਿਹਤ ਵਿੱਚ ਸੁਧਾਰ ਆਇਆ ਅਤੇ ਇਹ ਫ਼ਾਇਦੇ ਇੱਕ ਸਾਲ ਬਾਅਦ ਵੀ ਬਰਕਰਾਰ ਰਹੇ। ਖ਼ਾਸ ਗੱਲ ਇਹ ਹੈ ਕਿ ਉਤਪਾਦਕਤਾ ਵਿੱਚ ਕੋਈ ਕਮੀ ਨਹੀਂ ਆਈ ਸਗੋਂ 90% ਤੋਂ ਵੱਧ ਕੰਪਨੀਆਂ ਨੇ ਛੇ ਮਹੀਨਿਆਂ ਬਾਅਦ ਵੀ ਇਹ ਮਾਡਲ ਜਾਰੀ ਰੱਖਿਆ।

-ਤਕਨਾਲੋਜੀ ਦੀ ਹਮੇਸ਼ਾ ਮੌਜੂਦਗੀ: ਮੋਬਾਈਲ ਈਮੇਲ ਅਤੇ ਚੈਟ ਐਪਸ ਕਾਰਨ ਦਫ਼ਤਰ ਹੁਣ ਜੇਬ ਵਿੱਚ ਹੀ ਰਹਿੰਦਾ ਹੈ।

-ਘਰ ਤੋਂ ਕੰਮ ਦੌਰਾਨ ਭੌਤਿਕ ਵੱਖਰਾਪਣ ਦੀ ਘਾਟ :ਜਦੋਂ ਕੰਮ ਵਾਲੀ ਥਾਂ ਅਤੇ ਆਰਾਮ ਵਾਲੀ ਥਾਂ ਇੱਕੋ ਹੀ ਹੋਵੇ, ਦਿਮਾਗ਼ ਲਈ ਬਦਲਾਅ ਸਮਝਣਾ ਔਖਾ ਹੋ ਜਾਂਦਾ ਹੈ।

-÷ਹਮੇਸ਼ਾ ਉਪਲਬਧ ਰਹਿਣ÷ ਦਾ ਸੱਭਿਆਚਾਰਕ ਦਬਾਅ: ਬਹੁਤ ਸਾਰੇ ਲੋਕ ਡਰਦੇ ਹਨ ਕਿ ਜੇ ਉਹ ਦੇਰ ਰਾਤ ਦਾ ਸੁਨੇਹਾ ਨਾ ਪੜ੍ਹਨ ਤਾਂ ਇਸ ਨੂੰ ਬੁਰੀ ਨਜ਼ਰ ਨਾਲ ਦੇਖਿਆ ਜਾਵੇਗਾ।

-ਸਪਸ਼ਟ ਸ਼ਡਿਊਲ ਦੀ ਘਾਟ: ਬਿਨਾਂ ਤੈਅ ਸਮੇਂ ਦੇ, ਦਿਨ ਭਰ ਕੰਮ ਖਿੱਚਿਆ ਰਹਿੰਦਾ ਹੈ।

ਸੰਤੁਲਨ ਵਿਹਾਰਿਕ ਬਣਾਉਣ ਵਿੱਚ ਜ਼ਰੂਰੀ ਹੈ ਕਿ:

1. ਭੌਤਿਕ ਹੱਦ ਬਣਾਓ:
ਜੇ ਸੰਭਵ ਹੋਵੇ, ਘਰ ਵਿੱਚ ਇੱਕ ਵੱਖਰੀ ਥਾਂ ਨੂੰ ਹੀ ÷ਦਫ਼ਤਰ÷ ਬਣਾਓ। ਕੰਮ ਖ਼ਤਮ ਹੁੰਦੇ ਹੀ ਲੈਪਟਾਪ ਬੰਦ ਕਰਕੇ ਉਸ ਥਾਂ ਤੋਂ ਦੂਰ ਹੋ ਜਾਓ। ਜੇ ਵੱਖਰਾ ਕਮਰਾ ਨਹੀਂ, ਤਾਂ ਘੱਟੋ-ਘੱਟ ਲੈਪਟਾਪ ਢੱਕ ਕੇ ਜਾਂ ਬੈਗ ਵਿੱਚ ਰੱਖ ਕੇ ਇੱਕ ਪ੍ਰਤੀਕਾਤਮਕ ਲਕੀਰ ਖਿੱਚੋ।

2. ਸ਼ੁਰੂ ਅਤੇ ਖ਼ਤਮ ਹੋਣ ਦੀ ਰਸਮ (ਰਿਚੁਅਲਸ ) ਬਣਾਓ:
ਕੰਮ ਸ਼ੁਰੂ ਕਰਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਕੋਈ ਛੋਟੀ ਰਸਮ ਰੱਖੋ — ਜਿਵੇਂ ਸਵੇਰੇ ਸੈਰ, ਸ਼ਾਮ ਨੂੰ ਕੱਪੜੇ ਬਦਲਣਾ ਜਾਂ ਦਿਨ ਦੇ ਕੰਮਾਂ ਦੀ ਸੂਚੀ ਬੰਦ ਕਰਨਾ। ਇਹ ਦਿਮਾਗ਼ ਨੂੰ ਸਪਸ਼ਟ ਸੰਕੇਤ ਦਿੰਦਾ ਹੈ ਕਿ ÷ਹੁਣ ਕੰਮ ਮੋਡ ਖ਼ਤਮ÷।

3. ਸੂਚਨਾਵਾਂ (ਨੋਟੀਫਿਕੇਸ਼ਨਸ ) 'ਤੇ ਕਾਬੂ ਰੱਖੋ:
ਦਫ਼ਤਰੀ ਸਮੇਂ ਤੋਂ ਬਾਅਦ ਈਮੇਲ ਅਤੇ ਵਰਕ ਚੈਟ ਐਪਸ ਦੀਆਂ ਸੂਚਨਾਵਾਂ ਬੰਦ ਰੱਖੋ। ਖੋਜ ਦਿਖਾਉਂਦੀ ਹੈ ਕਿ ਹਮੇਸ਼ਾ-ਚਾਲੂ ਸੰਚਾਰ ਸਾਧਨ ਬਰਨਆਊਟ ਨੂੰ ਸਭ ਤੋਂ ਵੱਧ ਵਧਾਉਂਦੇ ਹਨ।

4. ਸ਼ਡਿਊਲ ਨੂੰ ਢਾਂਚਾਬੱਧ ਰੱਖੋ:
ਪੂਰੀ ਆਜ਼ਾਦੀ ਦੀ ਬਜਾਏ, ਕੰਮ ਦੇ ਸਥਿਰ ਘੰਟੇ ਤੈਅ ਕਰੋ (ਜਿਵੇਂ 9 ਤੋਂ 6)। ਖੋਜ ਦੱਸਦੀ ਹੈ ਕਿ ਜਿਹੜੇ ਲੋਕ ਪੂਰੀ ਤਰ੍ਹਾਂ ਖ਼ੁਦ ਹੀ ਸਮਾਂ ਤੈਅ ਕਰਦੇ ਹਨ, ਉਹ ਜ਼ਿਆਦਾ ਥੱਕ ਜਾਂਦੇ ਹਨ।

5. ÷ਨਹੀਂ÷ ਕਹਿਣਾ ਸਿੱਖੋ:
ਦਫ਼ਤਰੀ ਸਮੇਂ ਤੋਂ ਬਾਹਰ ਆਈ ਹਰ ਬੇਨਤੀ ਨੂੰ ਤੁਰੰਤ ਜਵਾਬ ਦੇਣਾ ਜ਼ਰੂਰੀ ਨਹੀਂ। ਆਪਣੀ ਟੀਮ ਨਾਲ ਸਪਸ਼ਟ ਗੱਲ ਕਰੋ ਕਿ ਤੁਸੀਂ ਕਿਸ ਸਮੇਂ ਉਪਲਬਧ ਹੋ।

6. ਛੁੱਟੀਆਂ ਪੂਰੀ ਤਰ੍ਹਾਂ ਵਰਤੋ:
ਖੋਜ ਦੱਸਦੀ ਹੈ ਕਿ ਜਿਹੜੇ ਲੋਕ ਆਪਣੀਆਂ ਛੁੱਟੀਆਂ ਪੂਰੀ ਤਰ੍ਹਾਂ ਵਰਤਦੇ ਹਨ, ਉਨ੍ਹਾਂ ਦਾ ਸੰਤੁਲਨ ਬਿਹਤਰ ਰਹਿੰਦਾ ਹੈ। ਛੁੱਟੀ ਦੌਰਾਨ ਵੀ ਈਮੇਲ ਚੈੱਕ ਕਰਨ ਦੀ ਆਦਤ ਛੱਡੋ।

7. ਸਰੀਰਕ ਗਤੀਵਿਧੀ ਅਤੇ ਸ਼ੌਕ ਲਈ ਸਮਾਂ ਰੱਖੋ:
ਕੰਮ ਤੋਂ ਬਾਅਦ ਦਾ ਸਮਾਂ ਸਿਰਫ਼ ਆਰਾਮ ਲਈ ਨਹੀਂ, ਸਗੋਂ ਦੁਬਾਰਾ ਊਰਜਾ ਭਰਨ (recovery) ਲਈ ਵੀ ਹੁੰਦਾ ਹੈ — ਸੈਰ, ਕਸਰਤ, ਪਰਿਵਾਰ ਨਾਲ ਸਮਾਂ, ਜਾਂ ਕੋਈ ਸ਼ੌਕ।

8. ਪ੍ਰਬੰਧਕਾਂ ਨਾਲ ਖੁੱਲ੍ਹ ਕੇ ਗੱਲ ਕਰੋ:
ਜੇ ਦਫ਼ਤਰ ਦਾ ਸੱਭਿਆਚਾਰ ਹੀ ਦੇਰ ਰਾਤ ਦੇ ਸੁਨੇਹਿਆਂ ਨੂੰ ਉਤਸ਼ਾਹਿਤ ਕਰਦਾ ਹੈ, ਤਾਂ ਇਹ ਮੁੱਦਾ ਆਪਣੇ ਮੈਨੇਜਰ ਨਾਲ ਖੁੱਲ੍ਹ ਕੇ ਸਾਂਝਾ ਕਰੋ। 95% ਕਰਮਚਾਰੀ ਮੰਨਦੇ ਹਨ ਕਿ ਕੰਪਨੀ ਵੱਲੋਂ ਇਸ ਹੱਦ ਦਾ ਸਤਿਕਾਰ ਕਰਨਾ ਜ਼ਰੂਰੀ ਹੈ।

9. ਕੈਲੰਡਰ 'ਤੇ ÷ਫੋਕਸ ਸਮਾਂ÷ ਬਲਾਕ ਕਰੋ:
ਖੋਜ ਦੱਸਦੀ ਹੈ ਕਿ 58% ਕਰਮਚਾਰੀ ਮੀਟਿੰਗਾਂ ਦੇ ਹੜ੍ਹ ਤੋਂ ਬਚਣ ਲਈ ਆਪਣੇ ਕੈਲੰਡਰ 'ਤੇ ਖ਼ਾਸ ਸਮਾਂ ਪਹਿਲਾਂ ਹੀ ਰਾਖਵਾਂ ਰੱਖ ਲੈਂਦੇ ਹਨ। ਇਸੇ ਤਰ੍ਹਾਂ ਸ਼ਾਮ ਦੇ ਸਮੇਂ ਨੂੰ ÷ਪਰਿਵਾਰਕ ਸਮਾਂ÷ ਵਜੋਂ ਬਲਾਕ ਕਰਨਾ ਵੀ ਇੱਕ ਪ੍ਰਭਾਵਸ਼ਾਲੀ ਤਰੀਕਾ ਹੈ।

10. ਦਫ਼ਤਰ ਦੇ ਸਮੇਂ ਦੌਰਾਨ ਨਿੱਜੀ ਕੰਮਾਂ ਨੂੰ ਵੀ ਸੀਮਤ ਰੱਖੋ:
ਜਿਵੇਂ ਦਫ਼ਤਰ ਦਾ ਕੰਮ ਘਰ ਵਿੱਚ ਨਹੀਂ ਘੁਸਣਾ ਚਾਹੀਦਾ, ਉਵੇਂ ਹੀ ਘਰੇਲੂ ਕੰਮ ਦਫ਼ਤਰੀ ਸਮੇਂ ਵਿੱਚ ਲਗਾਤਾਰ ਨਹੀਂ ਹੋਣੇ ਚਾਹੀਦੇ। ਇਸ ਨਾਲ ਦੋਹੀਂ ਪਾਸੀਂ ਧਿਆਨ ਵੰਡਿਆ ਜਾਂਦਾ ਹੈ ਅਤੇ ਅਸਲ ਵਿੱਚ ਕਿਸੇ ਵੀ ਪਾਸੇ ਪੂਰਾ ਧਿਆਨ ਨਹੀਂ ਲੱਗ ਪਾਉਂਦਾ।

ਸੰਤੁਲਨ ਸਿਰਫ਼ ਵਿਅਕਤੀਗਤ ਕੋਸ਼ਿਸ਼ਾਂ ਨਾਲ ਨਹੀਂ ਬਣਦਾ ਸਗੋਂ ਕੰਪਨੀ ਦੀ ਭੂਮਿਕਾ ਵੀ ਓਨੀ ਹੀ ਅਹਿਮ ਹੈ:

-ਢਾਂਚਾਬੱਧ ਲਚਕਤਾ ਦਿਓ: ਪੂਰੀ ਖੁੱਲ੍ਹ ਦੇਣ ਦੀ ਬਜਾਏ, ਟੀਮ-ਪੱਧਰ 'ਤੇ ਤੈਅ ਕੀਤੇ ÷ਕੋਰ ਘੰਟੇ÷ ਜਾਂ ÷ਐਂਕਰ ਦਿਨ÷ ਰੱਖੋ, ਜਿਸ ਨਾਲ ਕਰਮਚਾਰੀ ਬਾਕੀ ਸਮਾਂ ਖ਼ੁਦ ਪ੍ਰਬੰਧਿਤ ਕਰ ਸਕਣ।

-ਦੇਰ ਰਾਤ ਦੇ ਸੁਨੇਹੇ ਹੱਲਾਸ਼ੇਰੀ ਨਾ ਦਿਓ: ਲੀਡਰਸ਼ਿਪ ਖ਼ੁਦ ਵੀਕਐਂਡ ਜਾਂ ਦਫ਼ਤਰੀ ਸਮੇਂ ਤੋਂ ਬਾਹਰ ਸੁਨੇਹੇ ਭੇਜਣ ਤੋਂ ਬਚੇ, ਕਿਉਂਕਿ ਕਰਮਚਾਰੀ ਅਕਸਰ ਮੈਨੇਜਰ ਦੇ ਵਿਹਾਰ ਦੀ ਹੀ ਨਕਲ ਕਰਦੇ ਹਨ।

– ਮਾਨਸਿਕ ਸਿਹਤ ਪ੍ਰੋਗਰਾਮ ਸ਼ੁਰੂ ਕਰੋ: ਜਿਹੜੀਆਂ ਕੰਪਨੀਆਂ ਕਰਮਚਾਰੀਆਂ ਦੀ ਮਾਨਸਿਕ ਸਿਹਤ ਦਾ ਸਮਰਥਨ ਕਰਦੀਆਂ ਹਨ, ਉੱਥੇ ਕਰਮਚਾਰੀ ਬਰਨਆਊਟ ਜਾਂ ਡਿਪਰੈਸ਼ਨ ਤੋਂ ਬਿਨਾਂ ਰਹਿਣ ਦੀ ਦੁੱਗਣੀ ਸੰਭਾਵਨਾ ਰੱਖਦੇ ਹਨ।

– ਛੁੱਟੀਆਂ ਲੈਣ ਨੂੰ ਉਤਸ਼ਾਹਿਤ ਕਰੋ: ਕਈ ਵਾਰ ਕਰਮਚਾਰੀ ਆਪਣੀਆਂ ਪੂਰੀਆਂ ਛੁੱਟੀਆਂ ਨਹੀਂ ਲੈਂਦੇ ਕਿਉਂਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਇਸ ਨਾਲ ਮਾੜਾ ਪ੍ਰਭਾਵ ਪਵੇਗਾ — ਕੰਪਨੀ ਸੱਭਿਆਚਾਰ ਬਦਲ ਕੇ ਇਸ ਡਰ ਨੂੰ ਖ਼ਤਮ ਕੀਤਾ ਜਾ ਸਕਦਾ ਹੈ।

– ਨਤੀਜਿਆਂ 'ਤੇ ਧਿਆਨ ਦਿਓ, ਘੰਟਿਆਂ 'ਤੇ ਨਹੀਂ: ਖੋਜ ਦਿਖਾਉਂਦੀ ਹੈ ਕਿ ਲੰਬੇ ਘੰਟੇ ਕੰਮ ਕਰਨ ਨਾਲੋਂ ਸਪਸ਼ਟ ਟੀਚੇ ਅਤੇ ਨਤੀਜਿਆਂ 'ਤੇ ਧਿਆਨ ਦੇਣ ਵਾਲੀਆਂ ਟੀਮਾਂ ਜ਼ਿਆਦਾ ਪ੍ਰਭਾਵਸ਼ਾਲੀ ਹੁੰਦੀਆਂ ਹਨ — ਚਾਰ ਦਿਨਾਂ ਦੇ ਹਫ਼ਤੇ ਦੇ ਤਜਰਬੇ ਇਸ ਦੀ ਸਭ ਤੋਂ ਵੱਡੀ ਮਿਸਾਲ ਹਨ।

– ਯਾਤਰਾ ਅਤੇ ਟੀਮ-ਬਾਂਡਿੰਗ ਬਜਟ ਵਧਾਓ: ਜਿਹੜੀਆਂ ਕੰਪਨੀਆਂ ਨੇ ਕਰਮਚਾਰੀਆਂ ਨੂੰ ਜੋੜਨ ਲਈ ਯਾਤਰਾ ਬਜਟ ਵਧਾਇਆ, ਉੱਥੇ ਟਰਨਓਵਰ (ਨੌਕਰੀ ਛੱਡਣ ਦੀ ਦਰ) ਵਿੱਚ 29% ਦੀ ਕਮੀ ਦੇਖੀ ਗਈ।

ਅਕਸਰ ਕੰਮਕਾਜੀ ਲੋਕਾਂ ਦੇ ਸਵਾਲ ਹੁੰਦੇ ਹਨ ਕਿ:

ਸਵਾਲ: ਜੇ ਮੇਰੀ ਨੌਕਰੀ ਦੀ ਪ੍ਰਕਿਰਤੀ ਹੀ ਅਜਿਹੀ ਹੈ ਕਿ ਮੈਨੂੰ ਦੇਰ ਰਾਤ ਵੀ ਜਵਾਬ ਦੇਣਾ ਪੈਂਦਾ ਹੈ, ਤਾਂ ਕੀ ਕਰਾਂ ?

ਜਵਾਬ: ਪੂਰੀ ਤਰ੍ਹਾਂ ਸੰਪਰਕ ਤੋਂ ਬਾਹਰ ਹੋਣਾ ਹਰ ਕਿੱਤੇ ਵਿੱਚ ਸੰਭਵ ਨਹੀਂ (ਜਿਵੇਂ ਸਿਹਤ ਸੇਵਾਵਾਂ ਜਾਂ ਐਮਰਜੈਂਸੀ ਭੂਮਿਕਾਵਾਂ)। ਅਜਿਹੇ ਮਾਮਲਿਆਂ ਵਿੱਚ, ÷ਐਮਰਜੈਂਸੀ÷ ਅਤੇ ÷ਗ਼ੈਰ-ਜ਼ਰੂਰੀ÷ ਸੰਪਰਕ ਵਿਚਕਾਰ ਸਪਸ਼ਟ ਫ਼ਰਕ ਤੈਅ ਕਰੋ, ਤਾਂ ਜੋ ਹਰ ਸੁਨੇਹਾ ਤੁਰੰਤ ਧਿਆਨ ਦੀ ਮੰਗ ਨਾ ਕਰੇ।

ਸਵਾਲ : ਕੀ ਦਫ਼ਤਰੀ ਸਮੇਂ ਤੋਂ ਬਾਅਦ ਈਮੇਲ ਦਾ ਜਵਾਬ ਨਾ ਦੇਣ ਨਾਲ ਕਰੀਅਰ 'ਤੇ ਬੁਰਾ ਅਸਰ ਪੈਂਦਾ ਹੈ?

ਜਵਾਬ: ਖੋਜ ਦੱਸਦੀ ਹੈ ਕਿ ਜਿਹੜੇ ਕਰਮਚਾਰੀ ਸਪਸ਼ਟ ਹੱਦਾਂ ਰੱਖਦੇ ਹਨ, ਉਹ ਲੰਬੇ ਸਮੇਂ ਵਿੱਚ ਜ਼ਿਆਦਾ ਊਰਜਾਵਾਨ ਅਤੇ ਧਿਆਨ ਕੇਂਦਰਿਤ ਰਹਿੰਦੇ ਹਨ, ਜਿਸ ਦਾ ਸਿੱਧਾ ਫ਼ਾਇਦਾ ਕੰਮ ਦੀ ਗੁਣਵੱਤਾ ਨੂੰ ਹੁੰਦਾ ਹੈ। ਬਰਨਆਊਟ ਵਾਲੇ ਕਰਮਚਾਰੀ ਨੌਕਰੀ ਛੱਡਣ ਦੀ ਲਗਭਗ 3 ਗੁਣਾ ਜ਼ਿਆਦਾ ਸੰਭਾਵਨਾ ਰੱਖਦੇ ਹਨ — ਇਸ ਲਈ ਸੰਤੁਲਨ ਅਸਲ ਵਿੱਚ ਕਰੀਅਰ ਨੂੰ ਨੁਕਸਾਨ ਨਹੀਂ, ਸਗੋਂ ਸਥਿਰਤਾ ਦਿੰਦਾ ਹੈ।

ਸਵਾਲ : ਸਾਂਝੇ ਪਰਿਵਾਰ ਵਿੱਚ ਰਹਿੰਦੇ ਹੋਏ ਘਰ ਤੋਂ ਕੰਮ ਦੌਰਾਨ ਹੱਦਾਂ ਕਿਵੇਂ ਬਣਾਈਏ ?

ਜਵਾਬ: ਪਰਿਵਾਰ ਦੇ ਬਾਕੀ ਮੈਂਬਰਾਂ ਨਾਲ ਆਪਣੇ ਕੰਮ ਦੇ ਸਮੇਂ ਬਾਰੇ ਖੁੱਲ੍ਹ ਕੇ ਗੱਲ ਕਰੋ ਅਤੇ ਇੱਕ ਦ੍ਰਿਸ਼ ਸੰਕੇਤ (ਜਿਵੇਂ ਦਰਵਾਜ਼ਾ ਬੰਦ ਹੋਣਾ ਜਾਂ ਹੈੱਡਫੋਨ ਲਗਾਉਣਾ) ਤੈਅ ਕਰੋ ਤਾਂ ਜੋ ਸਭ ਨੂੰ ਪਤਾ ਲੱਗ ਸਕੇ ਕਿ ਤੁਸੀਂ ਕੰਮ ਵਿੱਚ ਰੁੱਝੇ ਹੋ।

ਦਫ਼ਤਰ ਅਤੇ ਘਰ ਵਿਚਕਾਰ ਸਪਸ਼ਟ ਲਕੀਰ ਖਿੱਚਣਾ ਸਿਰਫ਼ ਇੱਕ ਨਿੱਜੀ ਆਦਤ ਨਹੀਂ, ਸਗੋਂ ਸਿਹਤ, ਉਤਪਾਦਕਤਾ, ਪਰਿਵਾਰਕ ਰਿਸ਼ਤਿਆਂ ਅਤੇ ਲੰਬੇ ਸਮੇਂ ਦੇ ਕਰੀਅਰ ਲਈ ਵੀ ਜ਼ਰੂਰੀ ਹੈ। ਅੰਕੜੇ ਸਾਫ਼ ਦੱਸਦੇ ਹਨ ਕਿ ਬਰਨਆਊਟ ਹੁਣ ਇੱਕ-ਦੋ ਲੋਕਾਂ ਦੀ ਸਮੱਸਿਆ ਨਹੀਂ, ਸਗੋਂ ਵਿਸ਼ਵ-ਪੱਧਰੀ ਵਰਤਾਰਾ ਬਣ ਚੁੱਕਾ ਹੈ, ਜੋ ਭਾਰਤ ਅਤੇ ਪੰਜਾਬ ਸਮੇਤ ਹਰ ਥਾਂ ਦੇ ਕਰਮਚਾਰੀਆਂ ਨੂੰ ਪ੍ਰਭਾਵਿਤ ਕਰ ਰਿਹਾ ਹੈ। ਖੋਜ ਇਹ ਵੀ ਸਾਬਤ ਕਰਦੀ ਹੈ ਕਿ ਦਫ਼ਤਰ ਬਨਾਮ ਘਰ ਦਾ ਸਵਾਲ ਓਨਾ ਮਹੱਤਵਪੂਰਨ ਨਹੀਂ ਜਿੰਨਾ ਇਹ ਸਵਾਲ ਹੈ ਕਿ ਹੱਦਾਂ ਕਿੰਨੀਆਂ ਸਪਸ਼ਟ, ਢਾਂਚਾਬੱਧ ਅਤੇ ਆਪਸੀ ਸਮਝ ਨਾਲ ਤੈਅ ਕੀਤੀਆਂ ਗਈਆਂ ਹਨ। ਭੌਤਿਕ ਹੱਦ, ਸ਼ੁਰੂ-ਖ਼ਤਮ ਦੀਆਂ ਰਸਮਾਂ, ਸੂਚਨਾਵਾਂ 'ਤੇ ਕਾਬੂ, ਢਾਂਚਾਬੱਧ ਸ਼ਡਿਊਲ, ÷ਨਹੀਂ÷ ਕਹਿਣ ਦੀ ਹਿੰਮਤ, ਪੂਰੀਆਂ ਛੁੱਟੀਆਂ, ਅਤੇ ਪ੍ਰਬੰਧਕਾਂ ਨਾਲ ਖੁੱਲ੍ਹਾ ਸੰਵਾਦ . ਇਹ ਸਾਰੇ ਮਿਲ ਕੇ ਇੱਕ ਅਜਿਹਾ ਢਾਂਚਾ ਬਣਾਉਂਦੇ ਹਨ ਜਿਸ ਵਿੱਚ ਕੰਮ ਵੀ ਅੱਗੇ ਵਧਦਾ ਹੈ ਅਤੇ ਜ਼ਿੰਦਗੀ ਵੀ ਭਰਪੂਰ ਰਹਿੰਦੀ ਹੈ। ਅੰਤ ਵਿੱਚ, ਸੰਤੁਲਨ ਕੋਈ ਲਗਜ਼ਰੀ ਨਹੀਂ . ਇਹ ਇੱਕ ਟਿਕਾਊ, ਸਿਹਤਮੰਦ ਅਤੇ ਖ਼ੁਸ਼ਹਾਲ ਜ਼ਿੰਦਗੀ ਦੀ ਬੁਨਿਆਦੀ ਸ਼ਰਤ ਹੈ।

Shaheedeazamnews.com

ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807




## ਸਰਮਾਏਦਾਰੀ ਕਾਰਨ ਮਨੁੱਖੀ ਕਦਰਾਂ ਕੀਮਤਾਂ ਤਬਾਹ ਹੋ ਰਹੀਆਂ ਹਨ : ਤਰਕਸ਼ੀਲ ਸੂਬਾ ਆਗੂ ਰਜਿੰਦਰ ਭਦੌੜ

**ਪਟਿਆਲਾ, 8 ਸਤੰਬਰ**
**-ਛਤਰਪਾਲ ਸਿੰਘ-**



ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਦੀ ਇਕ ਅਹਿਮ ਮੀਟਿੰਗ ਬੰਗ ਮੀਡੀਆ ਕੰਪਲੈਕਸ ਵਿੱਚ ਹੋਈ। ਜਿਸ ਵਿਚ ਸੁਸਾਇਟੀ ਦੇ ਸੂਬਾ ਜਥੇਬੰਦਕ ਮੁਖੀ ਸ੍ਰੀ ਰਜਿੰਦਰ ਭਦੌੜ ਮੁੱਖ ਬੁਲਾਰੇ ਦੇ ਤੌਰ ਤੇ ਪਹੁੰਚੇ। ਇਸ ਭਰਵੀਂ ਮੀਟਿੰਗ ਵਿੱਚ ਐਡਵੋਕੇਟ ਰਾਜੀਵ ਲੋਹਟਬੱਦੀ, ਐਡਵੋਕੇਟ ਬਲਵੰਤ ਸਿੰਘ, ਭਗਵਾਨ ਸਿੰਘ, ਭੁਪਿੰਦਰ ਸਿੰਘ, ਜੋਨ ਆਗੂ ਬੀਬੀ ਕੁਲਵੰਤ ਕੌਰ, ਸਨੇਹ ਲਤਾ ਅਤੇ ਗੁਰਤੇਜ ਸਿੰਘ ਘਨੌਰ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਬੋਲਦਿਆਂ ਸ੍ਰੀ ਰਜਿੰਦਰ ਭਦੌੜ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਜਿੱਥੇ ਸਰਮਾਏਦਾਰੀ ਆਪਣਾ ਭਿਆਨਕ ਰੂਪ ਦਿਖਾ ਰਹੀ ਹੈ ਓਥੇ ਮਨੁੱਖੀ ਕਦਰਾਂ ਕੀਮਤਾਂ ਨਿਘਾਰ ਵੱਲ ਜਾ ਰਹੀਆਂ ਹਨ। ਮੌਜੂਦਾ ਸਰਕਾਰਾਂ ਲੋਕਾਂ ਦਾ ਪੱਖ ਪੂਰਨ ਦੀ ਥਾਂ ਵਡੇ ਧਨਾਡਾਂ ਦੀ ਪੁਸ਼ਤਪਨਾਹੀ ਕਰਦੀਆਂ ਨਜ਼ਰ ਆ ਰਹੀਆਂ ਹਨ ਅਤੇ ਨਵੀਂ ਤਕਨਾਲੋਜੀ ਹਰ ਖੇਤਰ ਵਿਚ ਕੰਮ ਕਰਨ ਦੇ ਮੌਕੇ ਤਬਾਹ ਕਰ ਰਹੀ ਹੈ। ਜਿਸ ਦਾ ਮਾਰੂ ਅਸਰ ਨੌਜਵਾਨ ਪੀੜ੍ਹੀ ਤੇ ਸਪਸ਼ਟ ਨਜ਼ਰ ਆ ਰਿਹਾ ਹੈ।ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ ਸਮੇਂ ਦੇ ਪ੍ਰਭਾਵ ਤੋਂ ਬਚਣ ਲਈ ਅਗਾਂਹਵਧੂ ਤੇ ਚੇਤਨ ਲੋਕਾਂ ਨੂੰ ਆਮ ਖ਼ਲਕਤ ਦੀ ਯੋਗ ਅਗਵਾਈ ਕਰਨੀ ਚਾਹੀਦੀ ਹੈ ਤਾਂਕਿ ਲੋਕ ਆਪਣੀ ਜ਼ਿੰਦਗੀ ਦਾ ਮੁੱਲਾਂਕਣ ਆਪ ਕਰਨ ਅਤੇ ਸੰਘਰਸ਼ ਅਤੇ ਤਰਕਸ਼ੀਲਤਾ ਰਾਹੀਂ ਇਸ ਮਾਰੂ ਦੌਰ ਵਿਚੋਂ ਨਿਕਲਣ ਲਈ ਲਾਮ ਬੱਧ ਹੋਣ। ਉਨ੍ਹਾਂ ਕਿਹਾ ਕਿ ਬੇਲੋੜੀਆਂ ਰਸਮਾਂ ਰਿਵਾਜ਼ਾਂ ਤੇ ਪੈਸਾ ਬਰਬਾਦ ਕਰਨ ਦੀ ਥਾਂ ਤੇ ਲੋਕਾਂ ਅਤੇ ਵਿਸ਼ੇਸ਼ ਤੌਰ ਤੇ ਨੋਜਵਾਨਾਂ ਨੂੰ ਉਸਾਰੂ ਤੇ ਤਰਕਸ਼ੀਲ ਸਾਹਿਤ ਪੜ੍ਹਨਾ ਸਮੇਂ ਦੀ ਲੋੜ ਹੈ ਅਤੇ ਮੀਡੀਆ ਦੇ ਬੁਰੇ ਪ੍ਰਭਾਵਾਂ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣਾ ਚਾਹੀਦਾ ਹੈ। ਇਸ ਮੀਟਿੰਗ ਨੂੰ ਸ੍ਰੀ ਰਾਮ ਕੁਮਾਰ ਨੇ ਵੀ ਸੰਬੋਧਨ ਕੀਤਾ ਤੇ ਸਾਥੀ ਮਨਪ੍ਰੀਤ ਸਿੰਘ ਨੇ ਇਕ ਬਾ-ਤਰਨੁਮ ਲੋਕ ਗੀਤ ਪੇਸ਼ ਕੀਤਾ।

ਇਸ ਸਮੇਂ ਜੋਨ ਮੀਡੀਆ ਆਗੂ ਰਾਮ ਸਿੰਘ ਬੰਗ, ਜਾਗਨ ਸਿੰਘ, ਗੁਰਬਚਨ ਸਿੰਘ, ਗੁਲਜ਼ਾਰ ਸਿੰਘ, ਚੰਦ ਸਿੰਘ, ਪਰਮਜੀਤ ਸਿੰਘ, ਸੁਰਜੀਤ ਸਿੰਘ, ਹਰਜਿੰਦਰ ਸਿੰਘ, ਮਨੋਜ ਘਈ, ਮਨਪ੍ਰੀਤ ਸਿੰਘ, ਰਾਜਿੰਦਰ ਸਿੰਘ ਆਦਿ ਹਾਜ਼ਰ ਸਨ।

## ਪੰਜਾਬੀ ਯੂਨੀਵਰਸਿਟੀ ਦੀ ਸੀਨੀਅਰ ਸਹਾਇਕ ਪਰਮਜੀਤ ਕੌਰ ਨੇ 'ਖੇਡਾਂ ਵਤਨ ਪੰਜਾਬ ਦੀਆਂ-2026' ਵਿੱਚ ਜਿੱਤੇ ਦੋ ਸੋਨ ਤ.ਗਮੇ

**ਪਟਿਆਲਾ, 8 ਸਤੰਬਰ**
**-ਬਲਜੀਤ ਸਰਨਾ-**



ਪੰਜਾਬ ਸਰਕਾਰ ਵੱਲੋਂ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਪੋਲੋ ਗਰਾਊਂਡ, ਪਟਿਆਲਾ ਵਿਖੇ ਪਟਿਆਲਾ ਸ਼ਹਿਰੀ ਬਲਾਕ ਦੇ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੌਰਾਨ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ 'ਪੰਜਾਬ ਦਾ ਵਣ ਤ੍ਰਿਣ ਜੀਵ ਜੰਤੂ ਮੁੜ ਬਹਾਲੀ ਕੇਂਦਰ' ਵਿਖੇ ਤਾਇਨਾਤ ਸੀਨੀਅਰ ਸਹਾਇਕ ਸ੍ਰੀਮਤੀ ਪਰਮਜੀਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋਹਰੀ ਸਫ਼ਲਤਾ ਹਾਸਲ ਕੀਤੀ ਹੈ। ਸ੍ਰੀਮਤੀ ਪਰਮਜੀਤ ਕੌਰ ਨੇ 41 ਤੋਂ 50 ਸਾਲ ਉਮਰ ਵਰਗ ਦੇ ਐਥਲੈਟਿਕਸ ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਉਨ੍ਹਾਂ ਨੇ 100 ਮੀਟਰ ਦੌੜ ਅਤੇ ਲੰਬੀ ਛਾਲ (ਲੌਂਗ ਜੰਪ), ਦੋਵਾਂ ਈਵੈਂਟਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਦੋ ਸੋਨ ਤ.ਗਮੇ (ਗੋਲਡ ਮੈਡਲ) ਆਪਣੇ ਨਾਮ ਕੀਤੇ। ਉਨ੍ਹਾਂ ਦੀ ਇਸ ਸ਼ਾਨਦਾਰ ਜਿੱਤ ਨੇ ਜਿੱਥੇ ਯੂਨੀਵਰਸਿਟੀ ਦਾ ਮਾਣ ਵਧਾਇਆ ਹੈ, ਉੱਥੇ ਹੀ ਹੋਰਨਾਂ ਮੁਲਾਜ਼ਮਾਂ ਤੇ ਖਿਡਾਰੀਆਂ ਲਈ ਵੀ ਇੱਕ ਵੱਡੀ ਪ੍ਰੇਰਨਾ ਸਰੋਤ ਸਿੱਧ ਹੋਈ ਹੈ। ਇਸ ਮੌਕੇ ਸ੍ਰੀਮਤੀ ਦਲਜੀਤ ਕੌਰ, ਸ੍ਰੀ ਦੀਪਇੰਦਰ ਸਿੰਘ, ਸ੍ਰੀ ਬਲਕਾਰ ਸਿੰਘ, ਸ੍ਰੀ ਬਲਵਿੰਦਰ ਸਿੰਘ, ਸ੍ਰੀ ਪ੍ਰੇਮ ਸਿੰਘ, ਸ੍ਰੀ ਮਨਪ੍ਰੀਤ ਸਿੰਘ, ਸ੍ਰੀ ਸਰਬਜੀਤ ਸਿੰਘ ਸਮੇਤ ਹੋਰ ਪਤਵੰਤੇ ਅਧਿਆਪਕ ਅਤੇ ਕਰਮਚਾਰੀ ਹਾਜ਼ਰ ਰਹੇ। ਸਮੂਹ ਹਾਜ਼ਰੀਨ ਨੇ ਪਰਮਜੀਤ ਕੌਰ ਨੂੰ ਉਨ੍ਹਾਂ ਦੀ ਇਸ ਬਿਹਤਰੀਨ ਖੇਡ ਪੇਸ਼ਕਾਰੀ ਉੱਤੇ ਹਾਰਦਿਕ ਵਧਾਈ ਦਿੱਤੀ ਅਤੇ ਅਗਲੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਣ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਸ੍ਰੀਮਤੀ ਪਰਮਜੀਤ ਕੌਰ ਨੇ ਇਸ ਜਿੱਤ ਦਾ ਸਿਹਰਾ ਆਪਣੇ ਸਾਥੀਆਂ ਦੇ ਨਿਰੰਤਰ ਸਹਿਯੋਗ ਅਤੇ ਉਤਸ਼ਾਹ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਉਮਰ ਕਿਸੇ ਵੀ ਸ਼ੌਕ ਜਾਂ ਸਿਹਤਮੰਦ ਜੀਵਨ ਸ਼ੈਲੀ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਦੀ, ਬਸ਼ਰਤੇ ਮਨ ਵਿੱਚ ਮਿਹਨਤ ਅਤੇ ਸਮਰਪਣ ਦਾ ਜਜ਼ਬਾ ਹੋਵੇ।

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



## ਪੋਲੀਟਿਕਸ



# ਕੌਮ ਦੀ ਮੰਝਧਾਰ ਵਿਚ ਡਿੱਕ ਡੋਲੇ ਖਾਂਦੀ ਬੇੜੀ ਨੂੰ ਕਿਨਾਰੇ ਤੇ ਲਗਾਉਣ ਲਈ, ਸਮੁੱਚੀ ਪੰਥਕ ਏਕਤਾ ਅਤਿ ਜ਼ਰੂਰੀ



ਇਕਬਾਲ ਸਿੰਘ ਟਿਵਾਣਾ,
ਮੁੱਖ ਬੁਲਾਰਾ, ਸਿਆਸੀ ਤੇ ਮੀਡੀਆ ਸਲਾਹਕਾਰ,
ਸ਼੍ਰੋਮਣੀ ਕਾਲੀ ਦਲ (ਅੰਮ੍ਰਿਤਸਰ)।
ਮੋਬ: 98783-44432

ਅਸੀ ਸਭ ਸਿੱਖ ਸੰਗਠਨ, ਜਮਾਤਾਂ, ਸਿਆਸੀ ਪਾਰਟੀਆਂ ਬੀਤੇ ਲੰਮੇ ਸਮੇ ਤੋ ਕੌਮ ਨੂੰ ਦਰਪੇਸ ਆ ਰਹੇ ਗੰਭੀਰ ਮਸਲਿਆ ਨੂੰ ਹੱਲ ਕਰਨ ਅਤੇ ਇਨਸਾਫ਼ ਪ੍ਰਾਪਤ ਕਰਨ ਲਈ ਆਪੋ ਆਪਣੇ ਢੰਗਾਂ ਰਾਹੀ ਜੂਝ ਰਹੇ ਹਾਂ। ਇਸ ਦੌਰਾਨ ਕੌਮ ਦੀ ਨੌਜਵਾਨੀ, ਬੋਧਿਕ ਸ਼ਕਤੀ, ਧਾਰਮਿਕ ਤੇ ਸਿਆਸੀ ਸ਼ਕਤੀ, ਕੌਮੀ ਸਾਧਨਾਂ ਦੇ ਨਾਲ-ਨਾਲ ਲੱਖਾਂ ਦੀ ਗਿਣਤੀ ਵਿਚ ਮਨੁੱਖੀ ਜਾਨਾਂ ਦਾ ਵੱਡਾ ਨੁਕਸਾਨ ਹੋਇਆ ਹੈ। ਇਥੋ ਤੱਕ ਸਾਡੇ ਵਿਲੱਖਣ ਮਹਾਨ ਸਰਬੱਤ ਦੇ ਭਲੇ ਵਾਲੀ ਸੋਚ, ਵਿਰਸੇ-ਵਿਰਾਸਤ ਅਤੇ ਅਮੀਰ ਸੱਭਿਆਚਾਰ ਨੂੰ ਨੁਕਸਾਨ ਪਹੁੰਚਾਉਣ ਵਿਚ ਹਿੰਦੂਤਵ ਤਾਕਤਾਂ ਕਾਮਯਾਬ ਹੋਈਆ ਹਨ। ਸਾਡੇ ਸੂਬੇ ਦੇ ਸਾਧਨਾਂ ਬਿਜਲੀ-ਪਾਣੀ ਅਤੇ ਇਲਾਕਿਆ ਨੂੰ ਗੈਰ ਕਾਨੂੰਨੀ ਤੌਰ ਤੇ ਲੁੱਟਿਆ ਗਿਆ ਹੈ। ਸਾਡੀ ਨੌਜਵਾਨੀ ਨੂੰ 30-30 ਸਾਲਾਂ ਤੋ ਜੇਲ੍ਹਾਂ ਵਿਚ ਬੰਦੀ ਬਣਾਕੇ ਰੱਖਿਆ ਹੋਇਆ ਹੈ। ਸਾਡੀ ਪੰਜਾਬ ਦੀ ਡੈਮੋਗ੍ਰਾਫੀ ਨੂੰ ਨੁਕਸਾਨ ਪਹੁੰਚਾਉਣ ਹਿੱਤ ਪ੍ਰਵਾਸੀਆ ਨੂੰ ਪੰਜਾਬ ਵਿਚ ਰਾਸਨ ਕਾਰਡ, ਵੋਟਰ ਕਾਰਡ, ਨੌਕਰੀਆਂ ਵਿਚ ਸਥਾਨ ਦੇਣ ਦੇ ਵੱਡੇ ਅਮਲ ਹੋ ਰਹੇ ਹਨ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਅਗਨ ਭੇਟ ਕਰਕੇ ਅਪਮਾਨਿਤ ਕਰਨ ਦੀਆ ਸਾਜਿਸਾਂ ਹੋ ਰਹੀਆ ਹਨ। ਇਸਦੀ ਰੋਕਥਾਮ ਲਈ ਸਾਡੀ ਮੁੱਖ ਸੰਸਥਾਂ ਐਸ.ਜੀ.ਪੀ.ਸੀ ਅਤੇ ਹੋਰ ਸੰਸਥਾਵਾਂ ਵੱਲੋ ਕੋਈ ਅਸਰਦਾਰ ਅਮਲ ਨਹੀ ਹੋਇਆ। ਸਿੱਖ ਨੌਜਵਾਨੀ ਨੂੰ ਸਿੱਖੀ ਧੁਰੇ ਤੋ ਦੂਰ ਕਰਨ ਲਈ ਸੈਂਟਰ ਦੇ ਖਜਾਨੇ ਵਿਚੋ ਅਰਬਾਂ ਰੁਪਏ ਖਰਚੇ ਜਾ ਰਹੇ ਹਨ। ਕਹਿਣ ਤੋ ਭਾਵ ਹੈ ਕਿ ਜਦੋ ਪੰਜਾਬ ਸੂਬੇ ਨੂੰ ਮਾਲੀ, ਧਾਰਮਿਕ, ਵਿਦਿਅਕ, ਇਖਲਾਕੀ, ਸਮਾਜਿਕ ਅਤੇ ਭੂਗੋਲਿਕ ਤੌਰ ਤੇ ਕੰਮਜੋਰ ਕਰਨ ਹਿੱਤ, ਘਸਿਆਰਾ ਬਣਾਉਣ ਲਈ ਸਾਜਿਸਾਂ ਹੋ ਰਹੀਆ ਹਨ। ਜੇਕਰ ਅਜਿਹੇ ਹਾਲਾਤਾਂ ਵਿਚ ਸਮੁੱਚੀ ਸਿੱਖ ਲੀਡਰਸਿਪ ਪੰਥ ਦੇ ਵੱਡੇਰੇ ਹਿੱਤਾ ਨੂੰ ਮੁੱਖ ਰੱਖਕੇ ਸੁਹਿਰਦਤਾ ਨਾਲ ਇਕ ਪਲਟੇਫਾਰਮ ਤੇ ਕੌਮੀ ਨਿਸ਼ਾਨੇ ਦੀ ਪ੍ਰਾਪਤੀ ਲਈ ਇਮਾਨਦਾਰੀ ਨਹੀ ਰੱਖੇਗੀ, ਫਿਰ ਪੰਜਾਬੀ ਅਤੇ ਸਿੱਖ ਕੌਮ ਦੇ 'ਅੱਛੇ ਦਿਨਾਂ' ਤੇ ਸਰਬੱਤ ਦੇ ਭਲੇ ਵਾਲੀ ਸਾਂਝੀ ਸਰਕਾਰ ਕਾਇਮ ਕਰਨ ਬਾਰੇ ਕਿਵੇ ਸੋਚਿਆ ਜਾ ਸਕਦਾ ਹੈ ? ਖਾਲਸਾ ਪੰਥ ਤੇ ਪੰਜਾਬ ਦੇ ਹਾਲਾਤਾਂ ਉਤੇ ਇਕ ਸਮਿਖਿਆ ਤੇ ਪੜਚੋਲ ਕਰਦੇ ਹੋਏ ਸਮੁੱਚੀ ਸਿੱਖ ਲੀਡਰਸਿਪ ਅਤੇ ਪੰਜਾਬੀਆਂ ਨੂੰ ਸੂਬੇ ਦੇ ਅਤੇ ਸਿੱਖ ਕੌਮ ਦੇ ਵੱਡੇਰੇ ਹਿੱਤਾ ਲਈ ਹਰ ਤਰ੍ਹਾਂ ਦੀ ਹਉਮੈ ਨੂੰ ਤਿਆਗ ਕੇ ਇਕ ਪਲੇਟਫਾਰਮ ਤੇ ਇਕੱਤਰ ਹੋਣ ਅਤੇ ਅਗਲੀਆ 2027 ਦੀਆਂ ਆ ਰਹੀਆ ਵਿਧਾਨ ਸਭਾ ਚੋਣਾਂ ਵਿਚ ਸੂਬੇ ਅਤੇ ਪੰਥ ਵਿਰੋਧੀ ਦੁਸਮਣ ਤਾਕਤਾਂ ਬੀਜੇਪੀ-ਆਰ.ਐਸ.ਐਸ, ਕਾਂਗਰਸ, ਆਮ ਆਦਮੀ ਪਾਰਟੀ ਵਿਰੁੱਧ ਖਾਲਸਾ ਪੰਥ ਵੱਲੋ ਇਕ ਉਮੀਦਵਾਰ ਹੋਣਾ ਚਾਹੀਦਾ ਹੈ। ਸਭ ਕੌਮੀ ਤੇ ਪੰਜਾਬ ਦੀਆਂ ਮੁਸਕਿਲਾਂ ਦਾ ਇਕੋ ਇਕ ਫੌਰੀ ਹੱਲ ਹੈ ਕਿ ਸਿੱਖ ਕੌਮ ਨਾਲ ਸੰਬੰਧਤ ਸਭ ਸਿਆਸੀ, ਧਾਰਮਿਕ ਤੇ ਸਮਾਜਿਕ ਜਮਾਤਾਂ ਤੇ ਸੰਗਠਨ ਆਪਣੇ ਆਪ ਨੂੰ ਗਲਤ ਅੰਦਾਜਿਆ ਵਿਚ ਗ੍ਰਸਤ ਕਰਨ ਦੀ ਬਜਾਇ ਸੰਜੀਦਗੀ ਨਾਲ ਸਮੁੱਚੀ ਸਿੱਖ ਲੀਡਰਸਿਪ ਇਕ ਸਾਂਝੀ ਮੀਟਿੰਗ ਰੱਖਕੇ ਪੰਜਾਬ ਵਿਧਾਨ ਸਭਾ ਦੇ 117 ਹਲਕਿਆ ਲਈ ਉਨ੍ਹਾਂ ਸੁਹਿਰਦ ਪੰਜਾਬ ਅਤੇ ਕੌਮਪ੍ਰਸਤ ਉਮੀਦਵਾਰਾਂ ਉਤੇ ਸਹਿਮਤੀ ਕਰਨ, ਜੋ ਅਸਲੀਅਤ ਵਿਚ ਆਪੋ ਆਪਣੇ ਹਲਕਿਆ ਵਿਚ ਚੋਖਾ ਸਤਿਕਾਰ ਤੇ ਆਧਾਰ ਰੱਖਦੇ ਹੋਣ ਅਤੇ ਉਨ੍ਹਾਂ ਕੋਲ ਚੋਣਾਂ ਲੜਨ ਲਈ ਲੋੜੀਂਦੇ ਵਿੱਤੀ ਤੇ ਹੋਰ ਸਾਧਨ ਹੋਣ। ਜੇਕਰ ਸਮੁੱਚੇ ਪੰਥਕ ਸੰਗਠਨ ਅਤੇ ਸਿੱਖ ਲੀਡਰਸਿਪ 117 ਚੋਣ ਹਲਕਿਆ ਵਿਚ ਇਕ ਉਮੀਦਵਾਰ ਦੇਣ ਦੇ ਮਕਸਦ ਦੀ ਪ੍ਰਾਪਤੀ ਕਰਨ ਵਿਚ ਕਾਮਯਾਬ ਹੋ ਜਾਂਦੇ ਹਨ, ਤਾਂ ਦੁਨੀਆ ਦੀ ਕੋਈ ਵੀ ਵੱਡੇ ਤੋ ਵੱਡੀ ਤਾਕਤ ਪੰਜਾਬ ਵਿਚ ਸਰਬਸਾਂਝੀ ਪੰਥਕ ਸਰਕਾਰ ਕਾਇਮ ਹੋਣ ਤੋ ਨਹੀ ਰੋਕ ਸਕੇਗੀ। ਜੇਕਰ ਕੋਈ ਵੀ ਪੰਥਕ ਸੰਗਠਨ ਜਾਂ ਆਗੂ ਆਪਣੀ ਦੁਨਿਆਵੀ ਹਉਮੈ ਵਿਚ ਆ ਕੇ ਸੀਟਾਂ ਦੇ ਲੈਣ ਦੇਣ ਦੇ ਹੋਣ ਵਾਲੇ ਸਮੂਹਿਕ ਸਮਝੌਤੇ ਦੇ ਮਕਸਦ ਨੂੰ ਪ੍ਰਾਪਤ ਕਰਨ ਵਿਚ ਰੁਕਾਵਟ ਖੜ੍ਹੀ ਕਰਦਾ ਹੈ, ਜਾਂ ਆਪਣੀ ਅਜਾਰੇਦਾਰੀ ਵਾਲੀ ਸੋਚ ਤੇ ਅਮਲ ਕਰਦਾ ਹੈ, ਤਾਂ ਅਜਿਹਾ ਸੰਗਠਨ ਜਾਂ ਆਗੂ ਦੂਸਰੇ ਸੰਗਠਨਾਂ ਨਾਲੋ 500-700 ਵੱਧ ਵੋਟ ਤਾਂ ਲੈ ਸਕਦਾ ਹੈ, ਪਰ ਜਿੱਤ ਨੂੰ ਉਹ ਕਦੀ ਵੀ ਪ੍ਰਾਪਤ ਨਹੀ ਕਰ ਸਕੇਗਾ। ਭਾਵੇ ਅਜਿਹਾ ਗਰੁੱਪ ਵਾਰਿਸ ਪੰਜਾਬ ਅਕਾਲੀ ਦਲ ਦਾ ਹੋਵੇ, ਭਾਵੇ ਅੰਮ੍ਰਿਤਸਰ ਦਲ ਦਾ ਹੋਵੇ, ਭਾਵੇ ਗਿਆਨੀ ਹਰਪ੍ਰੀਤ ਸਿੰਘ ਦਾ ਦਲ ਹੋਵੇ ਜਾਂ ਬਾਦਲ ਦਲੀਏ ਹੋਣ ਸਭ ਉਮੀਦਵਾਰਾਂ ਦੀਆਂ ਜ਼ਮਾਨਤਾਂ ਜਬਤ ਹੋਣ ਦਾ ਮਾਹੌਲ ਪੈਦਾ ਕਰਨ ਲਈ ਇਹ ਲੀਡਰਸਿਪ ਖੁਦ ਜਿੰਮੇਵਾਰ ਹੋਵੇਗੀ। ਕੋਈ ਵੀ ਧਿਰ ਜਾਂ ਆਗੂ ਇਸ ਭੁਲੇਖੇ ਵਿਚ ਨਾ ਰਹੇ ਕਿ ਸਾਡੀ ਸਿੱਖ ਕੌਮ ਵਿਚ ਵੱਡੀ ਗੱਲ ਹੈ, ਦੂਸਰੇ ਦੀ ਘੱਟ ਹੈ। ਸਮੂਹਿਕ ਤੌਰ ਤੇ ਲੜਨ ਨਾਲ ਹੀ ਫਤਹਿ ਪ੍ਰਾਪਤ ਹੋਵੇਗੀ ਵਰਨਾ ਨਮੋਸੀਜਨਕ ਹਾਰ ਦਾ ਸਾਹਮਣਾ ਕਰਨਾ ਪਵੇਗਾ। ਅਜਿਹੇ ਆਗੂ ਖੁਦ ਹੀ ਦੁਸਮਣ ਤਾਕਤਾਂ ਨੂੰ ਪੰਜਾਬ ਦੇ ਅਮੀਰ ਵਿਰਸੇ ਸਭਿਅਤਾ, ਸੂਬੇ ਲਈ 'ਆ ਬੈਲ ਮੁਝੇ ਮਾਰ' ਨੂੰ ਸੱਦਾ ਦੇ ਰਹੇ ਹੋਣਗੇ। ਉਪਰੰਤ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਦੀ ਹੋਣ ਵਾਲੀ ਦੁਰਦਸਾ ਲਈ ਇਹ ਸਭ ਸੰਗਠਨ ਤੇ ਆਗੂ ਸਿੱਧੇ ਤੌਰ ਤੇ ਜਿੰਮੇਵਾਰ ਹੋਣਗੇ। ਇਸ ਲਈ ਬਿਨ੍ਹਾਂ ਦੇਰੀ ਕੀਤਿਆ ਸਮਾਂ ਗੁਆਏ ਬਿਨ੍ਹਾਂ ਸਭ ਸੰਗਠਨਾਂ ਤੇ ਆਗੂਆ ਨੂੰ ਚਾਹੀਦਾ ਹੈ ਕਿ 'ਮੈ ਨ ਮਾਨੂ' ਦੀ ਰਟ ਨੂੰ ਅਲਵਿਦਾ ਕਹਿਕੇ ਪੰਥ ਤੇ ਪੰਜਾਬ ਦੇ ਵੱਡੇਰੇ ਹਿੱਤਾ ਨੂੰ ਮੁੱਖ ਰੱਖਕੇ ਸੰਜੀਦਗੀ ਅਤੇ ਦ੍ਰਿੜਤਾ ਨਾਲ ਪੰਥਕ ਏਕਤਾ ਨੂੰ ਸਿਰੇ ਚਾੜਨ ਵਿਚ ਯੋਗਦਾਨ ਪਾਉਣ ਅਤੇ ਆਪਣੇ ਉਤੇ ਲੱਗਣ ਵਾਲੇ ਬਜਰ ਦੋਸ਼ਾਂ ਤੋ ਮੁਕਤ ਹੋਣ ਦੀ ਜਿੰਮੇਵਾਰੀ ਨਿਭਾਉਣ। ਅਜਿਹਾ ਅਮਲ ਕਰਕੇ ਹੀ ਉਹ ਖੁਦ ਆਪਣੀ ਆਤਮਾ, ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨਾਲ ਸਹੀ ਦਿਸ਼ਾ ਵੱਲ ਇਨਸਾਫ਼ ਕਰ ਰਹੇ ਹੋਣਗੇ।

## ਮੁੱਖ ਮੰਤਰੀ ਸਿਹਤ ਯੋਜਨਾ ਨੇ 560 ਡਾਇਬਿਟਿਕ ਫੁੱਟ ਦੇ ਮਰੀਜ਼ਾਂ ਨੂੰ ਉਹਨਾਂ ਦੇ ਅੰਗ ਬਚਾਉਣ ਦਾ ਮੌਕਾ ਦਿੱਤਾ

**ਚੰਡੀਗੜ੍ਹ, 8 ਸਤੰਬਰ**
**-ਜੀ. ਐਸ. ਤੁੰਗ-**

ਜ਼ਖ਼ਮ ਭਾਵੇਂ ਛੋਟਾ ਦਿਖਾਈ ਦੇ ਰਿਹਾ ਹੋਵੇ, ਪਰ ਇਸ ਦਾ ਖ਼ਤਰਾ ਬਿਲਕੁਲ ਵੀ ਛੋਟਾ ਨਹੀਂ ਸੀ।

ਸ਼ੂਗਰ ਤੋਂ ਪੀੜਤ ਵਿਅਕਤੀ ਦੇ ਪੈਰ 'ਤੇ ਲੱਗੀ ਇੱਕ ਛੋਟੀ ਜਿਹੀ ਸੱਟ ਹੌਲੀ-ਹੌਲੀ ਗੰਭੀਰ ਮੈਡੀਕਲ ਐਮਰਜੈਂਸੀ ਦਾ ਰੂਪ ਧਾਰ ਸਕਦੀ ਹੈ। ਨਾੜੀਆਂ ਨੂੰ ਨੁਕਸਾਨ ਪਹੁੰਚਣ ਕਾਰਨ ਦਰਦ ਮਹਿਸੂਸ ਕਰਨ ਦੀ ਸਮਰੱਥਾ ਘਟ ਜਾਂਦੀ ਹੈ, ਜਿਸ ਕਾਰਨ ਸੱਟ ਦਾ ਪਤਾ ਲੱਗਣਾ ਮੁਸ਼ਕਲ ਹੋ ਜਾਂਦਾ ਹੈ। ਖ਼ੂਨ ਦਾ ਸੰਚਾਰ ਖ਼ਰਾਬ ਹੋਣ ਨਾਲ ਜ਼ਖ਼ਮ ਭਰਨ ਦੀ ਪ੍ਰਕਿਰਿਆ ਹੌਲੀ ਹੋ ਜਾਂਦੀ ਹੈ9 ਇਸ ਨਾਲ ਇਨਫੈਕਸ਼ਨ ਡੂੰਘੇ ਟਿਸ਼ੂਆਂ ਤੱਕ ਫੈਲ ਸਕਦਾ ਹੈ ਅਤੇ ਗੰਭੀਰ ਮਾਮਲਿਆਂ ਵਿੱਚ ਅੰਗ ਗਵਾਉਣ ਤੱਕ ਦਾ ਖ਼ਤਰਾ ਵੀ ਪੈਦਾ ਹੋ ਜਾਂਦਾ ਹੈ9 ਪੰਜਾਬ ਦੇ ਸੈਂਕੜੇ ਮਰੀਜ਼ਾਂ ਲਈ ਮੁੱਖ ਮੰਤਰੀ ਸਿਹਤ ਯੋਜਨਾ (ਐਮ.ਐਮ.ਐਸ.ਵਾਈ.) ਉਸ ਸਮੇਂ ਸੁਰੱਖਿਆ ਕਵਚ ਬਣੀ, ਜਦੋਂ ਡਾਇਬਿਟਿਕ ਫੁੱਟ ਦੀ ਸਮੱਸਿਆ ਸਿਹਤਯਾਬੀ ਲਈ ਗੰਭੀਰ ਚੁਣੌਤੀ ਬਣ ਗਈ ਹੈ।

47 ਸਾਲਾ ਹਰਚਰਨ ਸਿੰਘ ਐਡਵਾਂਸਡ ਡਾਇਬਿਟਿਕ ਫੁੱਟ ਦੀ ਬੀਮਾਰੀ ਨਾਲ ਜੂਝ ਰਹੇ ਸਨ। ਨਾੜੀਆਂ ਨੂੰ ਨੁਕਸਾਨ ਪਹੁੰਚਣ ਕਾਰਨ ਉਨ੍ਹਾਂ ਦੀ ਸੱਟ ਦਾ ਪਤਾ ਲਗਣ ਦੀ ਸਮਰੱਥਾ ਘਟ ਗਈ ਸੀ, ਜਦਕਿ ਇਨਫੈਕਸ਼ਨ ਡੂੰਘੇ ਟਿਸ਼ੂਆਂ ਤੱਕ ਫੈਲ ਚੁੱਕਾ ਸੀ। ਡਾਕਟਰਾਂ ਨੇ ਇਨਫੈਕਟਿਡ ਅਤੇ ਡੈੱਡ ਟਿਸ਼ੂਆਂ ਨੂੰ ਹਟਾਉਣ ਅਤੇ ਪੈਰ ਨੂੰ ਠੀਕ ਕਰਨ ਲਈ ਸਰਜੀਕਲ ਡੀਬ੍ਰਾਈਡਮੈਂਟ ਕੀਤੀ।

38 ਸਾਲਾ ਰਾਜਾ ਨੂੰ ਵੀ ਇਸੇ ਤਰ੍ਹਾਂ ਦੇ ਖ਼ਤਰੇ ਦਾ ਸਾਹਮਣਾ ਕਰਨਾ ਪਿਆ। ਡਾਇਬਿਟਿਕ ਨਿਊਰੋਪੈਥੀ ਕਾਰਨ ਉਸਨੂੰ ਨੂੰ ਪੈਰ 'ਤੇ ਹੋਏ ਜ਼ਖ਼ਮ ਦਾ ਕੋਈ ਅਹਿਸਾਸ ਹੀ ਨਹੀਂ ਹੋਇਆ, ਜੋ ਬਾਅਦ ਵਿੱਚ ਗੰਭੀਰ ਇਨਫੈਕਸ਼ਨ ਵਿੱਚ ਬਦਲ ਗਿਆ ਅਤੇ ਇਸ ਦੇ ਹੱਡੀ ਤੱਕ ਪਹੁੰਚਣ ਤੱਕ ਦੀ ਨੌਬਤ ਆਣ ਬਣੀ ਸੀ। ਅਜਿਹੀ ਸਥਿਤੀ ਵਿੱਚ ਸਮੇਂ ਸਿਰ ਸਰਜਰੀ ਕਰਨਾ ਜ਼ਰੂਰੀ ਹੋ ਗਿਆ।

ਇੱਕ ਹੋਰ ਲਾਭਪਾਤਰੀ 57 ਸਾਲਾ ਵੀਨਾ ਦੇ ਖ਼ੂਨ ਦਾ ਸੰਚਾਰ ਖ਼ਰਾਬ ਹੋਣ ਕਾਰਨ ਜ਼ਖ਼ਮ ਦਾ ਭਰਨਾ ਮੁਸ਼ਕਲ ਹੋ ਗਿਆ ਸੀ। ਉਨ੍ਹਾਂ ਦਾ ਅਲਸਰ ਇਸ ਹੱਦ ਤੱਕ ਵਧ ਗਿਆ ਸੀ ਕਿ ਪੈਰ ਕੱਟਣ ਦੀ ਨੌਬਤ ਆਉਣ ਦਾ ਖ਼ਤਰਾ ਪੈਦਾ ਹੋ ਗਿਆ। ਇਨਫੈਕਟਿਡ ਟਿਸ਼ੂਆਂ ਨੂੰ ਹਟਾਉਣ ਲਈ ਸਰਜਰੀ ਕਰਨੀ ਪਈ।

ਇਸੇ ਤਰ੍ਹਾਂ 67 ਸਾਲਾ ਸੰਤੋਖ ਸਿੰਘ ਦੇ ਪੈਰ ਵਿੱਚ ਲੰਮੇ ਸਮੇਂ ਤੋਂ ਨਾ ਭਰਨ ਵਾਲਾ ਡਾਇਬਿਟਿਕ ਫੁੱਟ ਅਲਸਰ ਹੋ ਗਿਆ ਸੀ, ਜਿਸ ਵਿੱਚ ਪੀਪ ਬਣਨੀ ਸ਼ੁਰੂ ਹੋ ਗਈ ਸੀ। ਇਨਫੈਕਸ਼ਨ ਨੂੰ ਦੂਰ ਕਰਨ ਅਤੇ ਪ੍ਰਭਾਵਿਤ ਟਿਸ਼ੂਆਂ ਨੂੰ ਹਟਾਉਣ ਲਈ ਸਰਜੀਕਲ ਪ੍ਰਕਿਰਿਆ ਜ਼ਰੂਰੀ ਸੀ। ਚਾਰ ਮਰੀਜ਼। ਚਾਰ ਵੱਖ-ਵੱਖ ਸਮੱਸਿਆਵਾਂ। ਇੱਕ ਡਰਾਉਣੀ ਸੰਭਾਵਨਾ—ਅੰਗ ਗੁਆਉਣ ਦੀ।

ਪਰ ਸਮੇਂ ਸਿਰ ਮਿਲੇ ਇਲਾਜ ਨੇ ਇਨ੍ਹਾਂ ਚਾਰਾਂ ਮਰੀਜ਼ਾਂ ਨੂੰ ਇਨਫੈਕਸ਼ਨ ਨਾਲ ਲੜਕੇ ਆਪਣੇ ਅੰਗ ਬਚਾਉਣ ਦਾ ਮੌਕਾ ਦਿੱਤਾ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਅੰਕੜੇ ਦੇ ਪਿੱਛੇ ਇੱਕ ਇਨਸਾਨੀ ਜ਼ਿੰਦਗੀ ਹੈ—ਇੱਕ ਪਿਤਾ, ਇੱਕ ਮਾਂ, ਇੱਕ ਪੁੱਤਰ ਜਾਂ ਇੱਕ ਧੀ, ਜਿਸ ਦਾ ਪਰਿਵਾਰ ਇੱਕ ਹੋਰ ਮੌਕੇ ਦੀ ਉਮੀਦ ਕਰ ਰਿਹਾ ਹੈ। ਡਾਇਬਿਟਿਕ ਫੁੱਟ ਦੀਆਂ ਪੇਚੀਦਗੀਆਂ ਹੌਲੀ-ਹੌਲੀ ਵਧ ਸਕਦੀਆਂ ਹਨ ਅਤੇ ਜੇ ਇਲਾਜ ਵਿੱਚ ਦੇਰੀ ਹੋਵੇ ਤਾਂ ਚੱਲਣ-ਫਿਰਨ ਦੀ ਸਮਰੱਥਾ ਅਤੇ ਇੱਥੋਂ ਤੱਕ ਕਿ ਅੰਗ ਗਵਾਉਣ ਦਾ ਵੀ ਖ਼ਤਰਾ ਪੈਦਾ ਹੋ ਸਕਦਾ ਹੈ। ਸਾਡੀ ਤਰਜੀਹ ਇਹ ਯਕੀਨੀ ਬਣਾਉਣਾ ਹੈ ਕਿ ਪੰਜਾਬ ਦੇ ਕਿਸੇ ਵੀ ਪਰਿਵਾਰ ਨੂੰ ਸਮੇਂ ਸਿਰ ਇਲਾਜ ਕਰਵਾਉਣ ਲਈ ਖ਼ਰਚੇ ਦੇ ਬੋਝ ਦੀ ਚਿੰਤਾ ਨਾ ਕਰਨੀ ਪਵੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਇਸ ਉਦੇਸ਼ ਨਾਲ ਤਿਆਰ ਕੀਤੀ ਗਈ ਹੈ ਕਿ ਜਦੋਂ ਕੋਈ ਮਰੀਜ਼ ਹਸਪਤਾਲ ਪਹੁੰਚੇ ਤਾਂ ਧਿਆਨ ਮਰੀਜ਼ ਦੀ ਜਾਨ ਬਚਾਉਣ 'ਤੇ ਹੋਵੇ, ਨਾ ਕਿ ਇਸ ਗੱਲ 'ਤੇ ਕਿ ਉਸ ਦਾ ਪਰਿਵਾਰ ਇਲਾਜ ਦਾ ਖ਼ਰਚਾ ਚੁੱਕ ਸਕੇਗਾ ਜਾਂ ਨਹੀਂ।

ਡਾ. ਬਲਬੀਰ ਸਿੰਘ ਨੇ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਦੀ ਸਫ਼ਲਤਾ ਨੂੰ ਸਿਰਫ਼ ਇਲਾਜਾਂ ਦੀ ਗਿਣਤੀ ਜਾਂ ਖ਼ਰਚ ਕੀਤੀ ਗਈ ਰਕਮ ਨਾਲ ਨਹੀਂ ਮਾਪਿਆ ਜਾਣਾ ਚਾਹੀਦਾ, ਸਗੋਂ ਇਸ ਗੱਲ ਨਾਲ ਮਾਪਿਆ ਜਾਣਾ ਚਾਹੀਦਾ ਹੈ ਕਿ ਇਨ੍ਹਾਂ ਇਲਾਜਾਂ ਨੇ ਕੀ ਸੰਭਵ ਬਣਾਇਆ—ਇੱਕ ਮਰੀਜ਼ ਦਾ ਸਿਹਤਯਾਬ ਹੋ ਕੇ ਘਰ ਪਰਤਣਾ।

## ਪਟਿਆਲਾ-3 ਜੋਨ ਨੇ ਜਿੱਤਿਆ ਅੰਡਰ/17 ਕ੍ਰਿਕਟ ਦਾ ਗੋਲਡ ਮੈਡਲ



**ਪਟਿਆਲਾ, 8 ਸਤੰਬਰ**
**-ਛਤਰਪਾਲ ਸਿੰਘ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 17 ਲੜਕਿਆਂ ਦੇ ਕ੍ਰਿਕਟ ਮੁਕਾਬਲੇ ਬੁੱਢਾ ਦਲ ਸਪੋਰਟਸ ਕੰਪਲੈਕਸ ਪਟਿਆਲਾ ਵਿਖੇ ਕਰਵਾਏ ਗਏ।ਪਟਿਆਲਾ-3 ਜੋਨ ਨੇ ਫਾਈਨਲ ਮੁਕਾਬਲੇ ਵਿੱਚ ਰਾਜਪਰਾ ਜੋਨ ਨੂੰ ਹਰਾ ਕੇ ਗੋਲਡ ਮੈਡਲ ਜਿੱਤਿਆ। ਰਾਜਪੁਰਾ ਜੋਨ ਨੇ ਸਿਲਵਰ ਮੈਡਲ ਜਿੱਤਿਆ।

ਡਾ ਰਾਜਦੀਪ ਸਿੰਘ ਚੇਅਰਮੈਨ ਪਲੇ ਵੇਜ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਨੇ ਉਚੇਚੇ ਤੌਰ ਤੇ ਬੁੱਢਾ ਦਲ ਸਪੋਰਟਸ ਕੰਪਲੈਕਸ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ ਤੇ ਮੈਡਲ ਪਾ ਕੇ ਸਨਮਾਨਿਤ ਵੀ ਕੀਤਾ।ਇਸ ਮੌਕੇ ਤੇ ਬਲਵਿੰਦਰ ਸਿੰਘ ਜੱਸਲ ਜੋਨ ਸਕੱਤਰ ਪਟਿਆਲਾ-2, ਸਤਵਿੰਦਰ ਸਿੰਘ,ਵਿਨੋਦ ਕੁਮਾਰ,ਪਰਵੀਨ ਕੁਮਾਰ ਕੋਚ, ਹਰੀਸ਼ ਸਿੰਘ ਰਾਵਤ,ਵਿਕਾਸ ਜਿੰਦਲ,ਨਿਰਭੈ ਸਿੰਘ ਟੌਹੜਾ, ਰਵੀਇੰਦਰ ਸਿੰਘ ਰਵੀ, ਬਲਕਾਰ ਸਿੰਘ,ਰਾਕੇਸ਼ ਕੁਮਾਰ, ਨਵੀਨ ਕੁਮਾਰ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

## ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਦੀ ਵੱਲੋ ਲੋਕਾਂ ਨਾਲ ਕੀਤੀ ਗਈ

**ਸਨੌਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਰਾਠੀਆਂ ਵਿਖੇ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਇਕ ਵਿਸ਼ੇਸ਼ ਬੈਠਕ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਦੇ ਸੂਬਾ ਉਪ ਪ੍ਰਧਾਨ ਅਤੇ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਦੀ ਵੱਲੋ ਲੋਕਾਂ ਨਾਲ ਕੀਤੀ ਗਈ, ਜਿਸ ਵਿੱਚ ਉਨ੍ਹਾਂ ਆਪਣੇ ਸਾਥੀਆਂ ਸਮੇਤ ਪਿੰਡ ਵਾਸੀਆਂ ਨਾਲ ਹਲਕੇ ਸਨੌਰ ਚ ਵਿਕਾਸ ਨੂੰ ਲੈਕੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਪਿੰਡ ਦੇ ਲੋਕਾਂ ਵੱਲੋਂ ਪਿੰਡ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਅਤੇ ਇਲਾਕੇ ਦੇ ਮੌਜੂਦਾ ਹਾਲਾਤ ਸਬੰਧੀ ਆਗੂਆਂ ਨਾਲ ਵਿਚਾਰ ਸਾਂਝੇ ਕੀਤੇ ਗਏ। ਗੌਰਵ ਸੰਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਹਮੇਸ਼ਾ ਮੋਹਰੀ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਪਿੰਡ-ਪਿੰਡ ਵਰਕਰਾਂ ਅਤੇ ਆਮ ਲੋਕਾਂ ਨਾਲ ਸੰਪਰਕ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਾਂਗਰਸੀ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਲੋਕਾਂ ਦੇ ਹੱਕਾਂ ਲਈ ਡਟ ਕੇ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ। ਬੈਠਕ ਦੌਰਾਨ ਪਿੰਡ ਵਾਸੀਆਂ ਨੇ ਵੀ ਕਾਂਗਰਸ ਦੀ ਮਜ਼ਬੂਤੀ ਲਈ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਸਰਪੰਚ ਰਣਦੀਪ ਰਾਣਾ ਬੋਲੜ ਕਲਾਂ,ਬਾਬਾ ਨਿਰੰਜਣ ਸਿੰਘ , ਨਛੱਤਰ ਸਿੰਘ ਰਾਠੀਆ, ਹਰਦੀਪ ਸਿੰਘ ਰਾਠੀਆ, ਜਗਮੀਤ ਸਿੰਘ, ਸੁਖਜੀਤ ਸਿੰਘ, ਪਵਨਪ੍ਰੀਤ ਸਿੰਘ, ਹਰਿੰਦਰ ਸਿੰਘ, ਨਰਿੰਦਰ ਸਿੰਘ, ਮਹਿੰਦਰ ਸਿੰਘ, ਪਜਨ ਸਿੰਘ, ਜਗਦੇਵ ਸਿੰਘ, ਬੱਬੀ ਸ਼ਰਮਾ, ਸੁਖਪ੍ਰੀਤ ਸਿੰਘ, ਸੱਤੀ ਰਾਠੀਆਂ, ਪਰਮਿੰਦਰ ਸਿੰਘ, ਸੁਰਿੰਦਰ ਸਿੰਘ, ਮੇਵਾ ਸਿੰਘ ਅਤੇ ਦੇਵ ਰਾਠੀਆਂ ਤੇ ਹੋਰ ਮੌਜੂਦ ਹਨ।

## ਇਨਵਾਇਰਮੈਂਟ ਪਾਰਕ ਸਮਾਣਾ ਵਿਖੇ ਨਗਰ ਕੌਂਸਲ ਵੱਲੋਂ ਵਿਸ਼ੇਸ਼ ਸਵੱਛਤਾ ਮੁਹਿੰਮ



**ਸਮਾਣਾ 8 ਸਤੰਬਰ**
**-ਵਿਸ਼ਾਲ ਗੁਪਤਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇਨਵਾਇਰਮੈਂਟ ਪਾਰਕ ਸਮਾਣਾ ਨੂੰ ਹੋਰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਦੇ ਉਦੇਸ਼ ਨਾਲ ਨਗਰ ਕੌਂਸਲ ਸਮਾਣਾ ਵੱਲੋਂ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਦੀ ਅਗਵਾਈ ਹੇਠ ਵਿਸ਼ੇਸ਼ ਸਵੱਛਤਾ ਮੁਹਿੰਮ ਚਲਾਈ ਗਈ। ਇਸ ਮੌਕੇ ਸਮੂਹ ਕੌਂਸਲਰ ਸਾਹਿਬਾਨ, ਨਗਰ ਕੌਂਸਲ ਦੇ ਅਧਿਕਾਰੀ, ਆਮ ਆਦਮੀ ਪਾਰਟੀ ਦੇ ਆਗੂ ਅਤੇ ਵੱਡੀ ਗਿਣਤੀ ਵਿੱਚ ਸਫ਼ਾਈ ਸੇਵਕ ਮੌਜੂਦ ਰਹੇ।

ਸਵੱਛਤਾ ਮੁਹਿੰਮ ਦੌਰਾਨ ਪਾਰਕ ਦੇ ਅੰਦਰ ਅਤੇ ਬਾਹਰ ਪੱਟੜੀ ਦੀ ਵਿਸ਼ੇਸ਼ ਤੌਰ 'ਤੇ ਸਫ਼ਾਈ ਕਰਵਾਈ ਗਈ। ਇਸ ਦੇ ਨਾਲ ਹੀ ਪਾਰਕ ਵਿੱਚ ਪਏ ਕੂੜੇ ਦੇ ਡੰਪ ਨੂੰ ਚੁਕਵਾਉਣ ਦੇ ਕਾਰਜ ਦੀ ਵੀ ਸ਼ੁਰੂਆਤ ਕੀਤੀ ਗਈ। ਨਗਰ ਕੌਂਸਲ ਵੱਲੋਂ ਪਾਰਕ ਦੀ ਸਫ਼ਾਈ ਅਤੇ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਦੀ ਪਾਰਕ ਪ੍ਰੇਮੀਆਂ ਵੱਲੋਂ ਸ਼ਲਾਘਾ ਕੀਤੀ ਗਈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਨੇ ਪਾਰਕ ਨੂੰ ਹੋਰ ਸੁੰਦਰ ਬਣਾਉਣ ਅਤੇ ਇੱਥੇ ਸੈਰ ਤੇ ਕਸਰਤ ਕਰਨ ਵਾਲੇ ਲੋਕਾਂ ਦੀ ਸਹੂਲਤ ਲਈ ਇੱਕ ਲੱਖ ਰੁਪਏ ਦੀ ਲਾਗਤ ਨਾਲ ਓਪਨ ਜਿੰਮ ਜਾਂ ਬੱਚਿਆਂ ਵਾਲੇ ਝੂਲੇ ਮੁਹੱਈਆ ਕਰਵਾਉਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ, ਹਰਿਆਲੀ ਅਤੇ ਲੋਕਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਨਗਰ ਕੌਂਸਲ ਦੀ ਪਹਿਲ ਹੈ।

ਇਸ ਦੌਰਾਨ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਅਤੇ ਕੌਂਸਲਰ ਸਾਹਿਬਾਨ ਵੱਲੋਂ ਆਪਣੇ ਹੱਥੀਂ ਪੌਦੇ ਵੀ ਲਗਾਏ ਗਏ। ਇਸ ਮੌਕੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਅਤੇ ਪਾਰਕ ਪ੍ਰੇਮੀਆਂ ਵੱਲੋਂ ਪ੍ਰਧਾਨ ਬਾਂਸਲ ਨੂੰ ਫੁਲਕਾਰੀ ਭੇਂਟ ਕਰਕੇ ਅਤੇ ਗਮਲਾ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਮੂਹ ਹਾਜ਼ਰੀਨ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਆਲੇ-ਦੁਆਲੇ ਦੀ ਸਫ਼ਾਈ ਰੱਖਣ ਅਤੇ ਵਾਤਾਵਰਨ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ। ਸਾਫ਼-ਸੁਥਰਾ ਸਮਾਣਾ, ਸੁੰਦਰ ਸਮਾਣਾ ਦੇ ਸੰਦੇਸ਼ ਨਾਲ ਸਵੱਛਤਾ ਸਾਹਿਬਾਨ ਵੱਲੋਂ ਆਪਣੇ ਹੱਥੀਂ ਪੌਦੇ ਵੀ ਲਗਾਏ ਗਏ। ਇਸ ਮੌਕੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਅਤੇ ਪਾਰਕ ਪ੍ਰੇਮੀਆਂ ਵੱਲੋਂ ਪ੍ਰਧਾਨ ਬਾਂਸਲ ਨੂੰਮੁਹਿੰਮ ਨੂੰ ਅੱਗੇ ਵੀ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ।

# ਹਰ ਕਿਸਾਨ ਲਈ ਫਾਰਮਰ ਰਜਿਸਟਰੀ ਬਣਵਾਉਣਾ ਜ਼ਰੂਰੀ : ਡਾ. ਗੁਰਦੀਪ ਸਿੰਘ

### ਆਉਣ ਵਾਲੇ ਸਮੇਂ 'ਚ ਸਬਸਿਡੀ 'ਤੇ ਸਰਕਾਰੀ ਸਹੂਲਤਾਂ ਲਈ ਫਾਰਮਰ ਰਜਿਸਟਰੀ ਹੋਵੇਗੀ ਅਹਿਮ : ਮੁੱਖ ਖੇਤੀਬਾੜੀ ਅ.ਫਸਰ

**ਲੁਧਿਆਣਾ, 8 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਸਹੂਲਤਾਂ ਨਾਲ ਜੋੜਨ ਲਈ ਹਰੇਕ ਕਿਸਾਨ ਦੀ ਫਾਰਮਰ ਰਜਿਸਟਰੀ ਤਿਆਰ ਕੀਤੀ ਜਾ ਰਹੀ ਹੈ। ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਡਾ. ਗੁਰਦੀਪ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਫਾਰਮਰ ਰਜਿਸਟਰੀ ਤਹਿਤ ਆਪਣੀ ਫਾਰਮਰ ਆਈ.ਡੀ. ਜ਼ਰੂਰ ਬਣਵਾਉਣ ਤਾਂ ਜੋ ਭਵਿੱਖ ਵਿੱਚ ਕਿਸਾਨਾ ਨੂੰ ਉਹਨਾ ਦੀ ਇਸ Unique "Farmer ID÷ ਰਾਂਹੀ ਹੀ ਖਾਦਾਂ ਦੀ ਸਪਲਾਈ, ਪੀ.ਐਮ. ਕਿਸਾਨ ਸਨਮਾਨ ਨਿੱਧੀ ਯੋਜਨਾ ਤਹਿਤ ਮਿਲਣ ਵਾਲੀਆਂ ਕਿਸ਼ਤਾਂ, ਖੇਤੀ ਮਸ਼ਿਨਰੀ ਆਦਿ ਸਹੂਲਤਾਂ ਸਬਸਿਡੀ 'ਤੇ ਮਿਲਣਯੋਗ ਹੋਣਗੀਆਂ। ਆਉਣ ਵਾਲੇ ਸਮੇਂ ਵਿੱਚ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ ਅਤੇ ਹੋਰ ਖੇਤੀਬਾੜੀ ਸਬੰਧੀ ਸਰਕਾਰੀ ਸਹੂਲਤਾਂ ਦਾ ਲਾਭ ਲੈਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਵੇ।

ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਜਿਸ ਕਿਸਾਨ ਦੇ ਨਾਂ 'ਤੇ ਵਾਹੀਯੋਗ ਜ਼ਮੀਨ ਦਰਜ ਹੈ, ਉਸ ਲਈ ਫਾਰਮਰ ਰਜਿਸਟਰੀ ਤਹਿਤ ਆਪਣੀ ਫਾਰਮਰ ਆਈ.ਡੀ. ਬਣਵਾਉਣਾ ਜ਼ਰੂਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਫਾਰਮਰ ਆਈ.ਡੀ. ਬਣਵਾਉਣ ਲਈ ਜ਼ਮੀਨ ਦੀ ਮਾਤਰਾ ਸਬੰਧੀ ਕੋਈ ਸ਼ਰਤ ਨਹੀਂ ਹੈ। ਭਾਵੇਂ ਕਿਸੇ ਕਿਸਾਨ ਕੋਲ ਘੱਟ ਜ਼ਮੀਨ ਹੈ ਜਾਂ ਵੱਧ, ਉਹ ਆਪਣੀ ਫਾਰਮਰ ਆਈ.ਡੀ. ਬਣਵਾ ਸਕਦਾ ਹੈ। ਇਸੇ ਤਰ੍ਹਾਂ ਜੇਕਰ ਕੋਈ ਕਿਸਾਨ ਖੇਤੀਬਾੜੀ ਦੇ ਨਾਲ ਕੋਈ ਕਾਰੋਬਾਰ ਕਰਦਾ ਹੈ ਜਾਂ ਨੌਕਰੀ ਕਰਦਾ ਹੈ, ਤਾਂ ਵੀ ਉਹ ਫਾਰਮਰ ਆਈ.ਡੀ. ਬਣਵਾਉਣ ਲਈ ਯੋਗ ਹੈ।



ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਗੱਲ ਨੂੰ ਵਿਸ਼ੇਸ਼ ਤੌਰ 'ਤੇ ਯਕੀਨੀ ਬਣਾਉਣ ਕਿ ਪਰਿਵਾਰ ਦੇ ਜਿਨ੍ਹਾਂ-ਜਿਨ੍ਹਾਂ ਮੈਂਬਰਾਂ ਦੇ ਨਾਮ 'ਤੇ ਵਾਹੀਯੋਗ ਜ਼ਮੀਨ ਦਰਜ ਹੈ, ਉਨ੍ਹਾਂ ਸਾਰਿਆਂ ਦੀ ਵੱਖ-ਵੱਖ ਫਾਰਮਰ ਆਈ.ਡੀ. ਬਣਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿਰਫ਼ ਪਰਿਵਾਰ ਦੇ ਇਕ ਮੈਂਬਰ ਦੀ ਫਾਰਮਰ ਆਈ.ਡੀ. ਬਣਵਾਉਣਾ ਕਾਫ਼ੀ ਨਹੀਂ ਹੋਵੇਗਾ, ਸਗੋਂ ਜਿਸ-ਜਿਸ ਵਿਅਕਤੀ ਦੇ ਨਾਂ 'ਤੇ ਖੇਤੀਯੋਗ ਜ਼ਮੀਨ ਹੈ, ਉਸ ਦੀ ਫਾਰਮਰ ਆਈ.ਡੀ. ਬਣਾਉਣੀ ਜ਼ਰੂਰੀ ਹੈ ਤਾਂ ਜੋ ਖੇਤੀ ਨਾਲ ਸਬੰਧਤ ਸਰਕਾਰੀ ਸਹੂਲਤਾਂ ਦਾ ਲਾਭ ਲੈਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਵੇ।

ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਫਾਰਮਰ ਆਈ.ਡੀ. ਬਣਾਉਣ ਦੀ ਸਹੂਲਤ ਜ਼ਿਲ੍ਹੇ ਦੇ ਵੱਖ-ਵੱਖ ਕਾਮਨ ਸਰਵਿਸ ਸੈਂਟਰਾਂ (ਸੀ.ਐੱਸ.ਸੀ) ਵਿਖੇ ਬਿਲਕੁਲ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਦੇਰੀ ਦੇ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ 'ਤੇ ਪਹੁੰਚਣ ਅਤੇ ਆਪਣੀ ਤੇ ਪਰਿਵਾਰ ਦੇ ਉਨ੍ਹਾਂ ਸਾਰੇ ਮੈਂਬਰਾਂ ਦੀ ਫਾਰਮਰ ਆਈ.ਡੀ. ਜ਼ਰੂਰ ਬਣਵਾਉਣ, ਜਿਨ੍ਹਾਂ ਦੇ ਨਾਮ 'ਤੇ ਵਾਹੀਯੋਗ ਜ਼ਮੀਨ ਦਰਜ ਹੈ। ਉਨ੍ਹਾਂ ਕਿਹਾ ਕਿ ਫਾਰਮਰ ਆਈ.ਡੀ. ਸਬੰਧੀ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਹ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਲੋੜੀਂਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਮੁੜ ਜ਼ੋਰ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਕਿਸਾਨ ਇਸ ਪ੍ਰਕਿਰਿਆ ਤੋਂ ਵਾਂਝਾ ਨਾ ਰਹੇ ਅਤੇ ਸਾਰੇ ਕਿਸਾਨ ਫਾਰਮਰ ਰਜਿਸਟਰੀ ਤਹਿਤ ਆਪਣੀ ਫਾਰਮਰ ਆਈ.ਡੀ.ਜ਼ਰੂਰ ਬਣਵਾਉਣ।

## ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਮੌਕੇ ਅੰਤਰਰਾਸ਼ਟਰੀ ਪੁਸਤਕ ਦਾ ਪ੍ਰਕਾਸ਼ਨ




**ਪਟਿਆਲਾ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ (ਜੇ.ਜੀ.ਐਨ.ਡੀ. ਪੀ.ਐੱਸ.ਓ.ਯੂ.), ਪਟਿਆਲਾ ਦੇ ਸਥਾਪਨਾ ਦਿਵਸ ਦੇ ਪਾਵਨ ਮੌਕੇ 'ਤੇ ਯੂਨੀਵਰਸਿਟੀ ਲਈ ਇੱਕ ਹੋਰ ਮਹੱਤਵਪੂਰਨ ਅਕਾਦਮਿਕ ਉਪਲਬਧੀ ਦਰਜ ਹੋਈ ਹੈ। ਇਸ ਮੌਕੇ ਯੂਨੀਵਰਸਿਟੀ ਦੇ ਫੈਕਲਟੀ ਮੈਂਬਰਾਂ ਵੱਲੋਂ ਲਿਖੀ ਅੰਤਰਰਾਸ਼ਟਰੀ ਪੁਸਤਕ Fundamentals of Cyber Law and Cyber Ethics ਪ੍ਰਕਾਸ਼ਿਤ ਕੀਤੀ ਗਈ। ਇਹ ਪੁਸਤਕ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ.(ਡਾ.) ਰਤਨ ਸਿੰਘ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਡਾ. ਗੌਰਵ ਧੀਮਾਨ ਵੱਲੋਂ ਸਾਂਝੇ ਤੌਰ 'ਤੇ ਲਿਖੀ ਗਈ ਹੈ। ਪੁਸਤਕ ਦਾ ਪ੍ਰਕਾਸ਼ਨ Eucalypt Press, Australia ਵੱਲੋਂ ਕੀਤਾ ਗਿਆ ਹੈ, ਜੋ ਯੂਨੀਵਰਸਿਟੀ ਦੇ ਅਕਾਦਮਿਕ ਅਤੇ ਖੋਜ ਕਾਰਜਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਪਹੁੰਚਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਪੁਸਤਕ ਵਿੱਚ ਸਾਈਬਰ ਕਾਨੂੰਨ ਅਤੇ ਸਾਈਬਰ ਨੈਤਿਕਤਾ ਨਾਲ ਸਬੰਧਤ ਬੁਨਿਆਦੀ ਧਾਰਨਾਵਾਂ ਨੂੰ ਸਰਲ ਅਤੇ ਵਿਸਤ੍ਰਿਤ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਇਸ ਵਿੱਚ ਸੂਚਨਾ ਅਤੇ ਸੰਚਾਰ ਤਕਨਾਲੋਜੀ ਦੇ ਤੇਜ਼ੀ ਨਾਲ ਹੋ ਰਹੇ ਵਿਕਾਸ ਕਾਰਨ ਪੈਦਾ ਹੋ ਰਹੀਆਂ ਕਾਨੂੰਨੀ, ਸਮਾਜਿਕ ਅਤੇ ਨੈਤਿਕ ਚੁਣੌਤੀਆਂ ਦਾ ਵਿਸ਼ਲੇਸ਼ਣ ਕੀਤਾ ਗਿਆ ਹੈ। ਇਹ ਪੁਸਤਕ ਸਾਈਬਰ ਕਾਨੂੰਨ, ਸਾਈਬਰ ਸੁਰੱਖਿਆ, ਡਿਜ਼ੀਟਲ ਗਵਰਨੈਂਸ ਅਤੇ ਸਾਈਬਰ ਨੈਤਿਕਤਾ ਦੇ ਖੇਤਰ ਵਿੱਚ ਵਿਦਿਆਰਥੀਆਂ, ਖੋਜਾਰਥੀਆਂ, ਅਧਿਆਪਕਾਂ ਅਤੇ ਪੇਸ਼ੇਵਰਾਂ ਲਈ ਲਾਭਦਾਇਕ ਸਾਬਤ ਹੋਵੇਗੀ।

ਯੂਨੀਵਰਸਿਟੀ ਦੇ ਸਥਾਪਨਾ ਦਿਵਸ ਮੌਕੇ ਇੱਕ ਅੰਤਰਰਾਸ਼ਟਰੀ ਪ੍ਰਕਾਸ਼ਕ ਵੱਲੋਂ ਪੁਸਤਕ ਦਾ ਪ੍ਰਕਾਸ਼ਨ ਜੇ.ਜੀ.ਐਨ.ਡੀ.ਪੀ.ਐੱਸ.ਓ.ਯੂ. ਲਈ ਮਾਣ ਅਤੇ ਗੌਰਵ ਦਾ ਵਿਸ਼ਾ ਹੈ। ਇਹ ਉਪਲਬਧੀ ਯੂਨੀਵਰਸਿਟੀ ਵੱਲੋਂ ਗੁਣਵੱਤਾ-ਪੂਰਨ ਖੋਜ, ਅਕਾਦਮਿਕ ਉੱਤਮਤਾ ਅਤੇ ਉਭਰ ਰਹੀਆਂ ਤਕਨਾਲੋਜੀਕਲ ਅਤੇ ਸਮਾਜਿਕ ਚੁਣੌਤੀਆਂ 'ਤੇ ਕੇਂਦਰਿਤ ਵਿਦਵਤਾਪੂਰਨ ਕਾਰਜਾਂ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਸ.ਫਾਈ ਲਈ ਹਰ ਨਾਗਰਿਕ ਆਪਣੀ ਜ਼ਿੰਮੇਵਾਰੀ ਨਿਭਾਏ, ਕੂੜਾ ਸੜਕਾਂ 'ਤੇ ਨਹੀਂ, ਨਿਰਧਾਰਤ ਪੁਆਇੰਟਾਂ 'ਤੇ ਸੁੱਟਣ ਲੋਕ ਅਜੀਤਪਾਲ ਸਿੰਘ ਕੋਹਲੀ, ਮੇਅਰ ਕੁੰਦਨ ਗੋਗੀਆ

**ਪਟਿਆਲਾ, 8 ਸਤੰਬਰ**
**-ਛਤਰਪਾਲ ਸਿੰਘ-**



ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ 10 ਦਿਨਾਂ ਦੇ ਮਿਸ਼ਨ ਕਲੀਨ ਪੰਜਾਬ ਤਹਿਤ ਸ਼ਹਿਰ ਵਿੱਚ ਸਫਾਈ ਮੁਹਿੰਮ ਜ਼ੋਰਾਂ-ਸ਼ੋਰਾਂ ਨਾਲ ਚਲਾਈ ਗਈ। ਇਸ ਸਬੰਧੀ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਪ੍ਰਸ਼ਾਸਨ ਅਤੇ ਨਗਰ ਨਿਗਮ ਦਾ ਸਹਿਯੋਗ ਕਰਨ।

ਵਿਧਾਇਕ ਕੋਹਲੀ ਨੇ ਕਿਹਾ ਕਿ ਸ਼ਹਿਰ ਦੀ ਸਫਾਈ ਸਿਰਫ਼ ਪ੍ਰਸ਼ਾਸਨ ਦੀ ਹੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਕੂੜਾ ਇਕੱਠਾ ਕਰਨ ਲਈ ਪੁਆਇੰਟ ਬਣਾਏ ਗਏ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੂੜਾ ਸੜਕਾਂ ਜਾਂ ਜਨਤਕ ਥਾਵਾਂ 'ਤੇ ਸੁੱਟਣ ਦੀ ਬਜਾਏ ਨਿਰਧਾਰਤ ਪੁਆਇੰਟਾਂ 'ਤੇ ਹੀ ਸੁੱਟਿਆ ਜਾਵੇ।

ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਫਾਈ ਅਭਿਆਨ ਤਹਿਤ ਲੋਕਾਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਇਸ ਮੁਹਿੰਮ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਦੀ ਸਫਾਈ ਦਾ ਖਾਸ ਧਿਆਨ ਰੱਖਣ ਅਤੇ ਸ਼ਹਿਰ ਨੂੰ ਸਾਫ਼ ਰੱਖਣ ਵਿੱਚ ਆਪਣਾ ਯੋਗਦਾਨ ਪਾਉਣ।

ਪੀ.ਪੀ.ਸੀ.ਬੀ. ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ ਸਫਾਈ ਅਤੇ ਵਾਤਾਵਰਣ ਦੀ ਸੰਭਾਲ ਲਈ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪਲਾਸਟਿਕ ਦੀ ਦੁਰਵਰਤੋਂ ਕਰਨ ਵਾਲਿਆਂ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਰੇਹੜੀ-ਫੜ੍ਹੀ ਵਾਲਿਆਂ ਦੇ ਚਲਾਨ ਕੱਟੇ ਜਾਣਗੇ।

ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਵਾਤਾਵਰਣ ਪੱਖੋਂ ਬਿਹਤਰ ਬਣਾਉਣ ਲਈ ਹਰ ਵਿਅਕਤੀ ਨੂੰ ਆਪਣੀ ਜ਼ਿੰਮੇਵਾਰੀ ਖੁਦ ਨਿਭਾਉਣੀ ਪਵੇਗੀ। ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਲੋਕਾਂ ਦੇ ਸਹਿਯੋਗ ਨਾਲ ਹੀ ਸਫਲ ਬਣਾਇਆ ਜਾ ਸਕਦਾ ਹੈ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਮੇਅਰ ਕੁੰਦਨ ਗੋਗੀਆ ਅਤੇ ਪੀ.ਪੀ.ਸੀ.ਬੀ. ਚੇਅਰਪਰਸਨ ਰੀਨਾ ਗੁਪਤਾ ਨੇ ਸਾਂਝੇ ਤੌਰ 'ਤੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਫਾਈ ਮੁਹਿੰਮ ਦਾ ਹਿੱਸਾ ਬਣਨ ਅਤੇ ਪਟਿਆਲਾ ਨੂੰ ਸਾਫ਼, ਸੁੰਦਰ ਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਆਪਣਾ ਬਣਦਾ ਯੋਗਦਾਨ ਪਾਉਣ।

ਇਸ ਮੌਕੇ ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ, ਐਮ ਸੀ ਹਰਮਨ ਸੰਧੂ, ਜਗਤਾਰ ਜੱਗੀ, ਸੋਨੀਆ ਦਾਸ, ਸਟੇਟ ਜੁਆਇੰਟ ਸੈਕਟਰੀ ਵੋਮੈਨ ਵਿੰਗ ਮੋਨਿਕਾ ਸ਼ਰਮਾ, ਰਜਿੰਦਰ ਮੋਹਨ ਪ੍ਰੈਜ਼ੀਡੈਂਟ, ਵਾਰਡ ਨੰਬਰ 58 ਤੋਂ ਬਲਵਿੰਦਰ ਸਿੰਘ ਸਿੱਧੂ, ਵਾਰਡ ਨੰਬਰ 59 ਤੋਂ ਇੰਚਾਰਜ ਘੁੰਮਣ ਸਿੰਘ ਫੌਜੀ ਵਾਰਡ ਨੰਬਰ 60 ਇੰਚਾਰਜ ਰੁਪਿੰਦਰ ਸਿੰਘ ਕੋਚ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਸੀਟੀ ਯੂਨੀਵਰਸਿਟੀ ਨੇ 2,000 ਤੋਂ ਘੱਟ ਲਾਗਤ ਵਿੱਚ ਬਣਾਇਆ ਸਮਾਰਟ ਪਜਾਮਾ



**ਲੁਧਿਆਣਾ, 8 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ ਦੀ ਰੋਬੋਟਿਕਸ ਲੈਬ ਨੇ ਰਚਨਾ ਅਤੇ ਨਵੀਨਤਾ ਵਿਦਿਆਲਾ ਅਤੇ ਮਿਸਰ ਦੇ ਵਿਦਿਆਰਥੀ ਇਸਮਾਈਲ ਅਸ਼ਰਫ਼ ਦੇ ਸਹਿਯੋਗ ਨਾਲ ਘੱਟ ਲਾਗਤ ਵਾਲਾ ਸਮਾਰਟ ਪਜਾਮਾ ਤਿਆਰ ਕੀਤਾ ਹੈ। ਇਸ ਦਾ ਉਦੇਸ਼ ਲੰਬੇ ਸਮੇਂ ਤੱਕ ਬੈਠਣ ਦੌਰਾਨ ਹੇਠਲੀ ਕਮਰ ਨੂੰ ਆਰਾਮ ਦੇਣਾ ਅਤੇ ਗੋਡਿਆਂ ਦੀ ਸਹੀ ਸਥਿਤੀ ਬਣਾਈ ਰੱਖਣ ਵਿੱਚ ਮਦਦ ਕਰਨਾ ਹੈ।

ਪਜਾਮੇ ਵਿੱਚ ਹੇਠਲੀ ਕਮਰ ਲਈ ਗਰਮਾਹਟ ਦੇਣ ਵਾਲਾ ਪੱਟਾ ਅਤੇ ਦੋ ਕੰਪਨ ਯੰਤਰ ਲਗਾਏ ਗਏ ਹਨ। ਕੰਪਨ ਦੀ ਤੀਬਰਤਾ ਦੇ ਤਿੰਨ ਪੱਧਰ ਹਨ, ਜਿਨ੍ਹਾਂ ਨੂੰ ਬਟਨਾਂ ਰਾਹੀਂ ਨਿਯੰਤਰਿਤ ਕੀਤਾ ਜਾ ਸਕਦਾ ਹੈ।

ਰੋਬੋਟਿਕਸ ਟੀਮ ਦੇ ਇੰਜੀਨੀਅਰ ਪੁਲਕਿਤ ਸਾਂਗਰ, ਧਰਮਪ੍ਰੀਤ ਸਿੰਘ ਅਤੇ ਗੁਰਕੀਰਤ ਸਿੰਘ ਨੇ ਇਸ ਦਾ ਨਮੂਨਾ ਸਿਰਫ਼ ਇੱਕ ਹਫ਼ਤੇ ਵਿੱਚ ?2,000 ਤੋਂ ਵੀ ਘੱਟ ਲਾਗਤ ਨਾਲ ਤਿਆਰ ਕੀਤਾ।

ਕੁਲਪਤੀ ਸ. ਚਰਨਜੀਤ ਸਿੰਘ ਚੰਨੀ ਅਤੇ ਪ੍ਰੋ. ਕੁਲਪਤੀ ਡਾ. ਮਨਬੀਰ ਸਿੰਘ ਨੇ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਕਾਢ ਵਿਦਿਆਰਥੀਆਂ ਦੀ ਨਵੀਨਤਮ ਸੋਚ ਅਤੇ ਰੋਜ਼ਾਨਾ ਜੀਵਨ ਦੀਆਂ ਸਮੱਸਿਆਵਾਂ ਲਈ ਕਿਫਾਇਤੀ ਹੱਲ ਵਿਕਸਿਤ ਕਰਨ ਦੀ ਸਮਰੱਥਾ ਦਾ ਪ੍ਰਮਾਣ ਹੈ।

# ਹੁਣ ਬਿਜਲੀ ਦੀ ਸਮੱਸਿਆ ਕਾਰਨ ਫਸਲ ਪ੍ਰਭਾਵਿਤ ਹੋਈ ਤਾਂ ਇਸ ਦਾ ਸਿੱਧਾ ਆਰਥਿਕ ਬੋਝ ਕਿਸਾਨਾਂ

**ਸਨੌਰ,8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਂਖਰ ਗਰਿੱਡ ਅਧੀਨ ਆਉਂਦੇ ਪਿੰਡਾਂ ਵਿੱਚ ਬਿਜਲੀ ਸਪਲਾਈ ਦੀ ਵਿਗੜੀ ਵਿਵਸਥਾ ਨੂੰ ਲੈ ਕੇ ਕਿਸਾਨਾਂ ਦਾ ਗੁੱਸਾ ਲਗਾਤਾਰ ਵਧਦਾ ਜਾ ਰਿਹਾ ਹੈ। ਖੇਤਾਂ ਲਈ ਲੋੜੀਂਦੀ ਬਿਜਲੀ ਸਮੇਂ ਸਿਰ ਨਾ ਮਿਲਣ ਕਾਰਨ ਕਿਸਾਨਾਂ ਨੂੰ ਝੋਨੇ ਦੀ ਫਸਲ ਬਚਾਉਣ ਲਈ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਬਿਜਲੀ ਸਪਲਾਈ ਵਿੱਚ ਤੁਰੰਤ ਸੁਧਾਰ ਨਾ ਕੀਤਾ ਗਿਆ ਤਾਂ ਉਹ ਭਾਂਖਰ ਗਰਿੱਡ ਦੇ ਬਾਹਰ ਵੱਡੇ ਪੱਧਰ 'ਤੇ ਰੋਸ਼ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ। ਪ੍ਰਮੁੱਖ ਕਿਸਾਨ ਆਗੂ ਪੰਜਾਬ ਜਸਵਿੰਦਰ ਸਿੰਘ ਮੋਣੀ ਭਾਂਖਰ ਨੇ ਸਾਥੀ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਖੇਤੀਬਾੜੀ ਦੇ ਇਸ ਅਹਿਮ ਸਮੇਂ ਦੌਰਾਨ ਲੰਮੇ ਬਿਜਲੀ ਕੱਟ ਕਿਸਾਨਾਂ ਲਈ ਵੱਡੀ ਮੁਸੀਬਤ ਬਣੇ ਹੋਏ ਹਨ। ਉਨ੍ਹਾਂ ਕਿਹਾ ਕਿ ਕਈ ਵਾਰ ਲਗਾਤਾਰ 3-3 ਘੰਟਿਆਂ ਤੱਕ ਬਿਜਲੀ ਬੰਦ ਰਹਿਣ ਕਾਰਨ ਟਿਊਬਵੈੱਲ ਨਹੀਂ ਚੱਲ ਪਾਉਂਦੇ, ਜਿਸ ਨਾਲ ਖੇਤਾਂ ਨੂੰ ਸਮੇਂ ਸਿਰ ਪਾਣੀ ਦੇਣਾ ਔਖਾ ਹੋ ਰਿਹਾ ਹੈ।ਕਿਸਾਨਾਂ ਅਨੁਸਾਰ ਬਿਜਲੀ ਦੀ ਅਣਨਿਯਮਿਤ ਸਪਲਾਈ ਕਾਰਨ ਉਨ੍ਹਾਂ ਦੀ ਦਿਨ-ਰਾਤ ਦੀ ਖੇਤੀ ਮਿਹਨਤ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਝੋਨੇ ਦੀ ਫਸਲ 'ਤੇ ਭਾਰੀ ਖਰਚਾ ਕਰ ਚੁੱਕੇ ਹਨ ਅਤੇ ਹੁਣ ਬਿਜਲੀ ਦੀ ਸਮੱਸਿਆ ਕਾਰਨ ਫਸਲ ਪ੍ਰਭਾਵਿਤ ਹੋਈ ਤਾਂ ਇਸ ਦਾ ਸਿੱਧਾ ਆਰਥਿਕ ਬੋਝ ਕਿਸਾਨਾਂ 'ਤੇ ਪਵੇਗਾ। ਭਾਂਖਰ ਗਰਿੱਡ ਨਾਲ ਜੁੜੇ ਬੱਲਾ, ਬਲਮਗੜ੍ਹ, ਬੋਲੜੀ ਖਾਲਸਪੁਰ, ਪੁਰ ਮੰਡੀ, ਦੀਵਾਨਵਾਲਾ, ਸਰੁਸਤੀਗੜ੍ਹ, ਰੰਗਰੋਲਾ, ਗੰਗਰੋਲੀ, ਕਾਨਾਹੇੜੀ, ਸਾਦੀਪੁਰ ਅਤੇ ਮੰਡੀ ਸਮੇਤ ਕਈ ਪਿੰਡਾਂ ਦੇ ਕਿਸਾਨ ਬਿਜਲੀ ਸਪਲਾਈ ਨੂੰ ਲੈ ਕੇ ਪ੍ਰੇਸ਼ਾਨ ਦੱਸੇ ਜਾ ਰਹੇ ਹਨ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਹਾਲਾਤਾਂ ਵਿੱਚ ਤੁਰੰਤ ਸੁਧਾਰ ਕਰਕੇ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਨਾ ਦਿੱਤੀ ਗਈ ਤਾਂ ਭਾਂਖਰ ਗਰਿੱਡ ਦੇ ਬਾਹਰ ਵੱਡੇ ਪੱਧਰ 'ਤੇ ਰੋਸ਼ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਸੰਘਰਸ਼ ਨੂੰ ਹੋਰ ਵਿਸ਼ਾਲ ਰੂਪ ਦੇਣ ਲਈ ਇਲਾਕੇ ਦੇ ਵੱਡੀ ਗਿਣਤੀ ਕਿਸਾਨਾਂ ਨੂੰ ਇਕੱਠਾ ਕੀਤਾ ਜਾਵੇਗਾ। ਕਿਸਾਨਾਂ ਨੇ ਸਪੱਸ਼ਟ ਕੀਤਾ ਕਿ ਫਸਲਾਂ ਨੂੰ ਬਿਜਲੀ ਦੀ ਘਾਟ ਕਾਰਨ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਆਪਣੀਆਂ ਮੰਗਾਂ ਲਈ ਉਹ ਡਟ ਕੇ ਸੰਘਰਸ਼ ਕਰਨਗੇ। ਇਸ ਮੌਕੇ ਇਸ ਮੌਕੇ ਦਰਸ਼ਨ ਸਿੰਘ ਕਾਨਾਹੇੜੀ,ਬਲਦੇਵ ਸਿੰਘ ਨੰਬਰਦਾਰ, ਪ੍ਰਦੀਪ ਸਿੰਘ ਕਾਨਾਹੇੜੀ, ਜਗਦੀਸ਼ ਸਿੰਘ , ਸਪੂਰਨ ਸਿੰਘ,ਨਰੇਸ਼ ਪੰਡਿਤ, ਸੋਨੂੰ ਸਾਬਕਾ ਸਰਪੰਚ,ਲਵਪ੍ਰੀਤ ਸਿੰਘ ਭਾਂਖਰ ਤੇ

# ਵਿਆਹ ਪੁਰਬ ਸਮਾਗਮ ਨੂੰ ਮੁੱਖ ਰੱਖਦਿਆਂ ਸ਼ਹਿਰ ਅੰਦਰ ਵੱਖ ਵੱਖ ਕਾਰਜ ਜਾਰੀ-ਚੇਅਰਮੈਨ ਮਾਨਿਕ ਮਹਿਤਾ

**ਬਟਾਲਾ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਹਿਰੂ ਗੇਟ ਵਿਖੇ ਬਾਬਾ ਜੀ ਦੇ ਵਿਆਹ ਸਮਾਗਮ ਨੂੰ ਮੱਦੇਨਜ਼ਰ ਰੱਖਦਿਆਂ ਸੰਗਤਾਂ ਦੀ ਆਵਾਜਾਈ ਦੀ ਸਹੂਲਤ ਤਹਿਤ ਨਹਿਰੂ ਗੇਟ ਦੇ ਰਸਤੇ ਵਿੱਚ ਆ ਰਹੇ ਟਰਾਂਸਫਾਰਮਰ ਨੂੰ ਸਾਈਡ 'ਤੇ ਕਰਵਾਇਆ ਗਿਆ।ਇਸ ਮੌਕੇ ਗੱਲ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਇਸ ਉਪਰਾਲੇ ਦਾ ਮੁੱਖ ਮਕਸਦ ਸਮਾਗਮ ਦੌਰਾਨ ਆਉਣ ਵਾਲੀ ਸੰਗਤ ਲਈ ਰਸਤਾ ਖੁੱਲ੍ਹਾ ਅਤੇ ਸੁਚੱਜਾ ਬਣਾਉਣਾ ਹੈ, ਤਾਂ ਜੋ ਸੰਗਤ ਨੂੰ ਆਉਣ-ਜਾਣ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਅੱਗੇ ਕਿਹਾ ਕਿ ਵਿਆਹ ਪੁਰਬ ਸਮਾਗਮ ਦੇ ਸਬੰਧ ਵਿੱਚ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਸੀਵਰੇਜ਼ ਦੀ ਸਫਾਈ, ਗਲੀਆਂ ਦਾ ਨਿਰਮਾਣ ਅਤੇ ਸਫਾਈ ਸਮੇਤ ਵੱਖ ਵੱਖ ਕਾਰਜ ਜਾਰੀ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸਾਰੀਆਂ ਵਾਰਡਾਂ ਵਿੱਚ ਵੱਖ ਵੱਖ ਵਿਕਾਸ ਕੰਮ ਪਾਰਦਰਸ਼ੀ ਢੰਗ ਨਾਲ ਚੱਲ ਰਹੇ ਹਨ ਅਤੇ ਪਿਛਲੇ ਸਾਢੇ ਚਾਰ ਸਾਲਾਂ ਅੰਦਰ ਹਰ ਵਰਗ ਦੀ ਭਲਾਈ ਲਈ ਵਿਕਾਸ ਕੰਮ ਕੀਤੇ ਗਏ ਹਨ

# ਗਊਸ਼ਾਲਾਵਾਂ ਨੂੰ ਹਰ ਗਾਂ ਲਈ ਮਿਲਣਗੇ ਰੋਜ਼ਾਨਾ 61 ਰੁਪਏ, ਜਲਦ ਸ਼ੁਰੂ ਹੋਵੇਗੀ ਵੰਡ ਪ੍ਰਕਿਰਿਆ



**ਗੁਰਦਾਸਪੁਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਗੁਰਦਾਸਪੁਰ ਪਹੁੰਚੇ ਅਤੇ ਬੇਸਹਾਰਾ ਗਊਧੰਨ ਦੀ ਸੇਵਾ ਸੰਭਾਲ ਲਈ ਸਬੰਧਤ ਵਿਭਾਗਾਂ ਅਤੇ ਵੱਖ-ਵੱਖ ਗਊਸ਼ਾਲਾਵਾਂ ਦੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਮਨ ਬਹਿਲ,ਹਲਕਾ ਇੰਚਾਰਜ ਗੁਰਦਾਸਪੁਰ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਰੋਬਨਜੀਤ ਕੌਰ ਆਰ ਟੀ ਏ ਗੁਰਦਾਸਪੁਰ, ਜਸਪ੍ਰੀਤ ਸਿੰਘ ਨਾਗਪਾਲ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਡਾ.ਰਮੇਸ਼ ਅੱਤਰੀ, ਹਰਵਿੰਦਰ ਸੋਨੀ, ਸਮੂਹ ਈ. ਓਜ਼, ਬੀ.ਡੀ.ਪੀ.ਓ ਸਮੇਤ ਵੱਖ-ਵੱਖ ਗਊਸ਼ਾਲਾਵਾਂ ਦੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਮੌਜੂਦ ਸਨ।

ਮੀਟਿੰਗ ਦੌਰਾਨ ਉੱਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਗਊ ਸੇਵਾ ਕਮਿਸ਼ਨ ਗਊਧਨ ਦੀ ਸੇਵਾ ਸੰਭਾਲ ਅਤੇ ਗਊਸ਼ਾਲਾਵਾਂ ਨੂੰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕਰ ਰਿਹਾ ਹੈ। ਕਮਿਸ਼ਨ ਵੱਲੋਂ ਸੂਬੇ ਦੀਆਂ 518 ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰਵਾਏ ਗਏ ਹਨ, ਜਿਨ੍ਹਾਂ ਵਿੱਚ ਗੁਰਦਾਸਪੁਰ ਜ਼ਿਲ੍ਹੇ ਦੀ 01 ਗਊਸ਼ਾਲਾ ਵੀ ਸ਼ਾਮਲ ਹੈ।

ਇਸ ਮੌਕੇ ਉਨ੍ਹਾਂ ਵੱਖ-ਵੱਖ ਗਊਸ਼ਾਲਾਵਾਂ ਦੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨੂੰ ਕਿਹਾ ਕਿ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਸਹੂਲਤਾਂ ਦਾ ਲਾਭ ਲੈਣ ਲਈ ਉਹ ਆਪਣੀਆਂ ਗਊਸ਼ਾਲਾਵਾਂ ਨੂੰ ਪੰਜਾਬ ਗਊ ਸੇਵਾ ਕਮਿਸ਼ਨ ਨਾਲ ਰਜਿਸਟਰਡ ਕਰਵਾਉਣ। ਉਨ੍ਹਾਂ ਸਾਰੇ ਗਊਸ਼ਾਲਾ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਜਲਦ ਤੋਂ ਜਲਦ ਆਪਣੀਆਂ ਗਊਸ਼ਾਲਾਵਾਂ ਦਾ ਪੰਜਾਬ ਗਊ ਸੇਵਾ ਕਮਿਸ਼ਨ ਨਾਲ ਰਜਿਸਟ੍ਰੇਸ਼ਨ ਕਰਵਾਉਣ ਤਾਂ ਜੋ ਉਨ੍ਹਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਵੱਖ-ਵੱਖ ਸਹੂਲਤਾਂ ਦਾ ਲਾਭ ਮਿਲ ਸਕੇ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਗਊਸ਼ਾਲਾਵਾਂ ਦੇ 100 ਕਰੋੜ ਰੁਪਏ ਤੋਂ ਵੱਧ ਦੇ ਬਿਜਲੀ ਬਿੱਲ ਮੁਆਫ਼ ਕੀਤੇ ਜਾ ਚੁੱਕੇ ਹਨ। ਇਸ ਲਈ ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜ਼ਖ਼ਮੀ ਗਊਧਨ ਦੇ ਇਲਾਜ ਲਈ ਵੀ ਕਮਿਸ਼ਨ ਦੀ ਸਿਫ਼ਾਰਸ਼ 'ਤੇ ਸਰਕਾਰ ਵੱਲੋਂ ਕਾਓ ਲਿਫਟਰ ਮੁਹੱਈਆ ਕਰਵਾਏ ਗਏ ਹਨ। ਸੂਬੇ ਦੀਆਂ ਗਊਸ਼ਾਲਾਵਾਂ ਨੂੰ 3 ਕਰੋੜ 6 ਲੱਖਾਂ ਰੁਪਏ ਦੀ ਲਾਗਤ 500 ਕਾਓ ਲਿਫਟਰ ਮਿਲੇ ਹਨ, ਜਿਨ੍ਹਾਂ ਵਿੱਚੋਂ ਗੁਰਦਾਸਪੁਰ ਜ਼ਿਲ੍ਹੇ ਨੂੰ 09 ਮੁਹੱਈਆ ਕਰਵਾਏ ਗਏ ਹਨ।

ਉਪ ਚੇਅਰਮੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਵਿੱਚ ਰੱਖੀ ਹਰੇਕ ਗਾਂ ਲਈ ਰੋਜ਼ਾਨਾ 61 ਰੁਪਏ ਦੇਣ ਸਬੰਧੀ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਹੈ। ਜਲਦ ਹੀ ਇਸ ਸਬੰਧੀ ਮੀਟਿੰਗ ਕਰਕੇ ਗਊਸ਼ਾਲਾਵਾਂ ਨੂੰ ਇਹ ਰਾਸ਼ੀ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਸਹੂਲਤ ਵੀ ਸਿਰਫ਼ ਕਮਿਸ਼ਨ ਨਾਲ ਰਜਿਸਟਰਡ ਗਊਸ਼ਾਲਾਵਾਂ ਨੂੰ ਹੀ ਮਿਲੇਗੀ।

ਇੱਕ ਸਵਾਲ ਦੇ ਜਵਾਬ ਵਿੱਚ ਕੀਮਤੀ ਭਗਤ ਨੇ ਕਿਹਾ ਕਿ ਸੂਬੇ ਵਿੱਚ ਇਸ ਸਮੇਂ ਕਰੀਬ 80 ਹਜ਼ਾਰ ਗਊਧਨ ਸੜਕਾਂ 'ਤੇ ਬੇਸਹਾਰਾ ਘੁੰਮ ਰਿਹਾ ਹੈ। ਇਸ ਨਾਲ ਜਿੱਥੇ ਕਿਸਾਨਾਂ ਦੀਆਂ ਫਸਲਾਂ ਨੂੰ ਨੁਕਸਾਨ ਪਹੁੰਚ ਰਿਹਾ ਹੈ, ਉੱਥੇ ਸੜਕ ਹਾਦਸਿਆਂ ਅਤੇ ਆਵਾਜਾਈ ਸਬੰਧੀ ਸਮੱਸਿਆਵਾਂ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਬੇਸਹਾਰਾ ਗਊਧਨ ਦੀ ਸਮੱਸਿਆ ਦੇ ਸਥਾਈ ਹੱਲ ਅਤੇ ਗਊਸ਼ਾਲਾਵਾਂ ਦੀ ਸਮਰੱਥਾ ਵਧਾਉਣ ਲਈ ਉਹ ਲਗਾਤਾਰ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰ ਰਹੇ ਹਨ ਅਤੇ ਡਿਪਟੀ ਕਮਿਸ਼ਨਰਾਂ ਤੇ ਹੋਰ ਸਬੰਧਤ ਅਧਿਕਾਰੀਆਂ ਨਾਲ ਮੀਟਿੰਗਾਂ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਮਹੀਨਿਆਂ ਦੌਰਾਨ ਇਸ ਸਬੰਧੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 62 ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ।

ਇਸ ਮੌਕੇ ਪੱਤਰਕਾਰਾਂ ਦੇ ਇੱਕ ਸਵਾਲ ਦੇ ਜਵਾਬ ਵਿੱਚ ਪਿਛਲੇ ਦਿਨੀਂ ਕਲਾਨੌਰ ਗਊਸ਼ਾਲਾ ਵਿੱਚ ਗਊਧੰਨ ਦੀ ਮੌਤਾਂ 'ਤੇ ਦੁੱਖ ਜ਼ਾਹਰ ਕਰਦਿਆਂ ਉਨ੍ਹਾਂ ਕਿਹਾ ਕਿ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਗਈ। ਉਨ੍ਹਾਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ ਦੀ ਅਗਵਾਈ ਵਿੱਚ ਤਿੰਨ ਮੈਂਬਰੀ ਟੀਮ, ਜਿਸ ਐੱਸ ਪੀ (ਐੱਚ) ਅਤੇ ਐੱਸ ਡੀ ਐੱਮ ਸ਼ਾਮਲ ਹਨ, ਦਾ ਗਠਨ ਕਰਨ ਦੇ ਆਦੇਸ਼ ਦਿੱਤੇ , ਜੋ ਅਗਲੇ 15 ਦਿਨਾਂ ਵਿੱਚ ਆਪਣੀ ਰਿਪੋਰਟ ਦੇਣਗੇ।

ਕੀਮਤੀ ਭਗਤ ਨੇ ਗਊਸ਼ਾਲਾ ਪ੍ਰਬੰਧਕਾਂ ਨੂੰ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਚਲਾਏ ਜਾ ਰਹੇ ਐਨ-ਗ੍ਰਾਮ ਪੋਰਟਲ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ 20 ਅਗਸਤ ਨੂੰ ਪੋਰਟਲ 'ਤੇ 6 ਕਰੋੜ ਰੁਪਏ ਦੀ ਰਾਸ਼ੀ ਉਪਲਬੱਧ ਹੋਈ ਹੈ, ਜਿਸ ਦੀ ਵਰਤੋਂ ਗਊਸ਼ਾਲਾਵਾਂ ਵਿੱਚ ਸ਼ੈੱਡ, ਵਾਹਨ, ਚਾਰਾ, ਪਾਣੀ ਦੀਆਂ ਟੈਂਕੀਆਂ ਅਤੇ ਹੋਰ ਲੋੜੀਂਦੇ ਸਰੋਤਾਂ ਦੀ ਵਿਵਸਥਾ ਲਈ ਕੀਤੀ ਜਾ ਸਕਦੀ ਹੈ। ਉਨ੍ਹਾਂ ਗਊਸ਼ਾਲਾ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਪੋਰਟਲ 'ਤੇ ਜਲਦ ਤੋਂ ਜਲਦ ਅਰਜ਼ੀ ਦੇਣ। ਉਨ੍ਹਾਂ ਕਿਹਾ ਕਿ ਮਨਜ਼ੂਰਸ਼ੁਦਾ ਸਹਾਇਤਾ ਰਾਸ਼ੀ ਸਬੰਧਤ ਗਊਸ਼ਾਲਾ ਦੇ ਬੈਂਕ ਖਾਤੇ ਵਿੱਚ ਸਿੱਧੀ ਭੇਜੀ ਜਾਵੇਗੀ।

ਮੀਟਿੰਗ ਦੌਰਾਨ ਉਨ੍ਹਾਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੂੰ ਗਊ ਸੇਵਾ ਸੈੱਸ ਸਬੰਧੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਲਈ ਕਿਹਾ, ਤਾਂ ਜੋ ਗਊ ਸੇਵਾ ਸੈੱਸ ਨੂੰ ਗਊਧੰਨ ਦੀ ਸੇਵਾ ਸੰਭਾਲ ਲਈ ਵਰਤਿਆ ਜਾ ਸਕੇ। ਨਾਲ ਹੀ ਉਨ੍ਹਾਂ ਕਿਹਾ ਕਿ ਸ਼ਹਿਰਾਂ ਵਿੱਚ ਈ.ਓਜ਼ ਅਤੇ ਪਿੰਡਾਂ ਵਿੱਚ ਬੀ.ਡੀ.ਪੀ.ਓਜ਼ ਗਊਧੰਨ ਦੀ ਸੇਵਾ ਸੰਭਾਲ ਲਈ ਜ਼ਿੰਮੇਵਾਰ ਹੋਣਗੇ। ਇਸ ਮੌਕੇ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ।

ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ ਨੇ ਉੱਪ ਚੇਅਰਮੈਨ ਕੀਮਤੀ ਭਗਤ ਦਾ ਗੁਰਦਾਸਪੁਰ ਵਿਖੇ ਪਹੁੰਚਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ, ਬੇਸਹਾਰਾ ਗਊਧੰਨ ਦੀ ਸੇਵਾ ਸੰਭਾਲ ਲਈ ਵਚਨਬੱਧ ਹੈ।

# ਖੇਡਾਂ ਵਤਨ ਪੰਜਾਬ ਦੀਆਂ-2026' ਦੇ ਬਲਾਕ ਪੱਧਰੀ ਮੁਕਾਬਲਿਆਂ ਦਾ ਉਤਸ਼ਾਹ ਨਾਲ ਆਗਾਜ਼



**ਹੁਸ਼ਿਆਰਪੁਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026, ਸੀਜ਼ਨ-4' ਤਹਿਤ ਅੱਜ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਹੋਈ। ਪਹਿਲੇ ਦਿਨ ਖਿਡਾਰੀਆਂ ਨੇ ਐਥਲੈਟਿਕਸ, ਖੋ-ਖੋ, ਕਬੱਡੀ (ਸਰਕਲ ਸਟਾਈਲ), ਕਬੱਡੀ (ਨੈਸ਼ਨਲ ਸਟਾਈਲ), ਵਾਲੀਬਾਲ (ਸ਼ੂਟਿੰਗ ਅਤੇ ਸਮੈਸ਼ਿੰਗ) ਅਤੇ ਫੁੱਟਬਾਲ ਸਮੇਤ ਵੱਖ-ਵੱਖ ਖੇਡਾਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ।

ਜ਼ਿਲ੍ਹਾ ਖੇਡ ਅਫ਼ਸਰ ਹੁਸ਼ਿਆਰਪੁਰ ਸੁਰਜੀਤ ਸਿੰਘ ਨੇ ਦੱਸਿਆ ਕਿ ਬਲਾਕ ਪੱਧਰੀ ਖੇਡ ਮੁਕਾਬਲੇ 7 ਤੋਂ 9 ਸਤੰਬਰ ਤੱਕ ਕਰਵਾਏ ਜਾ ਰਹੇ ਹਨ। ਪਹਿਲੇ ਦਿਨ ਜ਼ਿਲ੍ਹੇ ਵਿੱਚ ਕਰੀਬ 1500 ਖਿਡਾਰੀਆਂ ਨੇ ਭਾਗ ਲਿਆ, ਜੋ ਕਿ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਵੱਧ ਰਹੇ ਉਤਸ਼ਾਹ ਨੂੰ ਦਰਸਾਉਂਦਾ ਹੈ।

ਬਲਾਕ ਹੁਸ਼ਿਆਰਪੁਰ-2 ਦੇ ਪਿੰਡ ਬੋਹਣ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਖੇਡ ਮੁਕਾਬਲਿਆਂ ਦਾ ਉਦਘਾਟਨ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇੱਥੇ ਅੰਡਰ-21 ਐਥਲੈਟਿਕਸ ਦੀ 100 ਮੀਟਰ ਦੌੜ ਵਿੱਚ ਗੋਪੀ ਨੇ ਪਹਿਲਾ, ਜਸਕਰਨ ਸਿੰਘ ਨੇ ਦੂਜਾ ਅਤੇ ਹਰਮਨਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।

ਬਲਾਕ ਗੜ੍ਹਸ਼ੰਕਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਖੇਡ ਮੁਕਾਬਲਿਆਂ ਦਾ ਉਦਘਾਟਨ ਪੰਜਾਬ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ ਤੇ ਓਐਸਡੀ ਚਰਨਜੀਤ ਸਿੰਘ ਚੰਨੀ ਨੇ ਕੀਤਾ। ਇਸ ਮੌਕੇ ਐਸਡੀਐਮ ਗੜ੍ਹਸ਼ੰਕਰ ਸੰਜੀਵ ਕੁਮਾਰ ਵੀ ਮੌਜੂਦ ਰਹੇ। ਅੰਡਰ-17 ਲੜਕੀਆਂ ਦੀ 100 ਮੀਟਰ ਦੌੜ ਵਿੱਚ ਰੋਹਿਤ ਸ਼ਰਮਾ ਨੇ ਪਹਿਲਾ, ਹਰਜਾਪ ਸਿੰਘ ਨੇ ਦੂਜਾ ਅਤੇ ਤੁਸ਼ਾਰ ਚੌਧਰੀ ਨੇ ਤੀਜਾ ਸਥਾਨ ਹਾਸਲ ਕੀਤਾ।

ਬਲਾਕ ਟਾਂਡਾ ਦੇ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਕਾਲਜ ਵਿੱਚ ਵਿਧਾਇਕ ਟਾਂਡਾ ਜਸਬੀਰ ਸਿੰਘ ਰਾਜਾ ਨੇ ਖੇਡਾਂ ਦਾ ਉਦਘਾਟਨ ਕੀਤਾ। ਅੰਡਰ-14 ਲੜਕੀਆਂ ਦੀ 600 ਮੀਟਰ ਦੌੜ ਵਿੱਚ ਦੀਪਿਕਾ ਨੇ ਪਹਿਲਾ, ਮਾਨਵੀ ਸੈਣੀ ਨੇ ਦੂਜਾ ਅਤੇ ਮਨਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਬਲਾਕ ਮੁਕੇਰੀਆਂ ਦੇ ਕੈਂਪ ਗਰਾਊਂਡ ਵਿੱਚ ਹਲਕਾ ਇੰਚਾਰਜ ਮੁਕੇਰੀਆਂ ਸਰਬਜੀਤ ਸਿੰਘ ਸਾਬੀ ਨੇ ਖੇਡ ਮੁਕਾਬਲਿਆਂ ਦਾ ਉਦਘਾਟਨ ਕੀਤਾ। ਅੰਡਰ-21 ਤੋਂ 30 ਸਾਲ ਉਮਰ ਵਰਗ ਦੇ ਲੜਕਿਆਂ ਦੀ 800 ਮੀਟਰ ਦੌੜ ਵਿੱਚ ਸਾਹਿਲਪ੍ਰੀਤ ਸਿੰਘ ਨੇ ਪਹਿਲਾ, ਰਾਹੁਲ ਸਿੰਘ ਨੇ ਦੂਜਾ ਅਤੇ ਮਨਹਰਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।

ਵਾਲੀਬਾਲ ਅੰਡਰ-17 ਲੜਕਿਆਂ ਦੇ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਸੇ ਕਲੋਤਾ ਦੀ ਟੀਮ ਨੇ ਪਹਿਲਾ, ਹਰਦੋ ਖੁੰਦਪੁਰ ਨੇ ਦੂਜਾ ਅਤੇ ਹਰਸੇ ਮਾਨਸਰ ਕਲੱਬ ਨੇ ਤੀਜਾ ਸਥਾਨ ਹਾਸਲ ਕੀਤਾ।

ਜ਼ਿਲ੍ਹਾ ਖੇਡ ਅਫ਼ਸਰ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ, ਉਨ੍ਹਾਂ ਦੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ ਅਤੇ ਸਿਹਤਮੰਦ ਤੇ ਖੇਡ ਭਾਵਨਾ ਨਾਲ ਭਰਪੂਰ ਮਾਹੌਲ ਤਿਆਰ ਕਰਨਾ ਹੈ।

# ਸਿਹਤਮੰਦ, ਨਸ਼ਾ-ਮੁਕਤ 'ਰੰਗਲਾ ਪੰਜਾਬ' ਬਣਾਉਣ ਲਈ ਖੇਡਾਂ ਨੂੰ ਅਪਣਾਓ: ਕੁਲਤਾਰ ਸਿੰਘ ਸੰਧਵਾਂ

**ਚੰਡੀਗੜ੍ਹ, 8 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਵਿੱਚ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਪੰਜਾਬ ਦੀ ਸਦੀਆਂ ਤੋਂ ਚਲੀ ਆ ਰਹੀ ਖੇਡ ਵਿਰਾਸਤ ਦੀ ਸ਼ਾਨ ਬਹਾਲੀ ਕੀਤੀ ਜਾ ਸਕੇ।

ਸਪੀਕਰ ਨੇ ਕਿਹਾ ਕਿ ਸਾਡੀ ਸਰਕਾਰ ਖੇਡਾਂ ਵਿੱਚ ਸੂਬੇ ਦੀ ਸ਼ਾਨ ਨੂੰ ਬਹਾਲ ਕਰਨ ਦੇ ਉਦੇਸ਼ ਨਾਲ 'ਖੇਡਾਂ ਵਤਨ ਪੰਜਾਬ ਦੀਆ' ਕਰਵਾ ਰਹੀ ਹੈ। ਉਹਨਾਂ ਕਿਹਾ, ਇਸ ਪਹਿਲਕਦਮੀ ਰਾਹੀਂ ਪੰਜਾਬ ਦੇ ਨੌਜਵਾਨ ਖੇਡਾਂ ਵੱਲ ਪ੍ਰੇਰਿਤ ਹੋਣਗੇ, ਜਿਸ ਨਾਲ ਉਹਨਾਂ ਦੀ ਖੇਡਾਂ ਵਿੱਚ ਭਾਗੀਦਾਰੀ ਹੋਰ ਵਧੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਉਪਰਾਲਾ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚੋਂ ਛੁਪੀ ਹੋਈ ਖੇਡ ਪ੍ਰਤਿਭਾ ਦੀ ਪਛਾਣ ਕਰਨ, ਉਭਾਰਨ ਅਤੇ ਨਿਖਾਰਨ ਲਈ ਇੱਕ ਉੱਤਮ ਮੰਚ ਵਜੋਂ ਕੰਮ ਕਰਦਾ ਹੈ, ਜਿਸ ਨਾਲ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਤੇ ਖੇਡਾਂ ਚ ਅੱਗੇ ਵਧਣ ਅਤੇ ਉੱਤਮਤਾ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਮਿਲਦਾ ਹੈ।

ਸਪੀਕਰ ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਵਿਅਕਤੀ ਨੂੰ ਸਰੀਰਕ ਤੌਰ 'ਤੇ ਸਰਗਰਮ ਅਤੇ ਮਾਨਸਿਕ ਤੌਰ 'ਤੇ ਸੁਚੇਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਹਨਾਂ ਕਿਹਾ,ਖੇਡਾਂ ਨਾ ਸਿਰਫ਼ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਜ਼ਰੂਰੀ ਹਨ ਬਲਕਿ ਇੱਕ ਲੰਬੀ, ਸਿਹਤਮੰਦ ਜ਼ਿੰਦਗੀ ਵਿੱਚ ਵੀ ਇਹਨਾਂ ਦਾ ਵਡਮੁੱਲਾ ਯੋਗਦਾਨ ਹੈ। ਇਹ ਜ਼ਰੂਰੀ ਹੈ ਕਿ ਅਸੀਂ ਖੇਡਾਂ ਨੂੰ ਆਪਣੇ ਰੋਜ਼ਮਰਾ ਕੰਮਾਂ ਵਿੱਚ ਸ਼ਾਮਲ ਕਰੀਏ9

ਖੇਡਾਂ ਰਾਹੀਂ ਸਿਖਾਏ ਗਏ ਜੀਵਨ ਦੇ ਸਬਕਾਂ ਦਾ ਜ਼ਿਕਰ ਕਰਦਿਆਂ ਸਪੀਕਰ ਨੇ ਕਿਹਾ ਕਿ ਖੇਡਾਂ ਨਾਲ ਜੁੜਦੇ ਰਹਿਣ,ਲਚਕੀਲਾਪਣ ਅਤੇ ਤਰੱਕੀ ਲਈ ਪ੍ਰੇਰਣਾ ਮਿਲਦੀ ਹੈ।ਉਹਨਾਂ ਕਿਹਾ,ਖੇਡਾਂ ਸਾਨੂੰ ਸਿਖਾਉਂਦੀਆਂ ਹਨ ਕਿ ਜੀਵਨ ਦੀਆਂ ਚੁਣੌਤੀਆਂ ਨੂੰ ਕਿਵੇਂ ਪਾਰ ਕਰਨਾ ਹੈ । ਉਹ ਦਰਸਾਉਂਦੀਆਂ ਹਨ ਕਿ ਸਫਲਤਾ ਸਿਰਫ ਨਿਰੰਤਰ ਸਖ਼ਤ ਮਿਹਨਤ ਅਤੇ ਅਣਥੱਕ ਯਤਨਾਂ ਦੁਆਰਾ ਪ੍ਰਾਪਤ ਕੀਤੀ ਜਾਂਦੀ ਹੈ। ਇਹੀ ਸਮਰਪਣ ਹੀ ਹੈ, ਜੋ ਅੰਤ ਵਿੱਚ ਸਾਡੇ ਨੌਜਵਾਨਾਂ ਨੂੰ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਅਤੇ ਦੇਸ਼ ਲਈ ਤਗਮੇ ਜਿੱਤਣ ਦੇ ਯੋਗ ਬਣਾਉਂਦਾ ਹੈ।

ਐਥਲੈਟਿਕ ਉੱਤਮਤਾ ਪ੍ਰਤੀ ਸੂਬੇ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸ.ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਵਿਕਾਸ ਅਤੇ ਖਿਡਾਰੀਆਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ। ਇਹਨਾਂ ਨਿਰੰਤਰ ਯਤਨਾਂ ਸਦਕਾ ਇੱਕ ਸਕਾਰਾਤਮਕ ਤਬਦੀਲੀ ਦਿਖਾਈ ਦੇ ਰਹੀ ਹੈ, ਜਿਸ ਵਿੱਚ ਪੰਜਾਬ ਦੇ ਨੌਜਵਾਨ ਖੇਡਾਂ ਵਿੱਚ ਨਵੀਂ ਅਤੇ ਡੂੰਘੀ ਦਿਲਚਸਪੀ ਦਿਖਾ ਰਹੇ ਹਨ।

ਸਪੀਕਰ ਨੇ ਕਿਹਾ,ਜੇਕਰ ਅਸੀਂ ਆਪਣੇ ਸੂਬੇ ਨੂੰ ਜੀਵੰਤ, 'ਰੰਗਲਾ ਪੰਜਾਬ' ਬਨਾਉਣਾ ਚਾਹੁੰਦੇ ਹਾਂ ਤਾਂ ਸਾਡੇ ਨੌਜਵਾਨਾਂ ਨੂੰ ਖੇਡਾਂ ਨੂੰ ਅਪਣਾਉਣ ਦੀ ਲੋੜ ? ਹੈ ਤਦ ਹੀ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰਕੇ ਦੇਸ਼ ਲਈ ਨਾਮਣਾ ਖੱਟਣਾ ਸੰਭਵ ਹੋ ਸਕਦਾ ਹੈ।

ਉਨ੍ਹਾਂ ਅੱਗੇ ਜ਼ੋਰ ਦਿੱਤਾ ਕਿ ਖੇਡਾਂ ਸਮਾਜਿਕ ਬੁਰਾਈਆਂ ਵਿਰੁੱਧ ਸ਼ਕਤੀਸ਼ਾਲੀ ਢਾਲ ਵਜੋਂ ਕੰਮ ਕਰਦੀਆਂ ਹਨ, ਨੌਜਵਾਨਾਂ ਨੂੰ ਨਸ਼ਿਆਂ ਤੋਂ ਪੂਰੀ ਤਰ੍ਹਾਂ ਦੂਰ ਰਹਿਣ ਦੀ ਸਿੱਖਿਆ ਦਿੰਦੀਆਂ ਹਨ।

ਇੱਕ ਸਰਗਰਮ ਜੀਵਨ ਸ਼ੈਲੀ ਅਪਣਾ ਕੇ, ਨੌਜਵਾਨ ਪੀੜ੍ਹੀ ਆਪਣੇ ਆਪ ਨੂੰ ਨਸ਼ਿਆਂ ਦੀ ਦੁਰਵਰਤੋਂ ਤੋਂ ਦੂਰ ਕਰ ਸਕਦੀ ਹੈ ਅਤੇ ਸਿਹਤਮੰਦ, ਸ਼ਾਂਤੀਪੂਰਨ ਅਤੇ ਉਦੇਸ਼ਪੂਰਨ ਜੀਵਨ ਜੀ ਸਕਦੀ ਹੈ।

# ਖੇਡਾਂ ਵਤਨ ਪੰਜਾਬ ਦੀਆਂ ਦੇ ਬਲਾਕ ਪੱਧਰੀ ਖੇਡਾਂ 'ਚ ਪਹਿਲੇ ਦਿਨ ਹੋਏ ਦਿਲਚਸਪ ਮੁਕਾਬਲੇ

**ਪਟਿਆਲਾ, 8 ਸਤੰਬਰ**
**-ਜੀ. ਐਸ. ਤੁੰਗ-**



ਖੇਡ ਵਿਭਾਗ ਪਟਿਆਲਾ ਵੱਲੋਂ ਅੱਜ ਪਟਿਆਲਾ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਬਲਾਕ ਪੱਧਰੀ ਖੇਡਾਂ ਦਾ ਆਗਾਜ ਕਰਵਾਇਆ ਗਿਆ, ਇਸ ਦੌਰਾਨ ਪਹਿਲੇ ਦਿਨ ਦਿਲਚਸਪ ਮੁਕਾਬਲੇ ਹੋਏ। ਪਹਿਲੇ ਦਿਨ, ਪਟਿਆਲਾ ਦੇ ਚਾਰ ਬਲਾਕਾਂ ਪਟਿਆਲਾ ਸ਼ਹਿਰੀ, ਪਟਿਆਲਾ ਦਿਹਾਤੀ, ਰਾਜਪੁਰਾ ਅਤੇ ਨਾਭਾ ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਜਿਹਨਾਂ ਵਿੱਚ ਵੱਖ-ਵੱਖ ਉਮਰ ਵਰਗ ਵਿੱਚ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਖੇਡਾਂ ਕਰਵਾਈਆਂ ਜਾ ਰਹੀਆਂ ਹਨ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਦੀ ਸ਼ੁਰੂਆਤ ਸਮੇਂ ਬਲਾਕ ਪਟਿਆਲਾ ਸ਼ਹਿਰੀ ਦੀਆਂ ਖੇਡਾਂ ਵਤਨ ਪੰਜਾਬ ਦੀਆਂ 2026 (ਬਲਾਕ) ਦਾ ਉਦਘਾਟਨ ਐਮ.ਐਲ.ਏ. ਪਟਿਆਲਾ ਸ਼ਹਿਰੀ ਅਜੀਤਪਾਲ ਸਿੰਘ ਕੋਹਲੀ, ਬਲਾਕ ਪਟਿਆਲਾ ਦਿਹਾਤੀ ਦੀਆਂ ਬਲਾਕ ਖੇਡਾਂ ਦਾ ਉਦਘਾਟਨ ਯੂਥ ਆਗੂ ਐਡਵੋਕੇਟ ਰਾਹੁਲ ਸਿੰਘ ਵੱਲੋਂ ਕੀਤਾ ਗਿਆ। ਪਟਿਆਲਾ ਰੂਰਲ ਬਲਾਕ ਵਿੱਚ ਫੁੱਟਬਾਲ ਗੇਮ ਵਿੱਚ ਅੰਡਰ-14 ਲੜਕਿਆਂ ਵਿੱਚ ਦ ਮਿਲੇਨੀਅਮ ਸਕੂਲ ਦੀ ਟੀਮ ਨੂੰ 0/4 ਸਕੋਰਾਂ ਨਾਲ ਹਰਾ ਕੇ ਅਜਾਦ ਫੁੱਟਬਾਲ ਕਲੱਬ ਦੀ ਟੀਮ ਜੇਤੂ ਰਹੀ।

ਰਾਜਪੁਰਾ ਬਲਾਕ ਵਿੱਚ ਐਥਲੈਟਿਕਸ ਗੇਮ ਲੌਂਗ ਜੰਪ ਅੰਡਰ-17 ਲੜਕਿਆਂ ਵਿੱਚ ਜਸਕਰਨਜੋਤ ਸਿੰਘ ਨੇ ਪਹਿਲਾ ਸਥਾਨ, ਗੁਰਾਂਸ਼ ਸਿੰਘ ਨੇ ਦੂਸਰਾ ਸਥਾਨ, ਪ੍ਰਭਸਹਾਇ ਨੇ ਤੀਸਰਾ ਸਥਾਨ ਅਤੇ ਅਗਮ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਅੰਡਰ-17 ਕਬੱਡੀ ਲੜਕਿਆਂ ਵਿੱਚ ਸਰਕਾਰੀ ਸਕੂਲ ਧੁੰਮਾਂ ਨੇ ਗੁਰੂ ਰਾਮਦਾਸ ਬਸੰਤਪੁਰਾ ਨੂੰ ਹਰਾਇਆ। ਇਸੇ ਤਰ੍ਹਾਂ ਅੰਡਰ-14 ਲੜਕਿਆਂ ਵਿੱਚ ਐਸ.ਡੀ. ਪਬਲਿਕ ਸਕੂਲ ਨੇ ਗੁਰੂ ਰਾਮਦਾਸ ਬਸੰਤਪੁਰਾ ਨੂੰ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਫੁੱਟਬਾਲ ਗੇਮ ਅੰਡਰ 14 ਲੜਕਿਆਂ ਅਤੇ ਲੜਕੀਆਂ ਵਿੱਚ ਸ੍ਰੀ ਚੇਤਨਿਆ ਸਕੂਲ ਰਾਜਪੁਰਾ ਨੇ ਬਾਜੀ ਮਾਰੀ। ਵਾਲੀਬਾਲ ਗੇਮ ਅੰਡਰ -17 ਆਧਾਰਸ਼ਿਲਾ ਫਾਊਨਟੇਨ ਪਬਲਿਕ ਸਕੂਲ ਦੀ ਟੀਮ ਪਹਿਲੇ ਦਰਜੇ ਤੇ ਰਹੀ। ਖੋ-ਖੋ ਅੰਡਰ-14 ਲੜਕਿਆਂ ਵਿੱਚ ਪੈਪਸੂ ਸਟੇਡੀਅਮ ਰਾਜਪੁਰਾ ਨੇ ਜਿੱਤ ਹਾਸਲ ਕੀਤੀ।\

ਪਟਿਆਲਾ ਦਿਹਾਤੀ ਬਲਾਕ ਵਿੱਚ ਐਥਲੈਟਿਕਸ ਗੇਮ 400 ਮੀਟਰ ਮੈਨ ਉਮਰ ਵਰਗ 21-30 ਵਿੱਚ ਪਹਿਲਾ ਸਥਾਨ ਆਯੂਸ਼ਪਾਲ ਅਤੇ ਦੂਸਰਾ ਸਥਾਨ ਜਸਪ੍ਰੀਤ ਸਿੰਘ ਨੇ ਪ੍ਰਾਪਤ ਕੀਤਾ। ਇਸੇ ਤਰ੍ਹਾਂ ਉਮਰ ਵਰਗ 31-40 ਵਿੱਚ ਸਰਬਜੀਤ ਸਿੰਘ ਨੇ ਪਹਿਲਾ ਸਥਾਨ ਅਤੇ 41-50 ਉਮਰ ਵਰਗ ਵਿੱਚ ਮਨਪ੍ਰੀਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਨਾਭਾ ਬਲਾਕ ਵਿੱਚ ਕਬੱਡੀ ਗੇਮ ਅੰਡਰ-14 ਲੜਕਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੀਂਗੀ ਦੀ ਟੀਮ ਨੇ ਪਹਿਲਾ ਸਥਾਨ, ਹਾਈ ਸਕੂਲ ਅਚਲ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਵਾਲੀਬਾਲ ਗੇਮ ਵਿੱਚ ਅੰਡਰ-14 ਲੜਕੀਆਂ ਵਿੱਚ ਕਲਗੀਧਰ ਮੂੰਗੋ ਟੀਮ ਨੇ ਪਹਿਲਾ ਅਤੇ ਕੋਚਿੰਗ ਸੈਂਟਰ ਨਾਭਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।

# ਗੁਰਦਾਸਪੁਰ ਪੁਲਿਸ ਵੱਲੋਂ ਡਰੋਨ ਰਾਹੀਂ ਮੰਗਵਾਈ 02 ਕਿਲੋ 760 ਗ੍ਰਾਮ ਹੈਰੋਇੰਨ ਸਮੇਤ ਦੋਸ਼ੀ ਗ੍ਰਿਫਤਾਰ

**ਗੁਰਦਾਸਪੁਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮੁੱਖ ਮੰਤਰੀ, ਪੰਜਾਬ ਭਗਵੰਤ ਮਾਨ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ੇ ਦੇ ਵਿਰੁੱਧ÷ ਮੁਹਿੰਮ ਤਹਿਤ ਅਤੇ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਗੁਰਦਾਸਪੁਰ ਪੁਲਿਸ ਨੇ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਦੀ ਨਿਗਰਾਨੀ ਹੇਠ ਸਰਹੱਦੀ ਖੇਤਰ ਵਿੱਚ ਸਰਗਰਮ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਇੱਕ ਵੱਡਾ ਝਟਕਾ ਦਿੰਦੇ ਹੋਏ 01 ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 2 ਕਿਲੋ 760 ਗ੍ਰਾਮ ਹੈਰੋਇੰਨ ਅਤੇ 01 ਮੋਟਰਸਾਈਕਲ ਬ੍ਰਾਮਦ ਕੀਤਾ ਹੈ। ਹੈਰੋਇੰਨ ਦੀ ਇਹ ਖੇਪ ਡਰੋਨ ਰਾਹੀਂ ਮੰਗਵਾਈ ਗਈ ਸੀ।

ਸ੍ਰੀ ਆਦਿੱਤਯ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਹੱਦੀ ਖੇਤਰ ਵਿੱਚ ਡਰੋਨ ਐਕਟੀਵਿਟੀ ਦੇਖੀ ਗਈ ਸੀ। ਇਸ ਖੁਫੀਆ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਸਪੈਸ਼ਲ ਬ੍ਰਾਂਚ, ਗੁਰਦਾਸਪੁਰ ਅਤੇ ਥਾਣਾ ਬਹਿਰਾਮਪੁਰ ਦੀ ਪੁਲਿਸ ਟੀਮ ਵੱਲੋਂ ਰਾਵੀ ਦਰਿਆ ਦੇ ਕੰਢੇ 'ਤੇ ਨਾਕਾਬੰਦੀ ਕਰਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਸੀ। ਇਸ ਚੈਕਿੰਗ ਦੌਰਾਨ, ਮੋਟਰਸਾਈਕਲ 'ਤੇ ਸਵਾਰ ਇੱਕ ਸ਼ੱਕੀ ਨੌਜਵਾਨ ਨੂੰ ਪੁਲਿਸ ਪਾਰਟੀ ਵੱਲੋਂ ਕਾਬੂ ਕੀਤਾ ਗਿਆ। ਉਪ ਕਪਤਾਨ ਪੁਲਿਸ, ਦੀਨਾਨਗਰ ਦੀ ਹਾਜ਼ਰੀ ਵਿੱਚ ਕੀਤੀ ਗਈ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 05 ਪੈਕਟ ਹੈਰੋਇੰਨ, ਜਿਸ ਦਾ ਵਜ਼ਨ 2 ਕਿਲੋ 760 ਗ੍ਰਾਮ ਸੀ, ਬ੍ਰਾਮਦ ਕੀਤੀ ਗਈ। ਇਸ ਦੇ ਆਧਾਰ 'ਤੇ ਮੁਕੱਦਮਾ ਨੰਬਰ 131, ਮਿਤੀ ਤਹਿਤ ਥਾਣਾ ਬਹਿਰਾਮਪੁਰ ਵਿਖੇ ਦਰਜ ਕੀਤਾ ਗਿਆ ਹੈ।

ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਦੋਸ਼ੀ ਨੇ ਹੈਰੋਇੰਨ ਦੀ ਇਹ ਖੇਪ ਡਰੋਨ ਰਾਹੀਂ ਮੰਗਵਾਈ ਸੀ। ਪੁਲਿਸ ਵੱਲੋਂ ਗ੍ਰਿਫਤਾਰ ਦੋਸ਼ੀ ਦਾ ਪੁਲਿਸ ਰਿਮਾਂਡ ਹਾਸਿਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਤਾਂ ਜੋ ਵੱਡੇ ਨਸ਼ਾ ਤਸਕਰੀ ਨੈੱਟਵਰਕ ਨਾਲ ਉਸ ਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਦਾ ਪਤਾ ਲਗਾਇਆ ਜਾ ਸਕੇ। ਇਸ ਨੈੱਟਵਰਕ ਦੇ ਹੋਰ ਮੈਂਬਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਅਤੇ ਪੂਰੀ ਸਪਲਾਈ ਚੇਨ ਨੂੰ ਤੋੜਨ ਲਈ ਠੋਸ ਯਤਨ ਕੀਤੇ ਜਾਣਗੇ।ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਦੱਸਿਆ ਕਿ ਇਹ ਬ੍ਰਾਮਦਗੀ ਨਸ਼ਾ ਤਸਕਰਾਂ ਲਈ ਇੱਕ ਵੱਡਾ ਝਟਕਾ ਹੈ। ਪਿਛਲੇ ਇੱਕ ਹਫ਼ਤੇ ਦੌਰਾਨ ਗੁਰਦਾਸਪੁਰ ਪੁਲਿਸ ਨੇ ਨਸ਼ਾ ਤਸਕਰਾਂ ਦੇ ਨੈੱਟਵਰਕ ਵਿਰੁੱਧ ਲਗਾਤਾਰ ਅਤੇ ਸਖ਼ਤ ਕਾਰਵਾਈ ਕੀਤੀ ਹੈ, ਜਿਸ ਦੇ ਨਤੀਜੇ ਵਜੋਂ ਵਪਾਰਕ ਮਾਤਰਾ ਦੀ ਹੈਰੋਇੰਨ ਦੇ 06 ਮੁਕੱਦਮੇ ਦਰਜ ਕੀਤੇ ਗਏ ਹਨ, 07 ਦੋਸ਼ੀ ਗ੍ਰਿਫਤਾਰ ਕੀਤੇ ਗਏ ਹਨ ਅਤੇ ਲਗਭਗ 7.2 ਕਿਲੋ ਹੈਰੋਇੰਨ ਬ੍ਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ ਇਨ੍ਹਾਂ ਕਾਰਵਾਈਆਂ ਦੌਰਾਨ 01 ਪਿਸਤੌਲ ਅਤੇ 01 ਰਿਵਾਲਵਰ ਵੀ ਬ੍ਰਾਮਦ ਕੀਤਾ ਗਿਆ ਹੈ।

# ਬਿਜਲੀ ਸੰਕਟ 'ਤੇ ਇੰਜੀਨੀਅਰਾਂ ਦਾ ਮੁੱਖ ਮੰਤਰੀ ਨੂੰ ਪੱਤਰ, ਉਤਪਾਦਨ ਸਮਰੱਥਾ ਵਧਾਉਣ ਦੀ ਮੰਗ

**ਚੰਡੀਗੜ੍ਹ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੀ ਐੱਸ ਈ ਬੀ ਇੰਜੀਨੀਅਰਜ਼ ਐਸੋਸੀਏਸ਼ਨ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਪੰਜਾਬ ਦੇ ਆਰਥਿਕ ਵਿਕਾਸ ਨੂੰ ਸੁਰੱਖਿਅਤ ਰੱਖਣ ਅਤੇ ਬਿਜਲੀ ਦੀ ਸੰਕਟ ਨਾਲ ਨਜਿੱਠਣ ਲਈ ਸੂਬੇ ਵਿੱਚ ਬਿਜਲੀ ਉਤਪਾਦਨ ਸਮਰੱਥਾ ਨੂੰ ਤੁਰੰਤ ਵਧਾਉਣ 'ਤੇ ਜ਼ੋਰ ਦਿੱਤਾ ਹੈ।

ਪੰਜਾਬ ਭਰ ਵਿੱਚ ਵੱਖ-ਵੱਖ ਵਰਗਾਂ ਦੇ ਖਪਤਕਾਰਾਂ ਨੂੰ ਲੱਗ ਰਹੇ ਬਿਜਲੀ ਦੇ ਕੱਟਾਂ ਦੇ ਮੱਦੇਨਜ਼ਰ ਐਸੋਸੀਏਸ਼ਨ ਨੇ ਲਿਖਿਆ ਹੈ ਕਿ ਪੀ.ਐੱਸ.ਪੀ.ਸੀ.ਐੱਲ. ਨੇ ਪਿਛਲੇ ਦੋ ਵਿੱਤੀ ਸਾਲਾਂ ਦੌਰਾਨ ਦੇਸ਼ ਦੀਆਂ ਚੋਟੀ ਦੀਆਂ ਬਿਜਲੀ ਯੂਟਿਲਿਟੀਜ਼ ਵਿੱਚ ਏ ਅਤੇ ਏ-ਪਲੱਸ ਰੇਟਿੰਗ ਹਾਸਲ ਕਰਕੇ ਰਾਸ਼ਟਰੀ ਮਾਨਤਾ ਪ੍ਰਾਪਤ ਕੀਤੀ ਸੀ ਅਤੇ ਹੜ੍ਹਾਂ ਤੇ ਗਰਮੀ ਦੀ ਲਹਿਰ ਦੌਰਾਨ ਸੂਬੇ ਦੀ ਊਰਜਾ ਸੁਰੱਖਿਆ ਨੂੰ ਸਫਲਤਾਪੂਰਵਕ ਸੰਭਾਲਿਆ ਸੀ।

ਹਾਲਾਂਕਿ, ਪੀ.ਐੱਸ.ਪੀ.ਸੀ.ਐੱਲ. ਵਿੱਚ ਮੌਜੂਦਾ ਸਥਿਤੀ ਚਿੰਤਾਜਨਕ ਤੌਰ 'ਤੇ ਵਿਗੜ ਗਈ ਹੈ। ਕਿਹਾ ਗਿਆ ਹੈ ਕਿ ਪੰਜਾਬ ਦੇ ਬਿਜਲੀ ਇੰਜੀਨੀਅਰਾਂ ਦੀ ਨੁਮਾਇੰਦਗੀ ਕਰਨ ਵਾਲੀ ਪੇਸ਼ੇਵਰ ਐਸੋਸੀਏਸ਼ਨ ਹੋਣ ਦੇ ਨਾਤੇ, ਸਾਡਾ ਗੰਭੀਰ ਫਰਜ਼ ਬਣਦਾ ਹੈ ਕਿ ਅਸੀਂ ਸਰਕਾਰ ਨੂੰ ਸੂਬੇ ਦੇ ਬਿਜਲੀ ਖੇਤਰ ਨੂੰ ਦਰਪੇਸ਼ ਆਉਣ ਵਾਲੇ ਵਿੱਤੀ ਅਤੇ ਬਿਜਲੀ ਸੰਕਟ ਬਾਰੇ ਸੁਚੇਤ ਕਰੀਏ।

ਪੱਤਰ ਵਿੱਚ ਅੱਗੇ ਕਿਹਾ ਗਿਆ ਹੈ ਕਿ ਪੰਜਾਬ ਦਾ ਬਿਜਲੀ ਖੇਤਰ ਇੱਕ ਵਾਰ ਫਿਰ ਵਿੱਤੀ ਸੰਕਟ ਅਤੇ ਬਿਜਲੀ ਦੀ ਘਾਟ ਦੀ ਗੰਭੀਰ ਚੁਣੌਤੀ ਦਾ ਸਾਹਮਣਾ ਕਰ ਰਿਹਾ ਹੈ। ਬਿਜਲੀ ਦੀ ਉਭਰਦੀ ਘਾਟ ਪਹਿਲਾਂ ਹੀ ਉਦਯੋਗ, ਖੇਤੀਬਾੜੀ ਅਤੇ ਘਰੇਲੂ ਖਪਤਕਾਰਾਂ ਸਮੇਤ ਮੁੱਖ ਖੇਤਰਾਂ ਨੂੰ ਪ੍ਰਭਾਵਿਤ ਕਰ ਰਹੀ ਹੈ, ਅਤੇ ਜਦੋਂ ਤੱਕ ਸੂਬੇ ਦੇ ਅੰਦਰ ਉਤਪਾਦਨ ਸਮਰੱਥਾ ਵਧਾਉਣ ਲਈ ਤੁਰੰਤ ਕਦਮ ਨਹੀਂ ਚੁੱਕੇ ਜਾਂਦੇ, ਆਉਣ ਵਾਲੇ ਸਾਲਾਂ ਵਿੱਚ ਸਥਿਤੀ ਹੋਰ ਵੀ ਗੰਭੀਰ ਹੋਣ ਦੀ ਸੰਭਾਵਨਾ ਹੈ। ਪੰਜਾਬ ਦੇ ਪ੍ਰਾਈਵੇਟ ਥਰਮਲ ਪਲਾਂਟਾਂ ਵਿੱਚ ਕੋਲੇ ਦੀ ਭਾਰੀ ਘਾਟ ਹੈ।

ਪੱਤਰ ਵਿੱਚ ਅੱਗੇ ਜ਼ਿਕਰ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਸਬਸਿਡੀ ਦੇ ਬਕਾਏ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵੱਲੋਂ ਬਿਜਲੀ ਦੇ ਬਿੱਲਾਂ ਦੀ ਅਦਾਇਗੀ ਵਿੱਚ ਲਗਾਤਾਰ ਹੋ ਰਹੀ ਦੇਰੀ ਕਾਰਨ ਪੀ.ਐੱਸ.ਪੀ.ਸੀ.ਐੱਲ. ਦੀ ਵਿੱਤੀ ਹਾਲਤ ਲਗਾਤਾਰ ਕਮਜ਼ੋਰ ਹੋ ਰਹੀ ਹੈ। ਇਸ ਸਥਿਤੀ ਨੂੰ ਹੋਰ ਵਿਗਾੜਦਿਆਂ, ਹਾਲ ਹੀ ਦੇ ਏ.ਆਰ.ਆਰ. ਵਿੱਚ ਖਰਚੇ ਦੇ ਅਨੁਮਾਨਾਂ ਨੂੰ ਜਾਣਬੁੱਝ ਕੇ ਘਟਾ ਕੇ ਪੇਸ਼ ਕੀਤਾ ਗਿਆ ਸੀ, ਜਿਸ ਦੇ ਨਤੀਜੇ ਵਜੋਂ ਟੈਰਿਫ ਵਿੱਚ ਗ਼ੈਰ-ਵਾਜਬ ਕਮੀ ਆਈ ਅਤੇ ਕਾਰਪੋਰੇਸ਼ਨ ਨੂੰ ਭਾਰੀ ਵਿੱਤੀ ਸੰਕਟ ਦਾ ਸਾਹਮਣਾ ਕਰਨਾ ਪਿਆ।

ਚਾਲੂ ਵਿੱਤੀ ਸਾਲ ਦੌਰਾਨ ਹੀ ਪੀ.ਐੱਸ.ਪੀ.ਸੀ.ਐੱਲ. ਨੂੰ ਆਪਣੀਆਂ ਅਸਲ ਖਰਚਾ ਜ਼ਰੂਰਤਾਂ ਦੇ ਮੁਕਾਬਲੇ ਲਗਪਗ 7,800 ਕਰੋੜ ਰੁਪਏ ਦੇ ਮਾਲੀਏ ਦੇ ਘਾਟੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਤੋਂ ਇਲਾਵਾ, ਗਰਮੀ ਦੇ ਸਿਖਰਲੇ ਸੀਜ਼ਨ ਦੌਰਾਨ, ਪੰਜਾਬ ਦੀ ਅੰਦਰੂਨੀ ਉਤਪਾਦਨ ਸਮਰੱਥਾ ਬਿਜਲੀ ਦੀ ਵਧਦੀ ਮੰਗ ਨਾਲੋਂ ਕਾਫ਼ੀ ਘੱਟ ਹੋ ਜਾਂਦੀ ਹੈ, ਜਿਸ ਕਾਰਨ ਪੀ.ਐੱਸ.ਪੀ.ਸੀ.ਐੱਲ. ਨੂੰ ਊਰਜਾ ਐਕਸਚੇਂਜਾਂ ਤੋਂ ਮਹਿੰਗੀ ਬਿਜਲੀ ਖਰੀਦਣ ਲਈ ਭਾਰੀ ਨਿਰਭਰ ਹੋਣਾ ਪੈਂਦਾ ਹੈ। ਐਸੋਸੀਏਸ਼ਨ ਦੇ ਜਨਰਲ ਸਕੱਤਰ ਅਜੈ ਪਲ ਸਿੰਘ ਅਟਵਾਲ ਨੇ ਪੱਤਰ ਵਿੱਚ ਅੱਗੇ ਦੱਸਿਆ ਹੈ ਕਿ ਅੰਤਰ-ਰਾਜ ਬਿਜਲੀ ਬੈਂਕਿੰਗ ਪ੍ਰਬੰਧਾਂ ਦੀ ਵਧਦੀ ਗ਼ੈਰ-ਭਰੋਸੇਯੋਗਤਾ ਕਾਰਨ ਇਹ ਕਮਜ਼ੋਰੀ ਹੋਰ ਵੀ ਵੱਧ ਜਾਂਦੀ ਹੈ। ਉਦਾਹਰਣ ਵਜੋਂ, ਹਿਮਾਚਲ ਪ੍ਰਦੇਸ਼ ਵਰਗੇ ਪਣ-ਬਿਜਲੀ ਨਾਲ ਭਰਪੂਰ ਰਾਜਾਂ ਨੇ ਪੰਜਾਬ ਨਾਲ ਬਿਜਲੀ ਬੈਂਕਿੰਗ ਕਰਨ ਦੀ ਬਜਾਏ ਗਰਮੀ ਦੇ ਪੀਕ ਮਹੀਨਿਆਂ ਦੌਰਾਨ ਓਪਨ-ਮਾਰਕੀਟ ਦੀਆਂ ਉੱਚੀਆਂ ਕੀਮਤਾਂ ਦਾ ਲਾਭ ਉਠਾਉਣ ਨੂੰ ਤਰਜੀਹ ਦਿੱਤੀ ਹੈ।

ਸਿੱਟੇ ਵਜੋਂ, ਮਾਰਕੀਟ-ਅਧਾਰਤ ਖਰੀਦ ਅਤੇ ਬੈਂਕਿੰਗ 'ਤੇ ਨਿਰਭਰਤਾ ਕੋਈ ਗਾਰੰਟੀਸ਼ੁਦਾ ਊਰਜਾ ਸੁਰੱਖਿਆ ਪ੍ਰਦਾਨ ਨਹੀਂ ਕਰਦੀ। ਜਦੋਂ ਤੱਕ ਪੰਜਾਬ ਗ਼ੈਰ-ਸੋਲਰ ਅਤੇ ਰਾਤ ਦੇ ਸਿਖਰਲੇ ਸਮੇਂ ਦੀ ਮੰਗ ਨੂੰ ਪੂਰਾ ਕਰਨ ਲਈ ਸਥਿਰ, ਚੌਵੀ ਘੰਟੇ (ਆਰ.ਟੀ.ਸੀ.) ਬੇਸ-ਲੋਡ ਬਿਜਲੀ ਨੂੰ ਸੁਰੱਖਿਅਤ ਕਰਨ ਵਾਸਤੇ ਆਪਣੀ ਰਾਜ-ਖੇਤਰ ਦੀ ਥਰਮਲ ਉਤਪਾਦਨ ਸਮਰੱਥਾ ਨੂੰ ਜਲਦੀ ਨਹੀਂ ਵਧਾਉਂਦਾ, ਤਦ ਤੱਕ ਸੂਬਾ ਹਰ ਗਰਮੀ ਵਿੱਚ ਬਿਜਲੀ ਦੀ ਭਾਰੀ ਘਾਟ ਦੇ ਚੱਕਰ ਵਿੱਚ ਫਸਿਆ ਰਹੇਗਾ।

ਪੰਜਾਬ ਆਪਣੀ ਵਧਦੀ ਮੰਗ ਨੂੰ ਪੂਰਾ ਕਰਨ ਲਈ ਰਾਜ ਤੋਂ ਬਾਹਰੋਂ ਖਰੀਦੀ ਜਾਣ ਵਾਲੀ ਬਿਜਲੀ ਅਤੇ ਪ੍ਰਾਈਵੇਟ ਮੁਨਾਫਾਖੋਰ ਆਈ.ਪੀ.ਪੀਜ਼ 'ਤੇ ਵੱਧ ਰਿਹਾ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਬਿਜਲੀ ਦੀ ਉਪਲਬਧਤਾ ਅਤੇ ਮਾਰਕੀਟ ਕੀਮਤਾਂ ਵਿੱਚ ਅਨਿਸ਼ਚਿਤਤਾ ਦੇ ਸਾਹਮਣੇ ਆਉਣ ਤੋਂ ਇਲਾਵਾ, ਅਜਿਹੀ ਨਿਰਭਰਤਾ ਪੰਜਾਬ ਵਿੱਚੋਂ ਭਾਰੀ ਵਿੱਤੀ ਬਾਹਰ ਨਿਕਲਣ ਦਾ ਕਾਰਨ ਬਣਦੀ ਹੈ, ਕਿਉਂਕਿ ਪੰਜਾਬ ਅਤੇ ਹੋਰ ਰਾਜਾਂ ਵਿੱਚ ਪ੍ਰਾਈਵੇਟ ਉਤਪਾਦਨ ਕੰਪਨੀਆਂ ਨੂੰ ਬਿਜਲੀ ਦੀ ਖਰੀਦ ਲਈ ਭਾਰੀ ਰਕਮ ਅਦਾ ਕੀਤੀ ਜਾਂਦੀ ਹੈ।

ਰਾਜ ਤੋਂ ਬਾਹਰੋਂ ਖਰੀਦੀ ਜਾ ਰਹੀ ਬਿਜਲੀ ਦੀ ਮਾਤਰਾ ਅਤੇ ਇਸ ਨਾਲ ਜੁੜੇ ਵਿੱਤੀ ਬੋਝ ਦੀ ਤੁਰੰਤ ਨੀਤੀਗਤ ਸਮੀਖਿਆ ਦੀ ਲੋੜ ਹੈ। ਐਸੋਸੀਏਸ਼ਨ ਨੇ ਵੱਖ-ਵੱਖ ਪੱਤਰਾਂ ਅਤੇ ਸੰਚਾਰਾਂ ਰਾਹੀਂ ਇਸ ਮੁੱਦੇ ਨੂੰ ਵਾਰ-ਵਾਰ ਉਜਾਗਰ ਕੀਤਾ ਹੈ ਅਤੇ ਰਾਜ ਖੇਤਰ ਵਿੱਚ ਉਤਪਾਦਨ ਸਮਰੱਥਾ ਨੂੰ ਸਮੇਂ ਸਿਰ ਵਧਾਉਣ ਦਾ ਸੁਝਾਅ ਦਿੱਤਾ ਹੈ। ਐਸੋਸੀਏਸ਼ਨ ਨੇ ਅਪੀਲ ਕੀਤੀ ਹੈ ਕਿ ਉਤਪਾਦਨ ਸਮਰੱਥਾ ਨੂੰ ਵਧਾਉਣ ਨੂੰ ਤੁਰੰਤ ਅਤੇ ਗੰਭੀਰ ਰਣਨੀਤਕ ਤਰਜੀਹ ਵਜੋਂ ਲਿਆ ਜਾਵੇ ਅਤੇ ਪਾਵਰ ਕਾਰਪੋਰੇਸ਼ਨ ਨੂੰ ਤੁਰੰਤ ਆਧਾਰ 'ਤੇ ਹੇਠ ਲਿਖੇ ਉਤਪਾਦਨ ਪ੍ਰੋਜੈਕਟਾਂ ਨੂੰ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਜਾਣ।

# ਇੱਕ ਸਕੂਲ ਵੱਲੋਂ ਪਾਰਕਿੰਗ ਲਈ ਪ੍ਰਬੰਧ ਨਾ ਕੀਤੇ ਜਾਣ ਕਾਰਨ ਸੜਕ 'ਤੇ ਟ੍ਰੈਫਿਕ ਲੰਮੇ ਸਮੇ ਜਾਮ ਲਗਿਆ

**ਸਨੌਰ,8 ਸਤੰਬਰ**
**-ਜਗਦੇਵ ਸਿੰਘ ਜੱਗੀ-**

ਸਨੌਰ ਰੋਡ 'ਤੇ ਸਥਿਤ ਇੱਕ ਸਕੂਲ ਵੱਲੋਂ ਪਾਰਕਿੰਗ ਲਈ ਪ੍ਰਬੰਧ ਨਾ ਕੀਤੇ ਜਾਣ ਕਾਰਨ ਸੜਕ 'ਤੇ ਟ੍ਰੈਫਿਕ ਲੰਮੇ ਸਮੇ ਜਾਮ ਲਗਿਆ ਹੋਇਆ ਦਿਖਾਈ ਦਿੱਤਾ। ਵਰਨਣਯੋਗ ਹੈ ਕਿ ਇਹ ਸਕੂਲ 20 ਸਾਲ ਦੇ ਕਰੀਬ ਪੁਰਾਣਾ ਸਕੂਲ ਹੈ ਅਤੇ ਤਕਰੀਬਨ ਦੋ ਕਿੱਲਿਆਂ ਵਿੱਚ ਫੈਲੇ ਇਸ ਸਕੂਲ ਵਿੱਚ ਆਉਣ ਵਾਲੇ ਲੋਕਾਂ ਲਈ ਵਾਹਨ ਖੜ੍ਹੇ ਕਰਨ ਦੀ ਯੋਗ ਵਿਵਸਥਾ ਨਾ ਹੋਣ ਕਾਰਨ ਦੋਪਹੀਆ ਅਤੇ ਚਾਰਪਹੀਆ ਵਾਹਨ ਸੜਕ ਦੇ ਦੋਵੇਂ ਪਾਸਿਆਂ ਖੜ੍ਹੇ ਕਰ ਦਿੱਤੇ ਗਏ, ਜਿਸ ਕਾਰਨ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ। ਸੜਕ ਦੇ ਦੋਵੇਂ ਪਾਸਿਆਂ ਵਾਹਨਾਂ ਦੀਆਂ ਕਤਾਰਾਂ ਲੱਗਣ ਕਾਰਨ ਪਟਿਆਲਾ-ਸਨੌਰ ਰੋਡ 'ਤੇ ਲੰਮੇ ਸਮੇਂ ਤੱਕ ਜਾਮ ਲੱਗਿਆ ਰਿਹਾ। ਵਾਹਨਾਂ ਦੀ ਰਫ਼ਤਾਰ ਇੰਨੀ ਹੌਲੀ ਹੋ ਗਈ ਕਿ ਰੋਜ਼ਾਨਾ ਇਸ ਰਸਤੇ ਤੋਂ ਲੰਘਣ ਵਾਲੇ ਲੋਕਾਂ, ਵਿਦਿਆਰਥੀਆਂ, ਮੁਲਾਜ਼ਮਾਂ ਅਤੇ ਹੋਰ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸੜਕ 'ਤੇ ਵਾਹਨਾਂ ਦੀ ਬੇਤਰਤੀਬ ਪਾਰਕਿੰਗ ਕਾਰਨ ਆਵਾਜਾਈ ਲਈ ਉਪਲਬਧ ਜਗ੍ਹਾ ਵੀ ਕਾਫ਼ੀ ਘੱਟ ਗਈ। ਹੈਰਾਨੀ ਦੀ ਗੱਲ ਇਹ ਹੈ ਕਿ ਸਕੂਲ ਦੀ ਪਾਰਕਿੰਗ ਸਬੰਧੀ ਪੈਦਾ ਹੋ ਰਹੀ ਸਮੱਸਿਆ ਬਾਰੇ ਸਥਾਨਕ ਲੋਕਾਂ ਵੱਲੋਂ ਕਈ ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਜਾ ਚੁੱਕਾ ਹੈ, ਪਰ ਇਸ ਦੇ ਬਾਵਜੂਦ ਅਜੇ ਤੱਕ ਕੋਈ ਢੁੱਕਵਾਂ ਪ੍ਰਬੰਧ ਨਹੀਂ ਕੀਤਾ ਗਿਆ। ਇਸ ਸਬੰਧੀ ਪਾਲ ਗੰਗਰੋਲੀ ਨੇ ਕਿਹਾ ਕਿ ਜੇਕਰ ਸਕੂਲ ਲਈ ਇੰਨੀ ਵੱਡੀ ਜਗ੍ਹਾ ਮੌਜੂਦ ਹੈ ਤਾਂ ਵਾਹਨਾਂ ਦੀ ਪਾਰਕਿੰਗ ਲਈ ਯੋਜਨਾਬੱਧ ਵਿਵਸਥਾ ਕਿਉਂ ਨਹੀਂ ਕੀਤੀ ਗਈ ? ਇਹ ਕਹਿੰਦਿਆਂ ਓਹਨਾ ਕਿਹਾ ਕਿ ਉਹ ਕਿਸੇ ਜ਼ਰੂਰੀ ਕੰਮ ਜਾ ਰਹੇ ਸੀ ਪਰੰਤੂ ਇਥੇ ਲਗੇ ਲੰਮੇ ਜਾਮ ਕਰਕੇ ਪਹੁੰਚਣ ਚ ਦੇਰੀ ਦਾ ਸਾਮਣਾ ਕਰਨਾ ਪਿਆ। ਜਾਮ ਚ ਫਸੇ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸਕੂਲ ਪ੍ਰਬੰਧਕਾਂ ਨੂੰ ਪਾਰਕਿੰਗ ਦਾ ਪੱਕਾ ਪ੍ਰਬੰਧ ਕਰਨ ਲਈ ਹਦਾਇਤਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਕਿਸੇ ਇੱਕ ਸੰਸਥਾ ਦੀ ਪਾਰਕਿੰਗ ਵਿਵਸਥਾ ਦੀ ਕਮੀ ਦਾ ਖਮਿਆਜ਼ਾ ਆਮ ਰਾਹਗੀਰਾਂ ਨੂੰ ਭੁਗਤਣਾ ਨਹੀਂ ਚਾਹੀਦਾ।

ਇਸ ਸਬੰਧੀ ਥਾਣਾ ਸਨੌਰ ਦੇ ਮੁਖੀ ਅਵਤਾਰ ਸਿੰਘ ਨੇ ਫੋਨ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ ਕਰੀਬ 60 ਚਲਾਨ ਕੱਟੇ ਗਏ ਹਨ। ਇਸ ਦੇ ਨਾਲ ਹੀ ਸਕੂਲ ਪ੍ਰਬੰਧਕਾਂ ਨੂੰ ਨੋਟਿਸ ਜਾਰੀ ਕਰਕੇ ਹਦਾਇਤ ਕੀਤੀ ਗਈ ਹੈ ਕਿ ਭਵਿੱਖ ਵਿੱਚ ਅਜਿਹਾ ਕੋਈ ਪ੍ਰਬੰਧ ਨਾ ਕੀਤਾ ਜਾਵੇ, ਜਿਸ ਕਾਰਨ ਰਾਹਗੀਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਅੱਜ ਸਕੂਲ ਵਿੱਚ ਅਧਿਆਪਕ ਮਿਲਣੀ ਰੱਖੀ ਗਈ ਸੀ, ਜਿਸ ਸਬੰਧੀ ਸਕੂਲ ਪ੍ਰਬੰਧਕਾਂ ਵੱਲੋਂ ਪੁਲਿਸ ਨੂੰ ਪਹਿਲਾਂ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਇਸ ਕਾਰਨ ਸਕੂਲ ਦੇ ਬਾਹਰ ਵੱਡੀ ਗਿਣਤੀ ਵਿੱਚ ਵਾਹਨ ਇਕੱਠੇ ਹੋਣ ਕਾਰਨ ਲੰਮਾ ਜਾਮ ਲੱਗ ਗਿਆ ਅਤੇ ਆਵਾਜਾਈ ਪ੍ਰਭਾਵਿਤ ਹੋਈ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਕੋਦਰ ਵਿਖੇ ਹੋਇਆ ਡ੍ਰੋਨ ਸ਼ੋਅ



**ਨਕੋਦਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਸੋਮਵਾਰ ਸ਼ਾਮ ਨੂੰ ਨਕੋਦਰ ਵਿਖੇ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਡ੍ਰੋਨ ਸ਼ੋਅ ਕਰਵਾਇਆ ਗਿਆ।

ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਨਵੀਂ ਅਨਾਜ ਮੰਡੀ ਵਿਖੇ ਕਰਵਾਏ ਗਏ ਡ੍ਰੋਨ ਸ਼ੋਅ ਦੌਰਾਨ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਸ਼ਿਰਕਤ ਕੀਤੀ ਗਈ।

ਡ੍ਰੋਨ ਸ਼ੋਅ ਵਿੱਚ ਸ਼ਾਮਲ ਵੱਡੀ ਗਿਣਤੀ ਸੰਗਤ ਨੂੰ ਆਧੁਨਿਕ ਤਕਨੀਕ, ਅਧਿਆਤਮਕਤਾ ਅਤੇ ਬਿਰਤਾਂਤ ਵਰਣਨ ਦਾ ਸ਼ਾਨਦਾਰ ਸੁਮੇਲ ਦੇਖਣ ਨੂੰ ਮਿਲਿਆ। ਸ਼ੋਅ ਦੌਰਾਨ 500 ਡ੍ਰੋਨਾਂ ਰਾਹੀਂ ਆਸਮਾਨ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਸਮਾਜਿਕ ਬਰਾਬਰੀ, ਦਇਆ, ਸਮਾਜਿਕ ਨਿਆਂ, ਮਨੁੱਖਤਾ ਅਤੇ ਆਪਸੀ ਸਾਂਝ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 650ਵਾਂ ਪ੍ਰਕਾਸ਼ ਪੁਰਬ ਮਨਾਉਣ ਲਈ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਦੀਵੀਂ ਸਿੱਖਿਆਵਾਂ ਤੋਂ ਜਾਣੂ ਕਰਵਾਉਣ ਅਤੇ ਆਪਣੀ ਅਮੀਰ ਸਮਾਜਿਕ ਤੇ ਅਧਿਆਤਮਕ ਵਿਰਾਸਤ ਨਾਲ ਜੋੜਨ ਲਈ ਇਹ ਵਿਲੱਖਣ ਪਹਿਲਕਦਮੀ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਜਿਥੇ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ ਉਥੇ ਵਿੱਦਿਅਕ ਸੰਸਥਾਵਾਂ ਵਿੱਚ ਸੈਮੀਨਾਰਾਂ ਰਾਹੀਂ ਨੌਜਵਾਨਾਂ ਨੂੰ ਗੁਰੂ ਜੀ ਦੇ ਜੀਵਨ ਤੇ ਦਰਸ਼ਨ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਗੁਰੂ ਜੀ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਡਾਕੂਮੈਂਟਰੀ ਵੈਨਾਂ, ਮੈਰਾਥਨ ਅਤੇ ਹੋਰ ਉਪਰਾਲੇ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਜੋ ਕਿ ਡੇਰਾ ਸੱਚਖੰਡ ਬੱਲਾਂ ਨੇੜੇ 10 ਏਕੜ ਤੋਂ ਵੱਧ ਰਕਬੇ ਵਿੱਚ ਵਿਕਸਿਤ ਕੀਤਾ ਜਾਵੇਗਾ।

ਵਿਧਾਇਕ ਨੇ ਕਿਹਾ ਕਿ ਇਹ ਜ਼ਿਲ੍ਹੇ ਦਾ ਪਹਿਲਾ ਸ਼ੋਅ ਹੈ, ਜੋ ਕਿ ਨਕੋਦਰ ਵਿਖੇ ਕਰਵਾਇਆ ਜਾ ਰਿਹਾ ਹੈ। ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਦੇ ਹੋਰ ਇਲਾਕਿਆਂ ਵਿੱਚ ਵੀ ਅਜਿਹੇ ਡ੍ਰੋਨ ਸ਼ੋਅ ਕਰਵਾਏ ਜਾਣਗੇ।

ਡਰੋਨ ਸ਼ੋਅ ਦੌਰਾਨ ਪ੍ਰਸਿੱਧ ਰਾਗੀ ਭਾਈ ਜਸਬੀਰ ਸਿੰਘ ਜਲੰਧਰ ਵਾਲਿਆਂ ਦੇ ਜੱਥੇ ਵੱਲੋਂ ਸ਼ਬਦ ਕੀਰਤਨ ਅਤੇ ਗੁਰਬਾਣੀ ਨਾਲ ਸੰਗਤ ਨੂੰ ਜੋੜਿਆ ਗਿਆ।

ਜ਼ਿਕਰਯੋਗ ਹੈ ਕਿ 8 ਸਤੰਬਰ ਨੂੰ ਲਾਇਲਪੁਰ ਖਾਲਸਾ ਕਾਲਜ, ਜਲੰਧਰ, 9 ਸਤੰਬਰ ਨੂੰ ਸ਼ਾਹਕੋਟ, 10 ਸਤੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰੰਧਾਵਾ ਮਸੰਦਾ ਅਤੇ 11 ਸਤੰਬਰ ਨੂੰ ਨਵੀਂ ਦਾਣਾ ਮੰਡੀ ਫਿਲੌਰ ਵਿਖੇ ਡ੍ਰੋਨ ਸ਼ੋਅ ਕਰਵਾਏ ਜਾਣਗੇ।

ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਦਰਸ਼ਨ ਸਿੰਘ ਟਾਹਲੀ, ਪ੍ਰਧਾਨ ਨਗਰ ਕੌਂਸਲ ਪ੍ਰਦੀਪ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਜਸਵੀਰ ਸਿੰਘ ਧੰਜਲ, ਚੇਅਰਮੈਨ ਮਾਰਕੀਟ ਕਮੇਟੀ ਬਿਲਗਾ ਜਸਵੀਰ ਸਿੰਘ ਸੰਗੋਵਾਲ, ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ ਲਖਵੀਰ ਸਿੰਘ, ਐਸ.ਡੀ.ਐਮ. ਨਕੋਦਰ ਸਿਮਰਨਜੀਤ ਸਿੰਘ, ਡੀ.ਐਸ.ਪੀ. ਸਰਵਣ ਸਿੰਘ ਬੱਲ, ਬੀ.ਡੀ.ਪੀ.ਓ. ਅਭੈ ਚੰਦਰ ਤੋਂ ਇਲਾਵਾ ਕੌਂਸਲਰ, ਬਲਾਕ ਪ੍ਰਧਾਨ, ਪਿੰਡਾਂ ਦੇ ਸਰਪੰਚਾਂ-ਪੰਚਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

# ਪੰਜਾਬ ਪੁਲਿਸ ਪੰਜਾਬ ਨੂੰ ਸੁਰੱਖਿਅਤ ਅਤੇ ਸੁਰੱਖਿਅਤ ਸੂਬਾ ਬਣਾਉਣ ਲਈ ਵਚਨਬੱਧ

**ਫਾਜ਼ਿਲਕਾ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਡਾਇਰੈਕਟਰ ਜਨਰਲ ਆਫ਼ ਪੁਲਿਸ, ਪੰਜਾਬ ਅਤੇ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ, ਕਾਊਂਟਰ ਇੰਟੈਲੀਜੈਂਸ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ਼੍ਰੀ ਨਰੇਸ਼ ਕੁਮਾਰ ਡੋਗਰਾ, ਪੀ.ਪੀ.ਐਸ., ਏ.ਆਈ.ਜੀ., ਐਸ.ਐਸ.ਓ.ਸੀ. ਫਾਜ਼ਿਲਕਾ ਦੀ ਨਿਗਰਾਨੀ ਹੇਠ ਐਸ.ਐਸ.ਓ.ਸੀ. ਫਾਜ਼ਿਲਕਾ ਨੇ ਸਰਹੱਦ ਪਾਰੋਂ ਨਸ਼ਾ ਅਤੇ ਹਥਿਆਰਾਂ ਦੀ ਤਸਕਰੀ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕੀਤੀ ਹੈ।



ਮਿਤੀ 06/07.09.2026 ਨੂੰ ਕੀਤੇ ਗਏ ਦੋ ਵੱਖ-ਵੱਖ ਆਪ੍ਰੇਸ਼ਨਾਂ ਦੌਰਾਨ ਐਸ.ਐਸ.ਓ.ਸੀ. ਫਾਜ਼ਿਲਕਾ ਨੇ ਕੁੱਲ 2.029 ਕਿਲੋ ਹੈਰੋਇਨ, 05 ਨਜਾਇਜ਼ ਪਿਸਤੌਲ ਅਤੇ 05 ਮੈਗਜ਼ੀਨ ਬਰਾਮਦ ਕੀਤੇ ਹਨ। ਹੈਰੋਇਨ ਦੀ ਬਰਾਮਦਗੀ ਦੇ ਸਬੰਧ ਵਿੱਚ ਇੱਕ ਮੁਲਜ਼ਮ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸਾਜਨ ਪੁੱਤਰ ਪਾਲਾ ਸਿੰਘ ਵਾਸੀ ਬਸਤੀ ਬਾਬਾ ਸਰੂਪ ਦਾਸ, ਥਾਣਾ ਸਦਰ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਵਜੋਂ ਹੋਈ ਹੈ। ਮਿਤੀ 06.09.2026 ਨੂੰ ਇੱਕ ਖਾਸ ਸੂਚਨਾ 'ਤੇ ਕਾਰਵਾਈ ਕਰਦਿਆਂ ਐਸ.ਐਸ.ਓ.ਸੀ. ਫਾਜ਼ਿਲਕਾ ਨੇ ਬੀ.ਐਸ.ਐਫ. ਦੇ ਨਾਲ ਬੀ.ਓ.ਪੀ. ਕੱਸੋ ਕੇ, ਬੀ.ਪੀ. ਨੰ. 183/3, ਜ਼ਿਲ੍ਹਾ ਫਿਰੋਜ਼ਪੁਰ ਦੇ ਖੇਤਰ ਵਿੱਚ ਇੱਕ ਵਿਸ਼ੇਸ਼ ਆਪ੍ਰੇਸ਼ਨ ਚਲਾਇਆ। ਇਸ ਆਪ੍ਰੇਸ਼ਨ ਦੌਰਾਨ 05 ਨਜਾਇਜ਼ ਪਿਸਤੌਲਾਂ ਸਮੇਤ 05 ਮੈਗਜ਼ੀਨ ਬਰਾਮਦ ਕੀਤੇ ਗਏ। ਬਰਾਮਦ ਕੀਤੇ ਗਏ ਪਿਸਤੌਲ ਪਾਕਿਸਤਾਨ ਤੋਂ ਅੰਤਰਰਾਸ਼ਟਰੀ ਸਰਹੱਦ ਪਾਰੋਂ ਤਸਕਰੀ ਕਰਕੇ ਲਿਆਂਦੇ ਗਏ ਸਨ।ਇਸੇ ਤਰ੍ਹਾਂ ਮਿਤੀ 07.09.2026 ਨੂੰ ਇੱਕ ਹੋਰ ਖਾਸ ਸੂਚਨਾ 'ਤੇ ਕਾਰਵਾਈ ਕਰਦਿਆਂ ਐਸ.ਐਸ.ਓ.ਸੀ. ਫਾਜ਼ਿਲਕਾ ਨੇ ਜਲਾਲਾਬਾਦ ਦੇ ਖੇਤਰ ਵਿੱਚ ਇੱਕ ਹੋਰ ਵਿਸ਼ੇਸ਼ ਆਪ੍ਰੇਸ਼ਨ ਚਲਾਇਆ। ਇਸ ਆਪ੍ਰੇਸ਼ਨ ਦੌਰਾਨ ਮੁਲਜ਼ਮ ਸਾਜਨ ਨੂੰ ਨਹਿਰ ਵਾਲੀ ਸੜਕ, ਪਿੰਡ ਬਾਘੇ ਕੇ ਉੱਤਰ, ਥਾਣਾ ਸਦਰ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਨੇੜਿਓਂ ਕਾਬੂ ਕੀਤਾ ਗਿਆ ਅਤੇ ਉਸਦੇ ਕਬਜ਼ੇ ਵਿੱਚੋਂ 2.029 ਕਿਲੋ ਹੈਰੋਇਨ ਬਰਾਮਦ ਕੀਤੀ ਗਈ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਹੈਰੋਇਨ ਅਤੇ ਹਥਿਆਰਾਂ ਦੀਆਂ ਖੇਪਾਂ ਪਾਕਿਸਤਾਨ ਸਥਿਤ ਤਸਕਰਾਂ ਤੋਂ ਮੰਗਵਾਈਆਂ ਗਈਆਂ ਸਨ ਅਤੇ ਸਰਹੱਦ ਪਾਰ ਤਸਕਰੀ ਦੇ ਰਾਹੀਂ ਭਾਰਤ ਵਿੱਚ ਪਹੁੰਚਾਈਆਂ ਗਈਆਂ ਸਨ। ਪਾਕਿਸਤਾਨ ਸਥਿਤ ਤਸਕਰਾਂ ਦੀ ਪਛਾਣ ਕਰਨ ਅਤੇ ਅੱਗੇ-ਪਿੱਛੇ ਦੇ ਸਾਰੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ। ਇਸ ਸਬੰਧ ਵਿੱਚ ਥਾਣਾ ਐਸ.ਐਸ.ਓ.ਸੀ. ਫਾਜ਼ਿਲਕਾ ਵਿਖੇ ਇੱਕ ਅਣਪਛਾਤੇ ਵਿਅਕਤੀ ਖਿਲਾਫ਼ ਅਸਲਾ ਐਕਟ ਦੀ ਧਾਰਾ 25/54/59 ਤਹਿਤ ਮਿਤੀ 06.09.2026 ਨੂੰ ਐਫ.ਆਈ.ਆਰ. ਨੰ. 20 ਅਤੇ ਮੁਲਜ਼ਮ ਸਾਜਨ ਪੁੱਤਰ ਪਾਲਾ ਸਿੰਘ ਵਾਸੀ ਬਸਤੀ ਬਾਬਾ ਸਰੂਪ ਦਾਸ, ਥਾਣਾ ਸਦਰ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਖਿਲਾਫ਼ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21/61/85 ਤਹਿਤ ਮਿਤੀ 07.09.2026 ਨੂੰ ਐਫ.ਆਈ.ਆਰ. ਨੰ. 21 ਦਰਜ ਕੀਤੀ ਗਈ ਹੈ।

ਬਰਾਮਦਗੀ ਨਾਲ ਜੁੜੇ ਅੱਗੇ-ਪਿੱਛੇ ਦੇ ਸਬੰਧਾਂ ਦਾ ਪਤਾ ਲਗਾਉਣ ਅਤੇ ਸਰਹੱਦ ਪਾਰ ਤਸਕਰੀ ਨੈੱਟਵਰਕ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

# ਭਾਰਗਵ ਚਾਨਣਾ ਦੇ ਜਨਮ ਦਿਨ ਦੀ ਖੁਸ਼ੀ 'ਚ ਖ਼ੂਨਦਾਨ ਕੈਂਪ, 55 ਖ਼ੂਨਦਾਨੀਆਂ ਨੇ ਕੀਤਾ ਖ਼ੂਨਦਾਨ

**ਮਾਛੀਵਾੜਾ ਸਾਹਿਬ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੁਸਾਇਟੀ (ਐਨਜੀਓ) ਵੱਲੋਂ ਜਗਦੀਸ਼ ਕੁਮਾਰ ਜੱਸੀ ਦੇ ਸਪੁੱਤਰ ਅਤੇ ਹਰਬੰਸ ਲਾਲ ਚਾਨਣਾ ਦੇ ਪੋਤਰੇ ਭਾਰਗਵ ਚਾਨਣਾ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ ਗਿਆ।

ਸੁਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਕਰਨ ਹਸਪਤਾਲ ਦੇ ਬਲੱਡ ਸੈਂਟਰ ਦੀ ਟੀਮ ਵੱਲੋਂ 55 ਖ਼ੂਨਦਾਨੀਆਂ ਦਾ ਖ਼ੂਨ ਇਕੱਤਰ ਕੀਤਾ ਗਿਆ। ਕੈਂਪ ਦੌਰਾਨ ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣਾ ਕੀਮਤੀ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਇਸ ਮੌਕੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਕਾਂਗਰਸ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਗਿੱਲ ਅਤੇ ਭਾਜਪਾ ਆਗੂ ਨੀਸ਼ੂ ਚਹਿਲਾਂ ਨੇ ਕਿਹਾ ਗਿਆ ਕਿ ਜਨਮ ਦਿਨ ਵਰਗੇ ਖੁਸ਼ੀ ਦੇ ਮੌਕਿਆਂ ਨੂੰ ਸਮਾਜ ਸੇਵਾ ਨਾਲ ਜੋੜਨਾ ਇੱਕ ਸ਼ਲਾਘਾਯੋਗ ਉਪਰਾਲਾ ਹੈ, ਜਿਸ ਨਾਲ ਹੋਰਨਾਂ ਨੂੰ ਵੀ ਲੋਕ ਭਲਾਈ ਦੇ ਕਾਰਜਾਂ ਲਈ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਅਜਿਹੇ ਉਪਰਾਲੇ ਸਮਾਜ ਵਿੱਚ ਮਨੁੱਖਤਾ, ਸੇਵਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਕੈਂਪ ਦੌਰਾਨ ਆਪਣੀ ਜ਼ਿੰਦਗੀ 'ਚ 85ਵੀਂ ਵਾਰ ਖ਼ੂਨਦਾਨ ਕਰਨ ਵਾਲੇ ਨੌਜਵਾਨ ਐਂਬੂਲੈਂਸ ਚਾਲਕ ਸਤੀਸ਼ ਕੁਮਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਕੈਂਪ 'ਚ ਹਰਬੰਸ ਲਾਲ ਚਾਨਣਾ, ਅੰਮ੍ਰਿਤਪਾਲ, ਜਗਤਾਰ ਸਿੰਘ ਜੱਸੋਵਾਲ, ਨਰਿੰਦਰਪਾਲ ਸਿੰਘ ਅਡਿਆਣਾ, ਜਰਨੈਲ ਸਿੰਘ, ਪ੍ਰਿੰ. ਨਿਰੰਜਣ ਸੂਖਮ, ਪਰਮਦੀਪਪਾਲ ਸਿੰਘ, ਹਰੀਸ਼ ਕੁਮਾਰ ਬੰਟੀ, ਸਤੀਸ਼ ਕੁਮਾਰ ਡੀਸੀ ਸਮੇਤ ਅਨੇਕਾਂ ਨੇ ਸ਼ਿਰਕਤ ਕੀਤੀ।

# ਫਾਜ਼ਿਲਕਾ ਵਿਖੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਅਤੇ ਉਨ੍ਹਾਂ ਦੀ ਧਰਮਪਤਨੀ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਦੀ ਅਗਵਾਈ ਵਿਚ ਸਖੀ ਸਨਮਾਨ ਸਮਾਰੋਹ ਦਾ ਕੀਤਾ ਗਿਆ ਆਯੋਜਨ

**ਫਾਜ਼ਿਲਕਾ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਾਜ਼ਿਲਕਾ ਵਿਖੇ ਸਖੀ ਸਨਮਾਨ ਸਮਾਰੋਹ ਬੜੀ ਹੀ ਧੂਮ-ਧਾਮ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਰੋਹ ਦੌਰਾਨ ਹਲਕਾ ਫਾਜ਼ਿਲਕਾ ਤੋਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ।ਇਹ ਸਮਾਗਮ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਅਤੇ ਉਨ੍ਹਾਂ ਦੀ ਧਰਮਪਤਨੀ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਸਮਾਗਮ ਵਿਚ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਸਹਿਯੋਗ ਦੇਣ ਵਾਲੀਆਂ ਸਤਿਕਾਰਤ ਸਖੀਆਂ ਦਾ ਸਨਮਾਨ ਕੀਤਾ ਗਿਆਸਮਾਗਮ ਦਾ ਮੁੱਖ ਉਦੇਸ਼ ਸਖੀਆਂ ਨੂੰ ਸਨਮਾਨਿਤ ਕਰਨਾ ਅਤੇ ਮਹਿਲਾਵਾਂ ਨੂੰ ਆਤਮ-ਨਿਰਭਰ ਬਣਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਤੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਔਰਤਾਂ ਸਾਡੇ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਸਨਮਾਨ ਅਤੇ ਸਸ਼ਕਤੀਕਰਨ ਤੋਂ ਬਿਨਾਂ ਸਮਾਜ ਦਾ ਵਿਕਾਸ ਸੰਭਵ ਨਹੀਂ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਲਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਚਲਾਈ ਗਈ ਹੈ। ਇਸ ਯੋਜਨਾ ਵਿਚ ਜਨਰਲ ਕੈਟੇਗਰੀ ਦੀਆਂ ਮਹਿਲਾਵਾਂ ਨੂੰ 1000 ਰੁਪਏ ਅਤੇ ਐਸ. ਸੀ. ਸਮਾਜ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਂਦੇ ਹਨ।ਇਸ ਦੇ ਨਾਲ ਨਾਲ ਸਰਕਾਰ ਵੱਲੋਂ ਮਹਿਲਾਵਾਂ ਲਈ ਅਨੇਕਾਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ।ਇਸ ਮੌਕੇ ਵਿਧਾਇਕ ਸਵਨਾ ਵੱਲੋਂ ਕਿਹਾ ਗਿਆ ਕਿ ਸਾਡੀ ਸਰਕਾਰ ਮਾਵਾਂ ਅਤੇ ਧੀਆਂ ਨੂੰ ਆਤਮਨਿਰਭਰਤਾ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ।



# ਵਿਧਾਇਕ ਫਾਜ਼ਿਲਕਾ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨਾਲ ਆਪਣੇ ਦਫ਼ਤਰ ਵਿਖੇ ਕੀਤੀ ਲੋਕ ਮਿਲਣੀ

**ਫਾਜ਼ਿਲਕਾ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍ਰ. ਨਰਿੰਦਰਪਾਲ ਸਿੰਘ ਸਵਨਾ ਨੇ ਆਪਣੇ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਹਲਕੇ ਦੇ ਵੱਡੀ ਗਿਣਤੀ ਵਿੱਚ ਪਿੰਡਾਂ ਤੇ ਸ਼ਹਿਰਾਂ ਤੋਂ ਪਹੁੰਚੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਸੁਣੇ। ਲੋਕਾਂ ਵੱਲੋਂ ਰੱਖੇ ਗਏ ਮਸਲਿਆਂ ਨੂੰ ਧਿਆਨ ਨਾਲ ਸੁਣਦਿਆਂ ਕੁੱਝ ਸਮੱਸਿਆਵਾਂ ਦਾ ਮੌਕੇ ਤੇ ਹੀ ਹੱਲ੍ਹ ਕਰਵਾਇਆ ਤੇ ਬਾਕੀ ਰਹਿੰਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਸਬੰਧਿਤ ਅਧਿਕਾਰੀਆਂ ਨੂੰ ਜਲਦ ਅਤੇ ਯੋਗ ਹੱਲ ਕਰਨ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ।

ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਵਾਉਣਾ ਸਾਡੀ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਤੁਹਾਡੇ ਵਿਸ਼ਵਾਸ ਅਤੇ ਸਹਿਯੋਗ ਨਾਲ ਅਸੀਂ ਲੋਕ ਭਲਾਈ ਅਤੇ ਵਿਕਾਸ ਲਈ ਇਸੇ ਤਰ੍ਹਾਂ ਨਿਰੰਤਰ ਕੰਮ ਕਰਦੇ ਰਹਾਂਗੇ।

ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜਾਂ ਵਿਚ ਕਿਸੇ ਪ੍ਰਕਾਰ ਦੀ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਪਿੰਡ ਦੇ ਮੁੱਖ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ੍ਹ ਕਰਵਾਇਆ ਜਾਵੇਗਾ। ਇਸ ਮੀਟਿੰਗ ਵਿਚ ਵਿਕਾਸ ਕਾਰਜਾਂ ਸਬੰਧੀ ਉਨ੍ਹਾਂ ਦੱਸਿਆ ਕਿ ਹਲਕੇ ਵਿਚ ਲਿੰਕ ਸੜਕਾਂ ਦੀ ਰੀ-ਕਾਰਪੇਟਿੰਗ ਦੇ ਕਈ ਪ੍ਰਾਜੈਕਟ ਪੂਰੇ ਕਰਵਾਏ ਜਾ ਚੁੱਕੇ ਹਨ।



ਪਿੰਡਾਂ ਵਿਚ ਰੋਡ ਨੈਟਵਰਕ ਨੂੰ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਦੇ ਪਾਣੀ ਨਿਕਾਸੀ ਦੇ ਮਸਲਿਆਂ ਨੂੰ ਅਹਿਮ ਅਤੇ ਗੰਭੀਰਤਾ ਨਾਲ ਲਿਆ ਗਿਆ ਹੈ ਅਤੇ ਨਾਲਿਆਂ ਡਰੇਨਾਂ ਦੀ ਸਫਾਈ ਤੇ ਨਵੀਨੀਕਰਨ ਦੇ ਕਾਰਜ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪਾਣੀ ਸਪਲਾਈ ਸਬੰਧੀ ਸਮੱਸਿਆਵਾਂ ਨੂੰ ਵੀ ਤੁਰੰਤ ਹੱਲ੍ਹ ਕੀਤਾ ਜਾਂਦਾ ਹੈ।

ਪਿੰਡਾਂ ਵਿਚ ਨਹਿਰੀ ਪਾਣੀ ਦੀ ਸਪਲਾਈ ਪੱਕੀ ਕਰਨ ਦੇ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਇਸਦੇ ਨਾਲ-ਨਾਲ ਪਿੰਡਾਂ ਵਿਚ ਜਿੰਮ ਘਰ, ਬੱਚਿਆਂ ਲਈ ਖੇਡ ਮੈਦਾਨ ਅਤੇ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ। ਆਮ ਆਦਮੀ ਕਲੀਨਿਕਾਂ ਵਿਚ ਹਰ ਤਰ੍ਹਾਂ ਦੀਆਂ ਦਵਾਈਆਂ ਪਿੰਡਾਂ ਵਿਚ ਨਹਿਰੀ ਪਾਣੀ ਦੀ ਸਪਲਾਈ ਪੱਕੀ ਕਰਨ ਦੇ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਇਸਦੇ ਨਾਲ-ਨਾਲ ਪਿੰਡਾਂ ਵਿਚ ਜਿੰਮ ਘਰ, ਬੱਚਿਆਂ ਤੇ ਟੈਸਟ ਮੁਫ਼ਤ ਕੀਤੇ ਜਾਂਦੇ ਹਨ।

# ਬਲਾਕ ਲੋਹੀਆਂ : ਅੰਡਰ-14 ਲੜਕੀਆਂ ਦੇ ਖੋ-ਖੋ ਮੁਕਾਬਲੇ 'ਚ ਸੰਤ ਅਵਤਾਰ ਸਿੰਘ ਯਾਦਗਾਰੀ ਸੀਨੀਅਰ ਸੈਕੰਡਰੀ ਸਕੂਲ ਸੀਚੇਵਾਲ ਨੇ ਮਾਰੀ ਬਾਜ਼ੀ

**ਜਲੰਧਰ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਜ਼ਿਲ੍ਹੇ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਕਰਵਾਈਆਂ ਜਾ ਰਹੀਆਂ ਬਲਾਕ ਪੱਧਰੀ ਖੇਡਾਂ ਦੇ ਅੱਜ ਪਹਿਲੇ ਦਿਨ ਬਲਾਕ ਲੋਹੀਆਂ ਖਾਸ ਤੇ ਬਲਾਕ ਮਹਿਤਪੁਰ ਵਿੱਚ ਕਰਵਾਈਆਂ ਗਈਆਂ ਵੱਖ-ਵੱਖ ਖੇਡਾਂ ਦੇ ਨਤੀਜੇ ਸ਼ਾਨਦਾਰ ਰਹੇ।

ਉਨ੍ਹਾਂ ਦੱਸਿਆ ਕਿ ਅੱਜ ਬਲਾਕ ਲੋਹੀਆਂ ਵਿੱਚ ਅੰਡਰ-14 ਲੜਕੀਆਂ ਦੇ ਖੋ-ਖੋ ਮੁਕਾਬਲੇ ਵਿੱਚ ਸੰਤ ਅਵਤਾਰ ਸਿੰਘ ਯਾਦਗਾਰੀ ਸੀਨੀਅਰ ਸੈਕੰਡਰੀ ਸਕੂਲ ਸੀਚੇਵਾਲ ਨੇ ਪਹਿਲਾ, ਅਕਾਲੀ ਗਲੈਕਸੀ ਕਾਨਵੈਂਟ ਸਕੂਲ ਲੋਹੀਆਂ ਖਾਸ ਨੇ ਦੂਜਾ ਅਤੇ ਗ੍ਰਾਮ ਪੰਚਾਇਤ ਮੁੰਡੀਆਂ ਸ਼ਹਿਰੀਆਂ ਮੁੰਡੀ ਖਾਸ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ-17 ਲੜਕੀਆਂ ਵਿੱਚ ਸੰਤ ਅਵਤਾਰ ਸਿੰਘ ਯਾਦਗਾਰੀ ਸੀਨੀਅਰ ਸੈਕੰਡਰੀ ਸਕੂਲ ਸੀਚੇਵਾਲ ਨੇ ਪਹਿਲਾ, ਗ੍ਰਾਮ ਪੰਚਾਇਤ ਮੁੰਡੀ ਸ਼ਹਿਰੀਆਂ, ਮੁੰਡੀ ਖਾਸ ਨੇ ਦੂਜਾ ਅਤੇ ਬੀ.ਕੇ.ਸੀਨੀਅਰ ਸੈਕੰਡਰੀ ਸਕੂਲ ਨੇ ਤੀਜਾ ਸਥਾਨ ਹਾਸਿਲ ਕੀਤਾ।

ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ ਬਲਾਕ ਮਹਿਤਪੁਰ ਵਿੱਚ ਕਰਵਾਈਆਂ ਗਈਆਂ ਬਲਾਕ ਪੱਧਰੀ ਖੇਡਾਂ ਵਿੱਚ ਅੰਡਰ-14 ਲੜਕੇ ਕਬੱਡੀ ਨੈਸ਼ਨਲ ਸਟਾਈਲ ਵਿੱਚ ਵੇਟ ਖਾਲਸਾ ਸਕੂਲ ਨੇ ਪਹਿਲਾ, ਮਹਿਤਪੁਰ ਕਲੱਬ ਨੇ ਦੂਜਾ ਅਤੇ ਉਦੇਪੁਰ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ-14 ਵਾਲੀਬਾਲ ਵਿੱਚ ਏਕਮ ਪਬਲਿਕ ਸਕੂਲ ਨੇ ਪਹਿਲਾ, ਗਲੈਕਸੀ ਕਾਨਵੈਂਟ ਸਕੂਲ ਲੋਹੀਆਂ ਖਾਸ ਨੇ ਦੂਜਾ ਅਤੇ ਗ੍ਰਾਮ ਪੰਚਾਇਤ ਮੁੰਡੀਆਂ ਸ਼ਹਿਰੀਆਂ ਮੁੰਡੀ ਖਾਸ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ-17 ਲੜਕੀਆਂ ਵਿੱਚ ਸੰਤ ਅਵਤਾਰ ਸਿੰਘਐਚ.ਪੀ.ਸਕੂਲ ਨੇ ਦੂਜਾ ਅਤੇ ਮਹਿਤਪੁਰ ਕਲੱਬ ਨੇ ਤੀਜਾ ਸਥਾਨ ਹਾਸਿਲ ਕੀਤਾ।

# ਅਮਨ ਅਰੋੜਾ ਵੱਲੋਂ ਦੁਬਈ ਸੰਮੇਲਨ ਵਿੱਚ ਯੂ.ਏ.ਈ. ਨਿਵੇਸਕਾਂ ਨੂੰ ਪੰਜਾਬ ਵਿੱਚ ਨਿਵੇਸ਼ ਦਾ ਸੱਦਾ; ਸੁਚਾਰੂ ਪ੍ਰਵਾਨਗੀਆਂ, ਮਜ਼ਬੂਤ ਬੁਨਿਆਦੀ ਢਾਂਚੇ ਅਤੇ ਪੂਰਨ ਸਹਿਯੋਗ ਦਾ ਦਿੱਤਾ ਭਰੋਸਾ

**ਦੁਬਈ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ ਸੋਚ ਅਨੁਸਾਰ ਆਲਮੀ ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਦੇ ਵੱਡੇ ਯਤਨ ਤਹਿਤ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅੱਜ ਦੁਬਈ ਵਿੱਚ ਸਾਲਾਨਾ ਨਿਵੇਸ਼ ਮੀਟਿੰਗ (ਏ.ਆਈ.ਐੱਮ.) ਮੌਕੇ ਯੂ.ਏ.ਈ. ਇੰਟਰਨੈਸ਼ਨਲ ਇਨਵੈਸਟਮੈਂਟ ਕੌਂਸਲ (ਯੂ.ਏ.ਈ.ਆਈ.ਆਈ.ਸੀ.) ਦੇ ਸਕੱਤਰ ਜਨਰਲ ਮਹਾਮਹਿਮ ਅਬਦੁੱਲਾ ਅਹਿਮਦ ਅਲ ਸੁਵੈਦੀ ਨਾਲ ਮੁਲਾਕਾਤ ਕਰਕੇ ਸੂਬੇ ਵਿੱਚ ਨਿਵੇਸ਼ ਲਿਆਉਣ ਦੇ ਅਥਾਹ ਤੇ ਵਿਆਪਕ ਮੌਕਿਆਂ ਬਾਰੇ ਚਰਚਾ ਕੀਤੀ।



ਇਸ ਉੱਚ-ਪੱਧਰੀ ਮੀਟਿੰਗ ਦੌਰਾਨ ਉਦਯੋਗ ਮੰਤਰੀ ਨੇ ਮਹਾਮਹਿਮ ਅਬਦੁੱਲਾ ਅਹਿਮਦ ਅਲ ਸੁਵੈਦੀ ਨੂੰ ਪੰਜਾਬ ਦੀਆਂ ਵਿਸ਼ਾਲ ਆਰਥਿਕ ਸੰਭਾਵਨਾਵਾਂ ਬਾਰੇ ਜਾਣੂ ਕਰਵਾਇਆ ਅਤੇ ਯੂ.ਏ.ਈ. ਦੇ ਨਿਵੇਸ਼ਕਾਂ ਨੂੰ ਸਰਕਾਰੀ, ਅਰਧ-ਸਰਕਾਰੀ ਅਤੇ ਨਿੱਜੀ ਖੇਤਰ ਦੀਆਂ ਭਾਈਵਾਲੀਆਂ ਰਾਹੀਂ ਉੱਚ-ਵਿਕਾਸ ਵਾਲੇ ਖੇਤਰਾਂ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ।

ਸੂਬਾ ਸਰਕਾਰ ਦੇ ਸਨਅਤੀ ਵਿਕਾਸ ਸਬੰਧੀ ਅਹਿਦ ਨੂੰ ਦੁਹਰਾਉਂਦਿਆਂ ਸ੍ਰੀ ਅਮਨ ਅਰੋੜਾ ਨੇ ਯੂ.ਏ.ਈ.ਆਈ.ਆਈ.ਸੀ. ਨੂੰ ਭਰੋਸਾ ਦਿੱਤਾ ਕਿ ਸੂਬੇ ਵਿੱਚ ਆਪਣੇ ਕਾਰੋਬਾਰ ਸਥਾਪਤ ਕਰਨ ਜਾਂ ਕਾਰੋਬਾਰ ਵਿਸਥਾਰ ਦੇ ਚਾਹਵਾਨ ਨਿਵੇਸ਼ਕਾਂ ਨੂੰ ਪੰਜਾਬ ਸਰਕਾਰ ਵੱਲੋਂ ਪੂਰਾ ਪ੍ਰਸ਼ਾਸਕੀ ਸਹਿਯੋਗ, ਮਾਰਗਦਰਸ਼ਨ ਅਤੇ ਮਾਲ-ਢੁਆਈ ਤੇ ਹੋਰ ਪ੍ਰਬੰਧਕੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਪੰਜਾਬ, ਯੂ.ਏ.ਈ. ਆਧਾਰਤ ਨਿਵੇਸ਼ਕਾਂ ਅਤੇ ਸੰਸਥਾਗਤ ਫੰਡਿੰਗ ਸੰਗਠਨਾਂ ਨਾਲ ਦੀਰਘਕਾਲੀ ਅਤੇ ਆਪਸੀ ਲਾਭਕਾਰੀ ਸਬੰਧ ਬਣਾਉਣ ਦਾ ਚਾਹਵਾਨ ਹੈ। ਸੂਬੇ ਦੇ ਨਿਵੇਸ਼ਕ-ਪੱਖੀ ਸੁਧਾਰਾਂ ਬਾਰੇ ਜਾਣੂ ਕਰਵਾਉਂਦਿਆਂ ਕੈਬਨਿਟ ਮੰਤਰੀ ਨੇ 'ਇਨਵੈਸਟ ਪੰਜਾਬ' ਰਾਹੀਂ ਆਸਾਨੀ ਨਾਲ ਕਾਰੋਬਾਰ ਕਰਨ ਦੀ ਪ੍ਰਕਿਰਿਆ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ, ਜੋ ਸੁਚਾਰੂ ਅਤੇ ਮੁਸ਼ਕਲ ਰਹਿਤ ਨਿਵੇਸ਼ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਅਤੇ ਤੁਰੰਤ ਕਾਨੂੰਨੀ ਪ੍ਰਵਾਨਗੀਆਂ ਅਤੇ ਮਨਜ਼ੂਰੀਆਂ ਪ੍ਰਦਾਨ ਲਈ ਸੂਬੇ ਦਾ ਇੱਕ ਸਿੰਗਲ-ਵਿੰਡੋ ਪਲੇਟਫਾਰਮ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ, ਪੰਜਾਬ ਵਧੇਰੇ ਅਨੁਕੂਲ ਉੱਦਮੀ ਮਾਹੌਲ, ਸ਼ਾਨਦਾਰ ਮਲਟੀਮਾਡਲ ਸੰਪਰਕ, ਹੁਨਰਮੰਦ ਤਕਨੀਕੀ ਕਾਮੇ ਅਤੇ ਇੱਕ ਪਾਰਦਰਸ਼ੀ ਪ੍ਰਸ਼ਾਸਨਿਕ ਢਾਂਚਾ ਪੇਸ਼ ਕਰਦਾ ਹੈ। ਅਸੀਂ ਯੂ.ਏ.ਈ. ਦੇ ਕਾਰੋਬਾਰੀ ਆਗੂਆਂ ਨੂੰ ਪੰਜਾਬ ਦੀ ਇਸ ਪ੍ਰਭਾਵੀ ਆਰਥਿਕ ਵਿਕਾਸ ਯਾਤਰਾ ਵਿੱਚ ਸਰਗਰਮ ਭਾਈਵਾਲ ਬਣਨ ਦਾ ਸੱਦਾ ਦਿੰਦੇ ਹਾਂ। ਯੂ.ਏ.ਈ. ਇੰਟਰਨੈਸ਼ਨਲ ਇਨਵੈਸਟਮੈਂਟ ਕੌਂਸਲ (ਯੂ.ਏ.ਈ.ਆਈ.ਆਈ.ਸੀ.), ਜੋ ਵਿਦੇਸ਼ੀ ਪ੍ਰਤੱਖ ਨਿਵੇਸ਼ (ਐੱਫ.ਡੀ.ਆਈ.) ਨੂੰ ਚੈਨਲਾਈਜ਼ ਕਰਨ ਲਈ ਯੂ.ਏ.ਈ. ਦੀਆਂ ਜਨਤਕ ਅਤੇ ਨਿੱਜੀ ਸੰਸਥਾਵਾਂ ਨੂੰ ਇਕਜੁੱਟ ਕਰਦੀ ਹੈ, ਨੇ ਪੰਜਾਬ ਦੇ ਵਫ਼ਦ ਦੀ ਇਸ ਸਰਗਰਮ ਪਹਿਲਕਦਮੀ ਦਾ ਸਵਾਗਤ ਕੀਤਾ। ਮੀਟਿੰਗ ਦੌਰਾਨ ਯੂ.ਏ.ਈ. ਅਤੇ ਪੰਜਾਬ ਦਰਮਿਆਨ ਸਿੱਧੇ ਪੂੰਜੀ ਪ੍ਰਵਾਹ ਅਤੇ ਸਾਂਝੇ ਉੱਦਮਾਂ ਨੂੰ ਸਮਰੱਥ ਬਣਾਉਣ ਲਈ ਮਜ਼ਬੂਤ ਸੰਸਥਾਗਤ ਸੰਪਰਕ ਸਥਾਪਤ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

ਦੁਵੱਲੀ ਗੱਲਬਾਤ 'ਤੇ ਤਸੱਲੀ ਪ੍ਰਗਟਾਉਂਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮੁਲਾਕਾਤ ਅਹਿਮ ਮੀਲ ਪੱਥਰ ਸਾਬਤ ਹੋਵੇਗੀ, ਜੋ ਦੁਵੱਲੇ ਆਰਥਿਕ ਸਹਿਯੋਗ, ਮਜ਼ਬੂਤ ਵਪਾਰਕ ਸਬੰਧਾਂ ਅਤੇ ਪੰਜਾਬ ਵਿੱਚ ਵੱਡੀ ਪੱਧਰ 'ਤੇ ਨਿਵੇਸ਼ ਦਾ ਰਾਹ ਪੱਧਰਾ ਕਰੇਗੀ।

# ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰਿਹਾ ਵੱਡਾ ਯੋਗਦਾਨ ਗਿੱਲ ਬ੍ਰਦਰਜ਼ ਮਨੀਲਾ ਵਾਲਿਆਂ ਦਾ



**ਮਾਛੀਵਾੜਾ ਸਾਹਿਬ, 8 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਜੋਧਵਾਲ ,ਰੂੜੇਵਾਲ ਵਾਸੀ ਗਿੱਲ ਬ੍ਰਦਰਜ਼ ਮਨੀਲਾ ਵਾਲੇ ਵਿੱਕੀ ਗਿੱਲ, ਸੰਦੀਪ ਗਿੱਲ, ਰਾਕੇਸ਼ ਗਿੱਲ ਅਤੇ ਸਮੂਹ ਗਿੱਲ ਪਰਿਵਾਰ ਵੱਲੋਂ ਪਿੰਡ ਦੇ ਸਲਾਨਾ ਤੇ ਵਿਸ਼ਾਲ ਦੰਗਲ ਮੇਲੇ ਵਿੱਚ ਵੱਡਾ ਸਹਿਯੋਗ ਦਿੱਤਾ ਜਾਂਦਾ ਰਿਹਾ ਹੈ ਉੱਥੇ ਹੀ ਇਸ ਲੜੀ ਨੂੰ ਅੱਗੇ ਤੋਰਦਿਆਂ ਇਸ ਵਾਰ ਵੀ 2 ਲੱਖ 51000 /ਦੀ ਨਗਦ ਰਾਸ਼ੀ ਗਿੱਲ ਬ੍ਰਦਰਜ਼ ਮਨੀਲਾ ਵਾਲਿਆਂ ਵੱਲੋਂ ਦੰਗਲ ਕਮੇਟੀ ਪ੍ਰਧਾਨ ਅੰਗਰੇਜ ਸਿੰਘ ਬੱਬੂ ਰੰਧਾਵਾ ਨੂੰ ਸੌਂਪੀ ਗਈ। ਦੰਗਲ ਮੇਲੇ ਵਿੱਚ ਸਹਿਯੋਗ ਦੇਣ ਲਈ ਰਾਕੇਸ਼ ਗਿੱਲ,ਵਿੱਕੀ ਗਿੱਲ , ਸੰਦੀਪ ਗਿੱਲ,ਗੌਰਵ ਗਿੱਲ,ਨਿਤਿਨ ਗਿੱਲ,ਨੈਤਿਕ ਗਿੱਲ,ਰਿਹਾਨ ਗਿੱਲ ਪਰਿਵਾਰਿਕ ਮੈਂਬਰਾਂ ਵੱਲੋਂ ਇਹ ਰਾਸ਼ੀ ਸੌਂਪਦਿਆਂ ਦੰਗਲ ਕਮੇਟੀ ਦਾ ਧੰਨਵਾਦ ਵੀ ਪ੍ਰਗਟ ਕੀਤਾ ਕਿ ਉਹ ਗਿੱਲ ਬ੍ਰਦਰਜ਼ ਮਨੀਲਾ ਵਾਲਿਆਂ ਨੂੰ ਹਰ ਸਾਲ ਇਹ ਸੇਵਾ ਕਰਦਾ ਮੌਕਾ ਦਿੰਦੇ ਹਨ। ਵਿਦੇਸ਼ ਬੈਠੇ ਵਿੱਕੀ ਗਿੱਲ ਅਤੇ ਪਰਿਵਾਰ ਦੇ ਹੋਰਨਾਂ ਮੈਂਬਰਾਂ ਨੇ ਇਸ ਮੇਲੇ ਨੂੰ ਪਿਓਰ ਪੰਜਾਬੀ ਲਾਈਵ ਚੈਨਲ ਰਾਹੀਂ ਤੱਕਿਆ ਅਤੇ ਪਹਿਲਵਾਨਾਂ ਦੇ ਨਾਲ ਨਾਲ ਕੁਮੈਂਟਰਾਂ ਲਈ ਵੀ ਵੱਡੀ ਰਾਸ਼ੀ ਦਾਨ ਵਜੋਂ ਭੇਜੀ। ਦੰਗਲ ਮੇਲੇ ਵਿੱਚ ਮੌਜੂਦ ਰਾਕੇਸ਼ ਦੰਗਲ ਕਮੇਟੀ ਵੱਲੋਂ ਗਿੱਲ ਬ੍ਰਦਰਜ਼ ਮਨੀਲਾ ਵਾਲਿਆਂ ਅਤੇ ਸਮੁੱਚੇ ਪਰਿਵਾਰ ਦਾ ਸਨਮਾਨ ਕਰਦਿਆਂ ਧੰਨਵਾਦ ਪ੍ਰਗਟ ਕੀਤਾ ਜਿਨਾਂ ਦੇ ਵੱਡੇ ਸਹਿਯੋਗ ਸਦਕਾ ਇਹ ਦੰਗਲ ਮੇਲਾ ਪੰਜਾਬ ਦੇ ਮਸ਼ਹੂਰ ਦੰਗਲ ਮੇਲਿਆਂ ਵਿੱਚ ਸੁਮਾਰ ਹੋ ਰਿਹਾ ਹੈ।



# ਹਰਿਆਣਾ ਖ਼ਬਰਨਾਮਾ



# ਸਿੱਖਿਆ ਉਹ ਸ਼ਕਤੀ ਹੈ, ਜੋ ਮਨੁੱਖ ਦੇ ਅੰਦਰ ਆਤਮਵਿਸ਼ਵਾਸ ਪੈਦਾ ਕਰਕੇ ਉਸ ਦੇ ਚਰਿੱਤਰ ਦਾ ਨਿਰਮਾਣ ਕਰਦੀ ਹੈ : ਮੁੱਖ ਮੰਤਰੀ ਨਾਇਬ ਸਿੰਘ ਸੈਣੀ



**ਚੰਡੀਗੜ੍ਹ 8 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਸਾਡੇ ਬੱਚੇ ਆਪਣੀਆਂ ਜੜ੍ਹਾਂ ਨਾਲ ਜੁੜ ਕੇ ਆਧੁਨਿਕ ਵਿਗਿਆਨ ਅਤੇ ਤਕਨੀਕ ਵਿੱਚ ਦੁਨੀਆ ਦੀ ਅਗਵਾਈ ਕਰਦੇ ਹੋਏ ਬ੍ਰਹਮਲੀਨ ਸੁਆਮੀ ਦੇਵੇਂਦਰ ਸਰੂਪ ਬ੍ਰਹਮਚਾਰੀ ਜੀ ਦੇ ਸੁਪਨੇ ਨੂੰ ਸਾਕਾਰ ਕਰ ਰਹੇ ਹਨ। ਉਨ੍ਹਾਂ ਦੇ ਹੱਥਾਂ ਵਿੱਚ ਆਧੁਨਿਕ ਤਕਨੀਕ, ਦਿੱਲ ਵਿੱਚ ਦਇਆ, ਦ੍ਰਿਸ਼ਟੀ ਵਿਸ਼ਵਵਿਆਪੀ ਹੋਣ ਦੇ ਨਾਲ-ਨਾਲ ਕਦਮ ਭਾਰਤ ਦੀ ਮਿੱਟੀ ਨਾਲ ਜੁੜੇ ਹਨ। ਅਜਿਹਾ ਕਰਕੇ ਆਪਣੀ ਸੰਸਕ੍ਰਿਤੀ ਅਤੇ ਮਾਂ ਬੋਲੀ ਨੂੰ ਗੌਰਵ ਪ੍ਰਦਾਨ ਕੀਤਾ ਹੈ। ਅੱਜ ਸਾਰੀਆਂ ਸਿੱਖਿਆ ਸੰਸਥਾਵਾਂ ਵਿੱਚ ਆਧੁਨਿਕਤਾ ਅਤੇ ਭਾਰਤੀ ਸੰਸਕਾਰਾਂ ਦਾ ਜੋ ਸੁੰਦਰ ਸੰਗਮ ਦਿਖਾਈ ਦਿੰਦਾ ਹੈ, ਉਹ ਇਸੇ ਦੂਰਦਰਸ਼ੀ ਸੋਚ ਦਾ ਵਿਸਥਾਰ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਲਾਡਵਾ ਦੇ ਡੀ.ਬੀ.ਐਸ. ਇੰਟਰਨੈਸ਼ਨਲ ਪਬਲਿਕ ਸਕੂਲ ਵਿੱਚ ਬ੍ਰਹਮਲੀਨ ਦੇਵੇਂਦਰ ਸਰੂਪ ਬ੍ਰਹਮਚਾਰੀ ਦੀ 22ਵੀਂ ਬਰਸੀ 'ਤੇ ਆਯੋਜਿਤ ਸ਼ਰਧਾਂਜਲੀ ਸਮਾਰੋਹ ਵਿੱਚ ਬੋਲ ਰਹੇ ਸਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦੇਵੇਂਦਰ ਸਰੂਪ ਬ੍ਰਹਮਚਾਰੀ ਦੀ ਮੂਰਤੀ 'ਤੇ ਫੁੱਲ ਅਰਪਣ ਕਰਕੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਆਡੀਟੋਰੀਅਮ ਹਾਲ ਦਾ ਉਦਘਾਟਨ ਕੀਤਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਾਲ ਉੜਾ ਕੇ ਸੰਤ ਮਹਾਤਮਾ ਦਾ ਸਵਾਗਤ ਅਤੇ ਸਨਮਾਨ ਕੀਤਾ। ਪ੍ਰੋਗਰਾਮ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮਹਾਮੰਡਲੇਸ਼ਵਰ ਸੁਆਮੀ ਹਰੀ ਚੇਨਾਨੰਦ ਮਹਾਰਾਜ ਅਤੇ ਪ੍ਰੋਫੈਸਰ ਰਮੇਸ਼ ਕੁਮਾਰ ਪਾਂਡੇ ਨੂੰ ਅਵਾਰਡ ਨਾਲ ਸਨਮਾਨਿਤ ਕੀਤਾ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬ੍ਰਹਮਲੀਨ ਸੁਆਮੀ ਦੇਵੇਂਦਰ ਸਰੂਪ ਬ੍ਰਹਮਚਾਰੀ ਦੇ ਤਪ, ਤਿਆਗ, ਸਾਧਨਾ ਅਤੇ ਮਨੁੱਖੀ-ਭਲਾਈ ਦੇ ਸੰਕਲਪ ਨੂੰ ਪ੍ਰਣਾਮ ਹੈ। ਕੁਝ ਸ਼ਖ਼ਸੀਅਤਾਂ ਅਜਿਹੀਆਂ ਹੁੰਦੀਆਂ ਹਨ, ਜਿਨ੍ਹਾਂ ਦਾ ਜੀਵਨ ਸਮੇਂ ਦੀਆਂ ਸੀਮਾਵਾਂ ਵਿੱਚ ਨਹੀਂ ਬੱਝਦਾ। ਉਹ ਸਰੀਰ ਤੋਂ ਸਾਡੇ ਵਿਚਕਾਰ ਨਾ ਵੀ ਰਹਿਣ ਤਾਂ ਵੀ ਉਨ੍ਹਾਂ ਦੇ ਵਿਚਾਰ ਸਮਾਜ ਦੀ ਚੇਤਨਾ ਵਿੱਚ ਜਿਉਂਦੇ ਰਹਿੰਦੇ ਹਨ। ਉਨ੍ਹਾਂ ਦੀ ਬਾਣੀ ਰਾਹ ਦਿਖਾਉਂਦੀ ਹੈ, ਉਨ੍ਹਾਂ ਦੇ ਕਾਰਜ ਪ੍ਰੇਰਣਾ ਦਿੰਦੇ ਹਨ ਅਤੇ ਉਨ੍ਹਾਂ ਦੇ ਆਦਰਸ਼ ਆਉਣ ਵਾਲੀਆਂ ਪੀੜ੍ਹੀਆਂ ਦਾ ਚਰਿੱਤਰ ਘੜਦੇ ਹਨ। ਉਨ੍ਹਾਂ ਨੇ ਕਿਹਾ ਕਿ ਬ੍ਰਹਮਲੀਨ ਸੁਆਮੀ ਦੇਵੇਂਦਰ ਸਰੂਪ ਬ੍ਰਹਮਚਾਰੀ ਜੀ ਅਜਿਹੇ ਹੀ ਦਿਵ ਅਤੇ ਵਿਰਾਟ ਵਿਅਕਤਿਤਵ ਸਨ। ਉਨ੍ਹਾਂ ਦਾ ਜੀਵਨ ਆਪਣੇ ਲਈ ਨਹੀਂ, ਸਮਾਜ ਲਈ ਸੀ। ਉਨ੍ਹਾਂ ਦਾ ਗਿਆਨ ਪ੍ਰਦਰਸ਼ਨ ਲਈ ਨਹੀਂ, ਜਨਭਲਾਈ ਲਈ ਸੀ ਅਤੇ ਉਨ੍ਹਾਂ ਦੀ ਸਾਧਨਾ ਸੰਸਾਰ ਤੋਂ ਮੁੱਖ ਮੋੜਨ ਲਈ ਨਹੀਂ, ਸੰਸਾਰ ਦੇ ਦੁੱਖ ਦੂਰ ਕਰਨ ਲਈ ਸੀ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬ੍ਰਹਮਲੀਨ ਸੁਆਮੀ ਦੇਵੇਂਦਰ ਸਰੂਪ ਬ੍ਰਹਮਚਾਰੀ ਨੇ ਸਾਡੇ ਧਰਮ ਗ੍ਰੰਥਾਂ ਦਾ ਡੂੰਘਾ ਅਧਿਐਨ ਕੀਤਾ। ਉਨ੍ਹਾਂ ਦੀ ਮਹਾਨਤਾ ਇਹ ਸੀ ਕਿ ਉਨ੍ਹਾਂ ਨੇ ਉਸ ਗਿਆਨ ਨੂੰ ਜੀਵਨ ਵਿੱਚ ਉਤਾਰਿਆ। ਉਨ੍ਹਾਂ ਨੇ ਵੇਦਾਂ ਦੇ ਗਿਆਨ ਨੂੰ ਸਕੂਲਾਂ ਤੱਕ, ਗੀਤਾ ਦੇ ਕਰਮਯੋਗ ਨੂੰ ਜਨਸੇਵਾ ਤੱਕ ਅਤੇ ਭਾਰਤੀ ਸੰਸਕ੍ਰਿਤੀ ਦੇ ਸੰਸਕਾਰਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਇਆ। ਉਨ੍ਹਾਂ ਨੇ ਕਿਹਾ ਕਿ ਸਾਡੇ ਸ਼ਾਸਤਰਾਂ ਵਿੱਚ ਕਿਹਾ ਗਿਆ ਹੈ 'ਸਾ ਵਿਦਿਆ ਯਾ ਵਿਮੁਕਤਏ', ਭਾਵ ਸੱਚੀ ਵਿਦਿਆ ਉਹ ਹੈ, ਜੋ ਮਨੁੱਖ ਨੂੰ ਅਗਿਆਨ, ਡਰ, ਸੰਕੀਰਣਤਾ ਅਤੇ ਬੰਧਨਾਂ ਤੋਂ ਮੁਕਤ ਕਰੇ। ਸੁਆਮੀ ਇਸ ਵਿਚਾਰ ਦੇ ਜੀਵੰਤ ਪ੍ਰਤੀਕ ਸਨ। ਉਹ ਮੰਨਦੇ ਸਨ ਕਿ ਸਿੱਖਿਆ ਸਿਰਫ਼ ਅੱਖਰ-ਗਿਆਨ ਜਾਂ ਡਿਗਰੀ ਪ੍ਰਾਪਤ ਕਰਨ ਦਾ ਸਾਧਨ ਨਹੀਂ ਹੈ। ਸਿੱਖਿਆ ਉਹ ਸ਼ਕਤੀ ਹੈ, ਜੋ ਮਨੁੱਖ ਦੇ ਅੰਦਰ ਆਤਮਵਿਸ਼ਵਾਸ ਪੈਦਾ ਕਰਕੇ ਉਸ ਦੇ ਚਰਿੱਤਰ ਦਾ ਨਿਰਮਾਣ ਕਰਦੀ ਹੈ। ਜ਼ਿਮੇਵਾਰੀ ਦਾ ਬੋਧ ਕਰਾਉਂਦੀ ਹੈ ਅਤੇ ਰਾਸ਼ਟਰ ਪ੍ਰਤੀ ਸਮਰਪਣ ਪੈਦਾ ਕਰਦੀ ਹੈ। ਉਨ੍ਹਾਂ ਲਈ ਸਕੂਲ ਪੜ੍ਹਾਈ ਦੇ ਨਾਲ-ਨਾਲ ਵਿਅਕਤੀ ਨਿਰਮਾਣ ਅਤੇ ਰਾਸ਼ਟਰ ਨਿਰਮਾਣ ਦੀ ਪ੍ਰਯੋਗਸ਼ਾਲਾ ਸੀ। ਸੁਆਮੀ ਜੀ ਗੁਰੁਕੁੱਲ ਸਿੱਖਿਆ ਪੱਧਤੀ ਦੇ ਪ੍ਰਬਲ ਸਮਰਥਕ ਰਹੇ।

# ਹਰਿਆਣਾ ਨੂੰ ਜਲਦੀ ਹੀ ਇੱਕ ਪ੍ਰਮੁੱਖ ਆਰਟੀਫੀਸ਼ੀਅਲ ਇੰਟੈਲੀਜੈਂਸ ਹਬ ਵਜੋਂ ਵਿਕਸਤ ਕੀਤਾ ਜਾਵੇਗਾ: ਆਰਤੀ ਸਿੰਘ ਰਾਓ

**ਚੰਡੀਗੜ੍ਹ, 8 ਸਤੰਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਰਾਜ ਸਰਕਾਰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬੇ ਨੂੰ ਡਿਜੀਟਲ ਤੌਰ 'ਤੇ ਮਜ਼ਬੂਤ ਅਤੇ ਅਤਿਅਧੁਨਿਕ ਤਕਨੀਕ ਨਾਲ ਲੈਸ ਕਰਨ ਲਈ ਲਗਾਤਾਰ ਇਤਿਹਾਸਕ ਕਦਮ ਚੁੱਕ ਰਹੀ ਹੈ। ਹਰਿਆਣਾ ਨੂੰ ਜਲਦੀ ਹੀ ਇੱਕ ਪ੍ਰਮੁੱਖ ਆਰਟੀਫੀਸ਼ੀਅਲ ਇੰਟੈਲੀਜੈਂਸ (19) ਹਬ ਵਜੋਂ ਵਿਕਸਤ ਕੀਤਾ ਜਾਵੇਗਾ।



ਸਿਹਤ ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਈ-ਗਵਰਨੈਂਸ ਅਤੇ ਆਖਰੀ ਵਿਅਕਤੀ ਤੱਕ ਸਹੂਲਤਾਂ ਦੀ ਪਹੁੰਚ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮੌਜੂਦਾ ਸਮੇਂ ਵਿੱਚ 25,201 ਅਟਲ ਸੇਵਾ ਕੇਂਦਰ ਰਜਿਸਟਰਡ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚੋਂ 17,085 ਪੇਂਡੂ ਅਤੇ 8,116 ਸ਼??? ਖੇਤਰਾਂ ਵਿੱਚ ਸਫਲਤਾਪੂਰਵਕ ਕੰਮ ਕਰ ਰਹੇ ਹਨ। ਇਸ ਦੇ ਨਾਲ ਹੀ, ਅੰਤਯੋਦਿਆ ਸਰਲ ਪੋਰਟਲ ਦੇ ਮਾਧਿਅਮ ਨਾਲ 75 ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਦੀਆਂ 946 ਆਨਲਾਈਨ ਸੇਵਾਵਾਂ ਅਤੇ ਯੋਜਨਾਵਾਂ ਆਮ ਜਨਤਾ ਨੂੰ ਘਰ ਬੈਠੇ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਡਿਜੀਟਲ ਸਸ਼ਕਤੀਕਰਨ ਵੱਲ ਅੱਗੇ ਵਧਦੇ ਹੋਏ ਹਰਿਆਣਾ, ਕੇਂਦਰ ਸਰਕਾਰ ਦੀ ਡਿਜੀ ਲਾਕਰ ਸੇਵਾ ਨੂੰ ਅਪਣਾਉਣ ਵਿੱਚ ਦੇਸ਼ ਦਾ ਮੋਹਰੀ ਰਾਜ ਬਣ ਚੁੱਕਾ ਹੈ, ਜਿੱਥੇ ਮੌਜੂਦਾ ਸਮੇਂ ਵਿੱਚ 228 ਤਰ੍ਹਾਂ ਦੇ ਦਸਤਾਵੇਜ਼ ਅਤੇ ਸਰਟੀਫਿਕੇਟ ਡਿਜੀਟਲ ਤਸਦੀਕ ਲਈ ਆਸਾਨੀ ਨਾਲ ਉਪਲਬਧ ਹਨ।

ਆਰਤੀ ਸਿੰਘ ਰਾਓ ਨੇ ਦੱਸਿਆ ਕਿ ਆਮ ਲੋਕਾਂ ਨੂੰ ਪਾਰਦਰਸ਼ੀ ਸੇਵਾਵਾਂ ਦੇਣ ਲਈ ਲੋਕਾਯੁਕਤ ਪੋਰਟਲ ਦਾ ਸੰਚਾਲਨ ਕੀਤਾ ਜਾ ਰਿਹਾ ਹੈ ਅਤੇ ਰਾਜ ਦੇ ਸਾਰੇ ਜ਼ਿਲ੍ਹਿਆਂ ਦੀਆਂ ਸਮਰਪਿਤ ਅਧਿਕਾਰਤ ਵੈੱਬਸਾਈਟਾਂ ਤਿਆਰ ਕਰ ਲਈਆਂ ਗਈਆਂ ਹਨ। ਪੇਂਡੂ ਖੇਤਰਾਂ ਵਿੱਚ ਡਿਜੀਟਲ ਕਨੈਕਟੀਵਿਟੀ ਮਜ਼ਬੂਤ ਕਰਨ ਲਈ ਗ੍ਰਾਮ ਪੰਚਾਇਤਾਂ ਵਿੱਚ 8,468 ਵਾਈ-ਫਾਈ ਹੌਟਸਪੌਟ ਲਗਾਏ ਜਾ ਚੁੱਕੇ ਹਨ, ਜਦੋਂ ਕਿ ਪ੍ਰਸ਼ਾਸਨਿਕ ਕੰਮਕਾਜ ਵਿੱਚ ਤੇਜ਼ੀ ਲਿਆਉਣ ਲਈ ਸੂਬੇ ਦੇ 44 ਵਿਭਾਗਾਂ ਅਤੇ ਸਾਰੇ ਜ਼ਿਲ੍ਹਿਆਂ ਵਿੱਚ 'ਈ-ਆਫਿਸ' ਰਾਹੀਂ ਕੰਮ ਪੂਰਾ ਕੀਤਾ ਜਾ ਰਿਹਾ ਹੈ।

ਜਨਤਕ ਸਮੱਸਿਆਵਾਂ ਦੇ ਤੁਰੰਤ ਹੱਲ ਨੂੰ ਸਰਕਾਰ ਦੀ ਸਿਖਰਲੀ ਤਰਜੀਹ ਦੱਸਦਿਆਂ ਸਿਹਤ ਮੰਤਰੀ ਨੇ ਸਾਂਝਾ ਕੀਤਾ ਕਿ ਹਰ ਜ਼ਿਲ੍ਹਾ ਹੈਡਕੁਆਰਟਰ 'ਤੇ 'ਸੀ.ਐੱਮ. ਵਿੰਡੋ' ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦੇ ਮਾਧਿਅਮ ਨਾਲ 31 ਅਗਸਤ, 2026 ਤੱਕ 15.32 ਲੱਖ ਤੋਂ ਵੀ ਵੱਧ ਸ਼ਿਕਾਇਤਾਂ ਦਾ ਸਫਲਤਾਪੂਰਵਕ ਨਿਪਟਾਰਾ ਕੀਤਾ ਜਾ ਚੁੱਕਾ ਹੈ। ਸੋਸ਼ਲ ਮੀਡੀਆ 'ਤੇ ਪ੍ਰਾਪਤ ਸ਼ਿਕਾਇਤਾਂ ਅਤੇ ਉਨ੍ਹਾਂ ਦੇ ਨਿਵਾਰਣ 'ਤੇ ਨਿਗਰਾਨੀ ਰੱਖਣ ਲਈ ਸਰਕਾਰ ਨੇ ਇੱਕ ਨਵਾਂ ਇਨ-ਹਾਊਸ ਸਿਸਟਮ 'ਸੋਸ਼ਲ ਮੀਡੀਆ ਗ੍ਰੀਵੈਂਸ ਟਰੈਕਰ' ਵੀ ਵਿਕਸਿਤ ਕੀਤਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਉਪਰੋਕਤ ਪ੍ਰਾਪਤੀਆਂ ਤੋਂ ਇਲਾਵਾ, ਨਾਗਰਿਕ ਅਧਿਕਾਰਾਂ ਦੀ ਰੱਖਿਆ ਕਰਦਿਆਂ ਇਹ ਵਿਵਸਥਾ ਬਣਾਈ ਗਈ ਹੈ ਕਿ ਜੇਕਰ ਕਿਸੇ ਬਿਨੈਕਾਰ ਨੂੰ ਨਿਰਧਾਰਤ ਸਮੇਂ ਵਿੱਚ ਸੇਵਾ ਪ੍ਰਾਪਤ ਨਹੀਂ ਹੁੰਦੀ ਹੈ, ਤਾਂ ਉਸਦੀ ਅਰਜ਼ੀ ਆਪਣੇ ਆਪ ਅਪੀਲੇਟ ਅਥਾਰਟੀ ਕੋਲ ਚਲੀ ਜਾਂਦੀ ਹੈ।

ਉਨ੍ਹਾਂ ਦੁਹਰਾਇਆ ਕਿ ਹਰਿਆਣਾ ਸਰਕਾਰ ਇਨ੍ਹਾਂ ਸਾਰੀਆਂ ਡਿਜੀਟਲ ਪਹਿਲਕਦਮੀਆਂ ਰਾਹੀਂ ਸੂਬੇ ਵਿੱਚ ਪਾਰਦਰਸ਼ੀ, ਤੇਜ਼ ਅਤੇ ਜਵਾਬਦੇਹ ਸ਼ਾਸਨ ਪ੍ਰਣਾਲੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

# ਸੂਬੇ ਵਿੱਚ ਹੈਲਥਕੇਅਰ ਵਿੱਚ ਹੋਵੇਗਾ ਵੱਡਾ ਬਦਲਾਅ : ਡਾ. ਮਿਸ਼ਰਾ

**ਚੰਡੀਗੜ੍ਹ, 8 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹੈਲਥਕੇਅਰ ਨੂੰ ਬਿਹਤਰ ਬਣਾਉਣ ਲਈ ਇੱਕ ਵੱਡਾ ਕਦਮ ਚੁੱਕਿਆ ਗਿਆ ਹੈ। ਇਸ ਤਹਿਤ 430 ਮੈਡੀਕਲ ਆਫ਼ਸਰਾਂ ਦੀ ਭਰਤੀ ਕੀਤੀ ਗਈ ਹੈ ਅਤੇ ਸਾਰੇ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਜਾਰੀ ਕਰ ਦਿੱਤੇ ਗਏ ਹਨ।

ਵੱਡੇ ਪੱਧਰ 'ਤੇ ਕੀਤੀ ਗਈ ਇਹ ਭਰਤੀ ਹਰਿਆਣਾ ਦੇ ਪਬਲਿਕ ਹੈਲਥਕੇਅਰ ਸਿਸਟਮ ਨੂੰ ਨਵੀਂ ਊਰਜਾ ਦੇਵੇਗੀ। ਇਸ ਨਾਲ ਜ਼ਿਲ੍ਹਾ ਅਤੇ ਉਪ-ਮੰਡਲ (ਸਬ-ਡਿਵੀਜ਼ਨਲ) ਸਿਵਲ ਹਸਪਤਾਲਾਂ ਵਿੱਚ ਮਾਹਰ ਡਾਕਟਰ ਉਪਲਬਧ ਹੋਣਗੇ, ਜਦੋਂ ਕਿ ਐੱਮ.ਬੀ.ਬੀ.ਐੱਸ. ਮੈਡੀਕਲ ਆਫ਼ਸਰ ਕਮਿਊਨਿਟੀ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਵਿੱਚ ਇਲਾਜ ਦੀ ਵਿਵਸਥਾ ਨੂੰ ਮਜ਼ਬੂਤ ਕਰਨਗੇ।

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ 430 ਮੈਡੀਕਲ ਆਫ਼ਿਸਰਾਂ ਦੀ ਭਰਤੀ ਪ੍ਰਕਿਰਿਆ ਪੂਰੀ ਹੋ ਚੁੱਕੀ ਹੈ ਅਤੇ ਸੋਮਵਾਰ ਨੂੰ ਸਾਰੇ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਜਾਰੀ ਕਰ ਦਿੱਤੇ ਗਏ ਹਨ। ਇਹ ਪੱਤਰ ਅੱਜ ਤੋਂ ਉਮੀਦਵਾਰਾਂ ਨੂੰ ਭੇਜੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਨਵੇਂ ਭਰਤੀ ਹੋਏ ਡਾਕਟਰ ਕਈ ਮਹੱਤਵਪੂਰਨ ਮੈਡੀਕਲ ਖੇਤਰਾਂ ਵਿੱਚ ਮੁਹਾਰਤ ਰੱਖਦੇ ਹਨ, ਜਿਸ ਨਾਲ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਾਹਰ ਸੇਵਾਵਾਂ ਦਾ ਹੋਰ ਵਿਸਥਾਰ ਹੋਵੇਗਾ। ਇਨ੍ਹਾਂ ਨਿਯੁਕਤੀਆਂ ਵਿੱਚ ਸਰਜਰੀ ਵਿੱਚ 11, ਅਨੈਸਥੀਸੀਆ ਵਿੱਚ 18, ਆਰਥੋਪੀਡਿਕਸ ਵਿੱਚ 19, ਪੀਡੀਆਟ੍ਰਿਕਸ (ਬੱਚਿਆਂ ਦੇ ਰੋਗ) ਵਿੱਚ 19, ਸਾਈਕਿਆਟਰੀ (ਮਾਨਸਿਕ ਰੋਗ) ਵਿੱਚ 4, ਆਪਥੈਲਮੌਲੋਜੀ (ਅੱਖਾਂ ਦੇ ਰੋਗ) ਵਿੱਚ 11, ਆਬਸਟੈਟਰਿਕਸ ਅਤੇ ਗਾਇਨੇਕੌਲੋਜੀ (ਪ੍ਰਸੂਤੀ ਅਤੇ ਇਸਤਰੀ ਰੋਗ) ਵਿੱਚ 16, ਪੈਥੋਲੋਜੀ ਵਿੱਚ 18, ਫਾਰਮਾਕੌਲੋਜੀ ਵਿੱਚ 4, ਬਾਇਓਕੈਮਿਸਟਰੀ ਵਿੱਚ 1, ਰੇਡੀਏਸ਼ਨ ਔਨਕੌਲੋਜੀ ਵਿੱਚ 3, ਮੈਡੀਸਨ ਵਿੱਚ 14, ਮਾਈਕ੍ਰੋਬਾਇਓਲੋਜੀ ਵਿੱਚ 1, ਰੈਸਪੀਰੇਟਰੀ ਮੈਡੀਸਨ ਵਿੱਚ 4, ਰੇਡੀਓ ਡਾਇਗਨੋਸਿਸ ਵਿੱਚ 4, ਫੈਮਿਲੀ ਮੈਡੀਸਨ ਵਿੱਚ 2, ਫੋਰੈਂਸਿਕ ਮੈਡੀਸਨ ਵਿੱਚ 5, ਡਰਮਾਟੌਲੋਜੀ (ਚਮੜੀ ਰੋਗ) ਵਿੱਚ 3, ਕਮਿਊਨਿਟੀ ਮੈਡੀਸਨ ਵਿੱਚ 6 ਅਤੇ ਈ.ਐੱਨ.ਟੀ. (ਕੰਨ, ਨੱਕ, ਗਲਾ) ਵਿੱਚ 4 ਡਾਕਟਰ ਸ਼ਾਮਲ ਹਨ।

ਡਾ. ਮਿਸ਼ਰਾ ਨੇ ਜ਼ੋਰ ਦੇ ਕੇ ਕਿਹਾ ਕਿ ਡਾਕਟਰਾਂ ਦੀ ਪੋਸਟਿੰਗ ਇਸ ਤਰ੍ਹਾਂ ਤੈਅ ਕੀਤੀ ਗਈ ਹੈ ਕਿ ਨਵੇਂ ਮੈਡੀਕਲ ਸਟਾਫ਼ ਦਾ ਵੱਧ ਤੋਂ ਵੱਧ ਫ਼ਾਇਦਾ ਮਿਲ ਸਕੇ ਅਤੇ ਸੈਕੰਡਰੀ-ਪੱਧਰ ਦੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਾਹਰ ਸੇਵਾਵਾਂ ਨੂੰ ਮਜ਼ਬੂਤ ਕੀਤਾ ਜਾ ਸਕੇ। ਮਾਹਰ ਡਾਕਟਰਾਂ ਨੂੰ ਹੁਣ ਜ਼ਿਲ੍ਹਾ ਅਤੇ ਉਪ-ਮੰਡਲ ਸਿਵਲ ਹਸਪਤਾਲਾਂ ਵਿੱਚ ਤਾਇਨਾਤ ਕੀਤਾ ਜਾ ਰਿਹਾ ਹੈ ਜਿੱਥੇ ਉਨ੍ਹਾਂ ਦੀ ਸਭ ਤੋਂ ਵੱਧ ਲੋੜ ਹੈ। ਇਸ ਕਦਮ ਨਾਲ ਸਪੈਸ਼ਲਿਸਟ ਕੇਅਰ ਬਿਹਤਰ ਹੋਵੇਗੀ ਅਤੇ ਸਰਕਾਰੀ ਹਸਪਤਾਲਾਂ ਵਿੱਚ ਮਰੀਜ਼ਾਂ ਲਈ ਇਲਾਜ ਵਧੇਰੇ ਆਸਾਨ ਹੋ ਸਕੇਗਾ।

ਉਨ੍ਹਾਂ ਦੱਸਿਆ ਕਿ ਜ਼ਮੀਨੀ ਪੱਧਰ 'ਤੇ ਐੱਮ.ਬੀ.ਬੀ.ਐੱਸ. ਮੈਡੀਕਲ ਆਫ਼ਿਸਰ ਸੀ.ਐੱਚ.ਸੀ. ਅਤੇ ਪੀ.ਐੱਚ.ਸੀ. ਵਿੱਚ ਖਾਲੀ ਅਹੁਦਿਆਂ ਨੂੰ ਭਰ ਰਹੇ ਹਨ। ਇਸ ਨਾਲ ਡਾਕਟਰਾਂ ਦੀ ਉਪਲਬਧਤਾ ਵਧੇਗੀ ਅਤੇ ਸ਼ਹਿਰੀ ਤੇ ਪੇਂਡੂ ਦੋਵਾਂ ਭਾਈਚਾਰਿਆਂ ਨੂੰ ਬਿਹਤਰ ਹੈਲਥਕੇਅਰ ਸਹੂਲਤਾਂ ਆਸਾਨੀ ਨਾਲ ਮਿਲ ਸਕਣਗੀਆਂ। ਡਾ. ਮਿਸ਼ਰਾ ਨੇ ਦੱਸਿਆ ਕਿ ਨਵੇਂ ਨਿਯੁਕਤ ਮੈਡੀਕਲ ਆਫ਼ਿਸਰਾਂ ਤੋਂ ਉਮੀਦ ਹੈ ਕਿ ਉਹ ਨਿਯੁਕਤੀ ਪੱਤਰ ਮਿਲਣ ਦੇ 15 ਦਿਨਾਂ ਦੇ ਅੰਦਰ ਆਪਣੀਆਂ ਤੈਅ ਥਾਵਾਂ 'ਤੇ ਰਿਪੋਰਟ ਕਰਨਗੇ, ਤਾਂ ਜੋ ਉਹ ਜਲਦੀ ਹੀ ਆਪਣੀ ਨਵੀਂ ਭੂਮਿਕਾ ਸੰਭਾਲ ਸਕਣ ਅਤੇ ਹੈਲਥਕੇਅਰ ਸੇਵਾਵਾਂ ਨੂੰ ਸਮੇਂ ਸਿਰ ਮਜ਼ਬੂਤ ਕੀਤਾ ਜਾ ਸਕੇ।

# ਲਾਡੋ ਲਕਸ਼ਮੀ ਯੋਜਨਾ ਦੀਆਂ ਲਾਭਪਾਤਰੀ ਔਰਤਾਂ ਨੂੰ ਕਿਸੇ ਹੋਰ ਯੋਜਨਾ ਦੇ ਲਾਭ ਤੋਂ ਵਾਂਝਾ ਨਹੀਂ ਰੱਖਿਆ ਜਾਵੇਗਾ: ਮੁੱਖ ਮੰਤਰੀ

**ਚੰਡੀਗੜ੍ਹ, 8 ਸਤੰਬਰ**
**-ਜੀ. ਐਸ. ਤੁੰਗ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਦੀਨਦਿਆਲ ਲਾਡੋ ਲਕਸ਼ਮੀ ਯੋਜਨਾ ਸੂਬੇ ਦੀਆਂ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਸ਼ੁਰੂ ਕੀਤੀ ਹੈ ਅਤੇ ਇਸ ਯੋਜਨਾ ਦਾ ਲਾਭ ਲੈਣ ਵਾਲੀ ਜਾਂ ਇਸ ਲਈ ਰਜਿਸਟ੍ਰੇਸ਼ਨ ਕਰਵਾਉਣ ਵਾਲੀ ਕਿਸੇ ਵੀ ਮਾਂ-ਭੈਣ ਨੂੰ ਕਿਸੇ ਵੀ ਹੋਰ ਸਰਕਾਰੀ ਯੋਜਨਾ ਦੇ ਲਾਭ ਤੋਂ ਵਾਂਝਾ ਨਹੀਂ ਰੱਖਿਆ ਜਾਵੇਗਾ। ਇਸ ਯੋਜਨਾ ਦਾ ਲਾਭ ਲੈਣ ਲਈ ਪਹਿਲਾਂ ਪਰਿਵਾਰ ਦੀ ਵੱਧ ਤੋਂ ਵੱਧ ਆਮਦਨ 1 ਲੱਖ ਰੁਪਏ ਹੋਣ ਦੀ ਸ਼ਰਤ ਸੀ ਜਿਸ ਨੂੰ ਹੁਣ ਵਧਾ ਕੇ 1.80 ਲੱਖ ਰੁਪਏ ਕੀਤਾ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਔਰਤਾਂ ਨੂੰ ਇਸ ਯੋਜਨਾ ਦਾ ਲਾਭ ਮਿਲ ਸਕੇ।

ਮੁੱਖ ਮੰਤਰੀ ਨੇ ਦੱਸਿਆ ਕਿ ਕੁਝ ਵਿਰੋਧੀ ਪਾਰਟੀਆਂ ਦੇ ਨੇਤਾ ਔਰਤਾਂ ਵਿੱਚ ਇਹ ਭਰਮ ਫੈਲਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਜੇਕਰ ਔਰਤਾਂ ਨੇ ਲਾਡੋ ਲਕਸ਼ਮੀ ਯੋਜਨਾ ਲਈ ਰਜਿਸਟ੍ਰੇਸ਼ਨ ਕੀਤੀ ਤਾਂ ਉਨ੍ਹਾਂ ਦੇ ਹੋਰ ਪੈਨਸ਼ਨ ਵਰਗੇ ਲਾਭ ਬੰਦ ਹੋ ਜਾਣਗੇ, ਪਰ ਇਸ ਗੱਲ ਵਿੱਚ ਕੋਈ ਸੱਚਾਈ ਨਹੀਂ ਹੈ। ਲਾਡੋ ਲਕਸ਼ਮੀ ਯੋਜਨਾ ਲਈ ਰਜਿਸਟ੍ਰੇਸ਼ਨ ਕਰਵਾਉਣ ਜਾਂ ਇਸ ਯੋਜਨਾ ਦਾ ਲਾਭ ਲੈਣ ਵਾਲੀਆਂ ਸਾਰੀਆਂ ਮਾਵਾਂ-ਭੈਣਾਂ ਨੂੰ ਹੋਰ ਸਾਰੀਆਂ ਯੋਜਨਾਵਾਂ ਦੇ ਲਾਭ ਪਹਿਲਾਂ ਦੀ ਤਰ੍ਹਾਂ ਹੀ ਮਿਲਦੇ ਰਹਿਣਗੇ।

ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਚੋਣਾਂ ਤੋਂ ਪਹਿਲਾਂ ਉਨ੍ਹਾਂ ਵੱਲੋਂ ਲਏ ਗਏ 217 ਸੰਕਲਪਾਂ ਵਿੱਚ ਇਹ ਇੱਕ ਸੰਕਲਪ ਵੀ ਸ਼ਾਮਲ ਸੀ ਕਿ ਸਰਕਾਰ ਬਣਦਿਆਂ ਹੀ ਗ਼ਰੀਬ ਪਰਿਵਾਰਾਂ ਦੀਆਂ ਮਾਵਾਂ-ਭੈਣਾਂ ਨੂੰ ਪ੍ਰਤੀ ਮਹੀਨਾ 2100 ਰੁਪਏ ਦੀ ਆਰਥਿਕ ਮਦਦ ਸ਼ੁਰੂ ਕੀਤੀ ਜਾਵੇਗੀ। ਸਰਕਾਰ ਬਣਨ ਤੋਂ ਬਾਅਦ ਪਹਿਲੇ ਹੀ ਬਜਟ ਵਿੱਚ ਉਨ੍ਹਾਂ ਨੇ ਇਸ ਯੋਜਨਾ ਲਈ 5000 ਕਰੋੜ ਰੁਪਏ ਦੇ ਬਜਟ ਦੀ ਵਿਵਸਥਾ ਕੀਤੀ ਅਤੇ 1 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਮਾਵਾਂ-ਭੈਣਾਂ ਨੂੰ 2100 ਰੁਪਏ ਦੇਣੇ ਸ਼ੁਰੂ ਕੀਤੇ। ਇਸ ਸਮੇਂ ਪ੍ਰਦੇਸ਼ ਦੀਆਂ ਲਗਭਗ 10 ਲੱਖ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਇਸ ਯੋਜਨਾ ਤਹਿਤ 2000 ਕਰੋੜ ਰੁਪਏ ਤੋਂ ਵੱਧ ਦੀ ਰਕਮ ਭਿਜਵਾਈ ਜਾ ਚੁੱਕੀ ਹੈ। ਇੰਨਾ ਹੀ ਨਹੀਂ, ਸਰਕਾਰ ਨੇ ਆਪਣੇ ਦੂਜੇ ਬਜਟ ਵਿੱਚ ਇਸ ਯੋਜਨਾ ਤਹਿਤ 6500 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਹੈ।



ਮੁੱਖ ਮੰਤਰੀ ਨੇ ਦੱਸਿਆ ਕਿ ਹੁਣ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਇਸ ਯੋਜਨਾ ਵਿੱਚ 1.80 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਮਾਵਾਂ-ਭੈਣਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਇਸ ਲਈ ਜਲਦੀ ਹੀ ਰਜਿਸਟ੍ਰੇਸ਼ਨ ਪੋਰਟਲ ਖੋਲ੍ਹਿਆ ਜਾਵੇਗਾ। ਉਨ੍ਹਾਂ ਯੋਗ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਦੀਨਦਿਆਲ ਲਾਡੋ ਲਕਸ਼ਮੀ ਯੋਜਨਾ ਦਾ ਪੋਰਟਲ ਖੁੱਲ੍ਹਣ ਤੋਂ ਬਾਅਦ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਪ੍ਰਤੀ ਮਹੀਨਾ 2100 ਰੁਪਏ ਦੀ ਆਰਥਿਕ ਸਹਾਇਤਾ ਪ੍ਰਾਪਤ ਕਰਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਇਸ ਯੋਜਨਾ ਦਾ ਉਦੇਸ਼ ਔਰਤਾਂ ਨੂੰ ਆਰਥਿਕ ਸਹਾਰਾ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਆਤਮਨਿਰਭਰ ਬਣਾਉਣਾ ਅਤੇ ਪਰਿਵਾਰ ਦੀ ਆਰਥਿਕ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਮਜ਼ਬੂਤ ਕਰਨਾ ਹੈ। ਆਮਦਨ ਸੀਮਾ ਵਿੱਚ ਵਾਧੇ ਨਾਲ ਵੱਡੀ ਗਿਣਤੀ ਵਿੱਚ ਵਾਧੂ ਔਰਤਾਂ ਦੇ ਇਸ ਯੋਜਨਾ ਨਾਲ ਜੁੜਨ ਦਾ ਰਾਹ ਪੱਧਰਾ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਦੀਨਦਿਆਲ ਲਾਡੋ ਲਕਸ਼ਮੀ ਯੋਜਨਾ ਸਿਰਫ਼ ਆਰਥਿਕ ਸਹਾਇਤਾ ਦੇਣ ਵਾਲੀ ਯੋਜਨਾ ਨਹੀਂ ਹੈ, ਸਗੋਂ ਇਹ ਸੂਬੇ ਦੀਆਂ ਔਰਤਾਂ ਦੇ ਆਤਮਵਿਸ਼ਵਾਸ ਅਤੇ ਆਤਮਨਿਰਭਰਤਾ ਨੂੰ ਮਜ਼ਬੂਤ ਕਰਨ ਦਾ ਮਾਧਿਅਮ ਵੀ ਹੈ। ਸਰਕਾਰ ਦੀ ਕੋਸ਼ਿਸ਼ ਹੈ ਕਿ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀਆਂ ਔਰਤਾਂ ਨੂੰ ਸਹਾਇਤਾ ਦਾ ਲਾਭ ਸਿੱਧੇ ਤੌਰ 'ਤੇ ਮਿਲੇ। ਕਿਸੇ ਵੀ ਪਰਿਵਾਰ ਦੀ ਆਰਥਿਕ ਮਜ਼ਬੂਤੀ ਵਿੱਚ ਔਰਤ ਦੀ ਭੂਮਿਕਾ ਮਹੱਤਵਪੂਰਨ ਹੁੰਦੀ ਹੈ। ਜਦੋਂ ਔਰਤ ਕੋਲ ਆਪਣੇ ਪੱਧਰ 'ਤੇ ਆਰਥਿਕ ਸਾਧਨ ਉਪਲਬਧ ਹੁੰਦੇ ਹਨ ਤਾਂ ਉਸ ਦਾ ਆਤਮਵਿਸ਼ਵਾਸ ਵਧਦਾ ਹੈ ਅਤੇ ਪਰਿਵਾਰ ਦੇ ਸਮਾਜਿਕ ਅਤੇ ਆਰਥਿਕ ਵਿਕਾਸ 'ਤੇ ਵੀ ਸਕਾਰਾਤਮਕ ਪ੍ਰਭਾਵ ਪੈਂਦਾ ਹੈ। ਦੀਨਦਿਆਲ ਲਾਡੋ ਲਕਸ਼ਮੀ ਯੋਜਨਾ ਇਸੇ ਸੋਚ ਨੂੰ ਅੱਗੇ ਵਧਾਉਂਦੀ ਹੈ। ਸਰਕਾਰ ਦਾ ਸੁਨੇਹਾ ਸਾਫ਼ ਹੈ – ਔਰਤ ਸਸ਼ਕਤ ਹੋਵੇਗੀ ਤਾਂ ਪਰਿਵਾਰ ਮਜ਼ਬੂਤ ਹੋਵੇਗਾ ਅਤੇ ਪਰਿਵਾਰ ਮਜ਼ਬੂਤ ਹੋਵੇਗਾ ਤਾਂ ਹਰਿਆਣਾ ਹੋਰ ਮਜ਼ਬੂਤ ਬਣੇਗਾ।

# ਯੁਵਾ ਸ਼ਕਤੀ ਹਰਿਆਣਾ ਦੇ ਵਿਕਾਸ ਅਤੇ ਵਿਕਸਿਤ ਭਾਰਤ ਦੀ ਸਭ ਤੋਂ ਵੱਡੀ ਤਾਕਤ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 8 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੀ ਯੁਵਾ ਸ਼ਕਤੀ ਪ੍ਰਦੇਸ਼ ਦੇ ਵਿਕਾਸ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਸਾਲ 2047 ਤੱਕ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਦੀ ਸਭ ਤੋਂ ਵੱਡੀ ਤਾਕਤ ਹੈ। ਨੌਜਵਾਨਾਂ ਦੀ ਊਰਜਾ, ਪ੍ਰਤਿਭਾ ਅਤੇ ਸਮਰੱਥਾ ਨੂੰ ਸਹੀ ਦਿਸ਼ਾ ਦੇਣਾ ਸਰਕਾਰ ਦੀ ਤਰਜੀਹ ਹੈ। ਭਾਜਪਾ ਯੁਵਾ ਮੋਰਚਾ ਸਿਰਫ਼ ਸਿਆਸੀ ਸੰਗਠਨ ਨਹੀਂ, ਸਗੋਂ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ, ਸਮਾਜਿਕ ਸੇਵਾ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨ ਦਾ ਮਹੱਤਵਪੂਰਨ ਮਾਧਿਅਮ ਹੈ।

ਮੁੱਖ ਮੰਤਰੀ ਸੋਮਵਾਰ ਨੂੰ ਪੰਚਕੂਲਾ ਸਥਿਤ ਪੰਚਕਮਲ ਪ੍ਰਦੇਸ਼ ਭਾਜਪਾ ਦਫ਼ਤਰ ਵਿਖੇ ਭਾਜਪਾ ਯੁਵਾ ਮੋਰਚਾ ਦੇ ਨਵ-ਨਿਯੁਕਤ ਪ੍ਰਦੇਸ਼ ਪ੍ਰਧਾਨ ਸ੍ਰੀ ਅਕਸ਼ਿਤ ਦਹੀਆ ਦੇ ਅਹੁਦਾ ਸੰਭਾਲਣ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਸ੍ਰੀ ਅਕਸ਼ਿਤ ਦਹੀਆ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਨ੍ਹਾਂ ਦੀ ਅਗਵਾਈ ਹੇਠ ਯੁਵਾ ਮੋਰਚਾ ਪ੍ਰਦੇਸ਼ ਦੇ ਨੌਜਵਾਨਾਂ ਵਿੱਚ ਸੰਗਠਨ ਦੀ ਪਹੁੰਚ ਨੂੰ ਹੋਰ ਮਜ਼ਬੂਤ ਕਰੇਗਾ।

**ਨੌਜਵਾਨ ਸਿਰਫ਼ ਭਵਿੱਖ ਨਹੀਂ, ਵਰਤਮਾਨ ਦੇ ਨਿਰਮਾਤਾ**



ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਦਾ ਨੌਜਵਾਨ ਸਿਰਫ਼ ਭਵਿੱਖ ਦੀ ਉਮੀਦ ਨਹੀਂ, ਸਗੋਂ ਵਰਤਮਾਨ ਦੇ ਨਿਰਮਾਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਦੇ ਨੌਜਵਾਨਾਂ ਨੂੰ ਸਟਾਰਟਅੱਪ, ਹੁਨਰ ਵਿਕਾਸ, ਨਵੀਂ ਤਕਨੀਕ, ਉੱਦਮਤਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਮਿਲ ਰਹੇ ਹਨ। ਹਰਿਆਣਾ ਦੇ ਨੌਜਵਾਨ ਖੇਡਾਂ, ਸਿੱਖਿਆ, ਤਕਨੀਕ, ਉਦਯੋਗ, ਸਟਾਰਟਅੱਪ ਅਤੇ ਰੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਲਗਾਤਾਰ ਯਤਨ ਹੈ ਕਿ ਨੌਜਵਾਨਾਂ ਨੂੰ ਰੁਜ਼ਗਾਰ, ਹੁਨਰ ਵਿਕਾਸ, ਮਿਆਰੀ ਸਿੱਖਿਆ, ਖੇਡ ਸਹੂਲਤਾਂ ਅਤੇ ਸਵੈ-ਰੁਜ਼ਗਾਰ ਲਈ ਬਿਹਤਰ ਵਾਤਾਵਰਣ ਮੁਹੱਈਆ ਕਰਵਾਇਆ ਜਾਵੇ। ਨੌਜਵਾਨਾਂ ਦੀ ਪ੍ਰਤਿਭਾ ਨੂੰ ਮੌਕਾ ਦੇਣਾ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣਾ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇ ਨੌਜਵਾਨਾਂ ਵਿੱਚ ਪ੍ਰਦੇਸ਼ ਨੂੰ ਵਿਕਾਸ ਦੇ ਨਵੇਂ ਸਿਖਰ 'ਤੇ ਲੈ ਜਾਣ ਦੀ ਅਪਾਰ ਸਮਰੱਥਾ ਹੈ। ਯੁਵਾ ਸ਼ਕਤੀ ਨੂੰ ਸੰਗਠਨ ਦੀ ਤਾਕਤ ਅਤੇ ਰਾਸ਼ਟਰ ਨਿਰਮਾਣ ਦੀ ਤਾਕਤ ਬਣਾ ਕੇ ਹੀ ਵਿਕਸਿਤ ਹਰਿਆਣਾ ਅਤੇ ਵਿਕਸਿਤ ਭਾਰਤ ਦੇ ਟੀਚੇ ਨੂੰ ਸਾਕਾਰ ਕੀਤਾ ਜਾ ਸਕਦਾ ਹੈ।

**ਹਰ ਬੂਥ 'ਤੇ ਨੌਜਵਾਨਾਂ ਨਾਲ ਗੱਲਬਾਤ ਦਾ ਸੱਦਾ**

ਮੁੱਖ ਮੰਤਰੀ ਨੇ ਯੁਵਾ ਮੋਰਚਾ ਦੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਹਰ ਬੂਥ ਤੱਕ ਪਹੁੰਚ ਕੇ ਨੌਜਵਾਨਾਂ ਨਾਲ ਸੰਵਾਦ ਕਰਨ ਅਤੇ ਉਨ੍ਹਾਂ ਨੂੰ ਰਾਸ਼ਟਰ ਨਿਰਮਾਣ ਦੀ ਸਕਾਰਾਤਮਕ ਸੋਚ ਨਾਲ ਜੋੜਨ। ਉਨ੍ਹਾਂ ਕਿਹਾ ਕਿ ਯੁਵਾ ਮੋਰਚਾ ਨੂੰ ਅਜਿਹੇ ਨੌਜਵਾਨਾਂ ਤੱਕ ਵੀ ਪਹੁੰਚਣਾ ਚਾਹੀਦਾ ਹੈ, ਜੋ ਅਜੇ ਰਾਜਨੀਤੀ ਤੋਂ ਦੂਰ ਹਨ। ਲੋਕਤੰਤਰ ਵਿੱਚ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਦੇਸ਼ ਅਤੇ ਸਮਾਜ ਨੂੰ ਨਵੀਂ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਉਨ੍ਹਾਂ ਕਿਹਾ ਕਿ ਯੁਵਾ ਵਰਕਰ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਣ ਅਤੇ ਲੋੜਵੰਦ ਪਰਿਵਾਰਾਂ ਨੂੰ ਸਰਕਾਰ ਦੀਆਂ ਜਨ-ਕਲਿਆਣਕਾਰੀ ਯੋਜਨਾਵਾਂ ਦਾ ਲਾਭ ਦਿਵਾਉਣ ਵਿੱਚ ਸਹਿਯੋਗ ਕਰਨ। ਨਸ਼ੇ ਦੇ ਖ਼ਿਲਾਫ਼ ਜਾਗਰੂਕਤਾ, ਵਾਤਾਵਰਣ ਸੁਰੱਖਿਆ, ਖੇਡਾਂ ਨੂੰ ਉਤਸ਼ਾਹਿਤ ਕਰਨਾ, ਡਿਜੀਟਲ ਮਾਧਿਅਮਾਂ 'ਤੇ ਸਕਾਰਾਤਮਕ ਸੰਵਾਦ ਅਤੇ ਸਮਾਜਿਕ ਸੇਵਾ ਵਰਗੇ ਵਿਸ਼ਿਆਂ ਨੂੰ ਯੁਵਾ ਮੋਰਚਾ ਆਪਣੇ ਅਭਿਆਨਾਂ ਦਾ ਹਿੱਸਾ ਬਣਾਏ।

**ਸੇਵਾ ਅਤੇ ਸੰਗਠਨ ਭਾਜਪਾ ਦੀ ਪਛਾਣ**

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦਾ ਵਰਕਰ ਸਿਰਫ਼ ਚੋਣਾਂ ਦੇ ਸਮੇਂ ਹੀ ਨਹੀਂ, ਸਗੋਂ ਹਰ ਹਾਲਾਤ ਵਿੱਚ ਸਮਾਜ ਦੇ ਨਾਲ ਖੜ੍ਹਾ ਰਹਿੰਦਾ ਹੈ। ਸੇਵਾ ਅਤੇ ਸੰਗਠਨ ਭਾਜਪਾ ਦੀ ਕਾਰਜ ਸੱਭਿਆਚਾਰ ਦੀ ਪਛਾਣ ਹਨ। ਯੁਵਾ ਮੋਰਚਾ ਦੇ ਵਰਕਰਾਂ ਨੂੰ ਆਪਣੀ ਪਛਾਣ ਸਿਰਫ਼ ਰਾਜਨੀਤਿਕ ਗਤੀਵਿਧੀਆਂ ਤੋਂ ਨਹੀਂ, ਸਗੋਂ ਸੇਵਾ ਅਤੇ ਸਮਾਜਿਕ ਸਰੋਕਾਰਾਂ ਦੇ ਮਾਧਿਅਮ ਨਾਲ ਵੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਨਵ-ਨਿਯੁਕਤ ਪ੍ਰਦੇਸ਼ ਪ੍ਰਧਾਨ ਸ੍ਰੀ ਅਕਸ਼ਿਤ ਦਹੀਆ ਨੂੰ ਕਿਹਾ ਕਿ ਉਹ ਸੀਨੀਅਰ ਵਰਕਰਾਂ ਦੇ ਤਜ਼ਰਬੇ ਅਤੇ ਮਾਰਗਦਰਸ਼ਨ ਦਾ ਲਾਭ ਲੈਂਦਿਆਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨ ਅਤੇ ਹਰ ਵਰਕਰ ਨੂੰ ਨਾਲ ਲੈ ਕੇ ਅੱਗੇ ਵਧਣ। ਉਨ੍ਹਾਂ ਕਿਹਾ ਕਿ ਸੰਗਠਨ ਅਤੇ ਸਰਕਾਰ ਨੌਜਵਾਨਾਂ ਦੇ ਸਸ਼ਕਤੀਕਰਨ ਨਾਲ ਜੁੜੇ ਹਰ ਸਕਾਰਾਤਮਕ ਯਤਨ ਵਿੱਚ ਪੂਰੀ ਮਜ਼ਬੂਤੀ ਨਾਲ ਸਹਿਯੋਗ ਕਰਨਗੇ।

ਉਨ੍ਹਾਂ ਕਿਹਾ ਕਿ ਭਾਜਪਾ ਵਿੱਚ ਕੋਈ ਵੀ ਅਹੁਦਾ ਸਿਰਫ਼ ਸਨਮਾਨ ਨਹੀਂ, ਸਗੋਂ ਜ਼ਿੰਮੇਵਾਰੀ ਦਾ ਪ੍ਰਤੀਕ ਹੈ। ਪਾਰਟੀ ਦੀ ਕਾਰਜਸੱਭਿਆਚਾਰ ਵਿੱਚ ਅਹੁਦੇ ਦਾ ਅਰਥ ਹੈ– ਵੱਧ ਸੇਵਾ, ਵੱਧ ਮਿਹਨਤ ਅਤੇ ਵੱਧ ਜ਼ਿੰਮੇਵਾਰੀ। ਉਨ੍ਹਾਂ ਕਿਹਾ ਕਿ ਭਾਜਪਾ ਦੀ ਇਹੀ ਵਿਸ਼ੇਸ਼ਤਾ ਹੈ ਕਿ ਸਾਧਾਰਨ ਪਰਿਵਾਰ ਤੋਂ ਆਉਣ ਵਾਲਾ ਮਿਹਨਤੀ ਵਰਕਰ ਵੀ ਆਪਣੀ ਸਮਰੱਥਾ, ਮਿਹਨਤ ਅਤੇ ਸਮਰਪਣ ਦੇ ਬਲ 'ਤੇ ਸੰਗਠਨ ਵਿੱਚ ਮਹੱਤਵਪੂਰਨ ਜ਼ਿੰਮੇਵਾਰੀ ਤੱਕ ਪਹੁੰਚ ਸਕਦਾ ਹੈ।

ਇਸ ਮੌਕੇ ਭਾਜਪਾ ਪ੍ਰਦੇਸ਼ ਪ੍ਰਧਾਨ ਡਾ. ਅਰਚਨਾ ਗੁਪਤਾ, ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ, ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਸਮੇਤ ਸੀਨੀਅਰ ਅਧਿਕਾਰੀ, ਯੁਵਾ ਮੋਰਚਾ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।




